@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Monday, 23 March 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸੋਮਵਾਰ 23 ਮਾਰਚ 2026, 7 ਚੇਤ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 137, qpatrika@gmail.com ਫੋਨ : 9971359517 www.qaumipatrika.org

# ਪੰਜਾਬ ਭਰ ਤੋਂ ਬਿਜਲੀ ਦੇ ਖੰਭੇ ਹਟਾਏ ਜਾਣਗੇ ਅਤੇ ਸਾਰੀਆਂ ਤਾਰਾਂ ਨੂੰ ਜ਼ਮੀਨਦੋਜ਼ ਕੀਤਾ ਜਾਵੇਗਾ, ਛੇਤੀ ਸ਼ੁਰੂ ਹੋਵੇਗਾ ਪਾਇਲਟ ਪ੍ਰਾਜੈਕਟ: ਮੁੱਖ ਮੰਤਰੀ ਮਾਨ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਫਾਜ਼ਿਲਕਾ, 22 ਮਾਰਚ: ਪੰਜਾਬ ਭਰ ਵਿੱਚ ਵਿਸ਼ਵ ਪੱਧਰੀ ਸੜਕਾਂ ਦਾ ਵਿਸ਼ਾਲ ਨੈੱਟਵਰਕ ਕਾਇਮ ਕਰਦੇ ਹੋਏ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਤੇਜ਼ੀ ਲਿਆਂਦੀ ਹੈ, ਜਿਸ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਫਾਜ਼ਿਲਕਾ ਜ਼ਿਲ੍ਹੇ ਦੇ ਜਲਾਲਾਬਾਦ ਵਿੱਚ 300 ਕਿਲੋਮੀਟਰ ਨਵੀਆਂ ਸੜਕਾਂ ਦਾ ਨੀਂਹ ਪੱਥਰ ਰੱਖਿਆ ਅਤੇ 350 ਕਿਲੋਮੀਟਰ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਭ੍ਰਿਸ਼ਟਾਚਾਰੀ ਦੀ ਆੜ ਵਿੱਚ ਬਣਦੀਆਂ ਘਟੀਆ-ਮਿਆਰ ਵਾਲੀਆਂ ਸੜਕਾਂ ਦੇ ਨਿਰਮਾਣ ਦਾ ਯੁੱਗ ਹੁਣ ਖਤਮ ਹੋ ਚੁੱਕਾ ਹੈ। ਅੱਜ ਦੇ ਸੜਕੀ ਪ੍ਰਾਜੈਕਟ ਨੂੰ ਪੰਜਾਬ ਭਰ ਵਿੱਚ ਬਣਾਏ ਜਾ ਰਹੇ 43,000 ਕਿਲੋਮੀਟਰ ਦੇ ਵਿਸ਼ਾਲ ਸੜਕੀ ਨੈੱਟਵਰਕ ਦਾ ਹਿੱਸਾ ਦੱਸਿਦਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸਖ਼ਤ ਜਵਾਬਦੇਹੀ ਨਾਲ ਸੜਕਾਂ ਚੰਗੀਆਂ ਬਣਨਗੀਆਂ, ਜ਼ਮੀਨਦੋਜ਼ ਤਾਰਾਂ ਰਾਹੀਂ ਬਿਜਲੀ ਦੇ ਖੰਭੇ ਹਟਾਉਣ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਵੋਟਰ ਮੁੜ ਫਤਵਾ ਦੇ ਕੇ ਸਰਕਾਰ ਨੂੰ ਵਾਪਸ ਲਿਆਉਣਗੇ। ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੇ ਚਾਰ ਸਾਲਾਂ ਵਿੱਚ ਸੂਬਾ ਸਰਕਾਰ ਨੇ ਰਵਾਇਤੀ ਪਾਰਟੀਆਂ ਦੇ 70 ਸਾਲਾਂ ਦੇ ਕਾਰਜਕਾਲ ਨਾਲੋਂ ਵੱਧ ਕੰਮ ਕੀਤਾ ਹੈ। ਸੂਬਾ ਸਰਕਾਰ ਤੇਜ਼ ਗਤੀ ਨਾਲ ਅੱਗੇ ਵਧ ਰਹੀ ਹੈ ਅਤੇ ਸਾਲ 2027 ਵਿੱਚ ਸੂਬਾ ਇਸ ਵਿਕਾਸ ਨੂੰ ਅਗਲੇ ਪੱਧਰ 'ਤੇ ਲੈ ਜਾਵੇਗਾ। ਇਹ ਵਿਕਾਸ ਆਮ ਆਦਮੀ ਦੀ ਭਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਕਈ ਲੋਕ-ਪੱਖੀ ਨੀਤੀਆਂ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਅੱਗੇ ਕਿਹਾ, "ਇਹ ਕੰਧ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਆਮ ਲੋਕਾਂ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਸਾਲ 2027 ਵਿੱਚ ਦੁਬਾਰਾ ਸਰਕਾਰ ਬਣਾਏਗੀ।




ਸੂਬਾ ਸਰਕਾਰ ਦੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਨੀਤੀਆਂ ਕਾਰਨ ਅਸੀਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ 100 ਤੋਂ ਵੱਧ ਸੀਟਾਂ ਜਿੱਤਾਂਗੇ। ਲੋਕਾਂ ਦੁਆਰਾ ਦਿਖਾਇਆ ਗਿਆ ਭਾਰੀ ਸਮਰਥਨ ਇਸ ਤੱਥ ਦਾ ਪ੍ਰਮਾਣ ਹੈ ਕਿ ਲੋਕ ਰਵਾਇਤੀ ਪਾਰਟੀਆਂ ਨੂੰ ਮੁੜ ਸਬਕ ਸਿਖਾਉਣ ਦੀ ਉਡੀਕ ਕਰ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ ਜਦੋਂ ਕਿ ਵਿਰੋਧੀ ਧਿਰ ਸੱਤਾ ਵਿੱਚ ਹੁੰਦੀ ਹੋਈ ਕਾਰੋਬਾਰ ਵਿੱਚੋਂ ਹਿੱਸਾ ਮੰਗਦੀ ਰਹੀ ਹੈ।"ਉਨ੍ਹਾਂ ਅੱਗੇ ਕਿਹਾ, "ਇਹ ਆਗੂ ਨਸ਼ਿਆਂ ਅਤੇ ਅਪਰਾਧੀਆਂ ਦੀ ਸਰਪ੍ਰਸਤੀ ਕਰਕੇ ਸੂਬੇ ਨੂੰ ਬਰਬਾਦ




ਕਰਨਾ ਚਾਹੁੰਦੇ ਹਨ ਜਿਸ ਕਾਰਨ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਤੋਂ ਬੇਦਖਲ ਕੀਤਾ ਸੀ। ਹੁਣ ਇਹ ਸਾਰੀਆਂ ਪੰਜਾਬ ਵਿਰੋਧੀ ਤਾਕਤਾਂ ਪੰਜਾਬ ਨੂੰ ਬਰਬਾਦ ਕਰਨ ਲਈ ਹੱਥ ਮਿਲਾ ਚੁੱਕੀਆਂ ਹਨ ਅਤੇ ਸਮਾਂ ਆ ਗਿਆ ਹੈ ਜਦੋਂ ਪੰਜਾਬੀਆਂ ਨੂੰ ਵੀ ਹੱਥ ਮਿਲਾ ਕੇ ਉਨ੍ਹਾਂ ਨੂੰ ਬਾਹਰ ਦਾ ਰਾਹ ਦਿਖਾਉਣਾ ਚਾਹੀਦਾ ਹੈ। ਅਕਾਲੀ ਦਲ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ, "ਅਕਾਲੀ ਦਲ ਦੇ ਇਸ ਡਰਾਮੇ ਦਾ ਅਸਲੀ ਨਾਮ 'ਪਰਿਵਾਰ ਬਚਾਓ ਯਾਤਰਾ' ਹੈ। 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਇਹ ਕਿਸ ਤੋਂ ਪੰਜਾਬ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ? ਅਕਾਲੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ, ਪੰਜਾਬੀਆਂ ਦੇ




ਹਿਰਦਿਆਂ ਨੂੰ ਵਲੂੰਧਰਿਆ ਅਤੇ ਮਾਫੀਏ ਨੂੰ ਸਰਪ੍ਰਸਤੀ ਦਿੱਤੀ ਹੈ।"ਉਨ੍ਹਾਂ ਅੱਗੇ ਕਿਹਾ, "ਲੋਕ ਅਕਾਲੀਆਂ ਅਤੇ ਬਾਦਲ ਪਰਿਵਾਰ ਦੇ ਸ਼ੱਕੀ ਕਿਰਦਾਰ ਤੋਂ ਚੰਗੀ ਤਰ੍ਹਾਂ ਜਾਣੂ ਹਨ ਜਿਸ ਕਾਰਨ ਉਨ੍ਹਾਂ ਦੀਆਂ ਨੌਟੰਕੀਆਂ ਹੁਣ ਨਹੀਂ ਚੱਲਣਗੀਆਂ। ਮੁੱਖ ਮੰਤਰੀ ਨੇ ਅੱਗੇ ਕਿਹਾ, "ਇਨ੍ਹਾਂ ਆਗੂਆਂ ਨੇ ਸੂਬੇ ਵਿੱਚ ਗੈਂਗਸਟਰਾਂ ਨੂੰ ਸਰਪ੍ਰਸਤੀ ਦਿੱਤੀ ਅਤੇ ਨਸ਼ਾ ਤਸਕਰਾਂ ਨੂੰ ਦੀ ਪੁਸ਼ਤਪਨਾਹੀ ਕਰਕੇ ਨੌਜਵਾਨਾਂ ਦੀਆਂ ਨਸਾਂ ਵਿੱਚ ਨਸ਼ਾ ਭਰਿਆ।

Contd.............page-2

## ਇਸ ਦਿਨ ਬਿਹਾਰ ਨੂੰ ਮਿਲੇਗਾ ਨਵਾਂ ਮੁੱਖ ਮੰਤਰੀ ! ਅਹੁਦਿਆਂ ਦੀ ਵੰਡ ਕਰੀਬ ਤੈਅ

ਪਟਨਾ 22 ਮਾਰਚ। ਬਿਹਾਰ ਦੀ ਰਾਜਨੀਤੀ ਇੱਕ ਵਾਰ ਫਿਰ ਇੱਕ ਵੱਡੇ ਇਤਿਹਾਸਕ ਮੋੜ ਵੱਲ ਵਧਦੀ ਨਜ਼ਰ ਆ ਰਹੀ ਹੈ। ਭਰੋਸੇਯੋਗ ਸੂਤਰਾਂ ਅਤੇ ਰਾਜਨੀਤਿਕ ਹਲਕਿਆਂ ਤੋਂ ਲੀਕ ਹੋ ਰਹੀਆਂ ਵੱਡੀਆਂ ਖ਼ਬਰਾਂ ਦੇ ਅਨੁਸਾਰ ਮੁੱਖ ਮੰਤਰੀ ਨਿਤੀਸ਼ ਕੁਮਾਰ 13 ਅਪ੍ਰੈਲ ਨੂੰ ਆਪਣੇ ਅਹੁਦੇ ਤੋਂ ਅਸਤੀਫਾ ਦੇ ਸਕਦੇ ਹਨ। ਨਿਤੀਸ਼ ਕੁਮਾਰ ਦੇ ਰਾਜ ਸਭਾ ਲਈ ਚੁਣੇ ਜਾਣ ਨਾਲ ਇਹ ਮੰਨਿਆ ਜਾ ਰਿਹਾ ਹੈ ਕਿ ਹੁਣ ਇੱਕ ਨਵਾਂ ਚਿਹਰਾ ਬਿਹਾਰ ਦੀ ਕਮਾਨ ਸੰਭਾਲੇਗਾ। ਚਰਚਾ ਹੈ ਕਿ 15 ਅਪ੍ਰੈਲ ਨੂੰ ਨਵੀਂ ਸਰਕਾਰ ਦਾ ਸਹੁੰ ਚੁੱਕ ਸਮਾਗਮ ਹੋ ਸਕਦਾ ਹੈ। ਇਸ ਨਵੇਂ ਸੱਤਾ ਸਮੀਕਰਨ ਵਿੱਚ ਸਭ ਤੋਂ ਵੱਡੀ ਬਹਿਸ ਮੁੱਖ ਮੰਤਰੀ ਦੇ ਅਹੁਦੇ ਨੂੰ ਲੈ ਕੇ ਹੈ। ਸੂਤਰਾਂ ਦਾ ਕਹਿਣਾ ਹੈ ਕਿ ਭਾਰਤੀ ਜਨਤਾ ਪਾਰਟੀ (ਭਾਜਪਾ) ਦਾ ਇਸ ਵਾਰ ਬਿਹਾਰ ਵਿੱਚ ਮੁੱਖ ਮੰਤਰੀ ਦਾ ਅਹੁਦਾ ਜਿੱਤਣਾ ਲਗਭਗ ਤੈਅ ਹੈ। ਹਾਲਾਂਕਿ ਲੀਡਰਸ਼ਿਪ ਬਾਰੇ ਸਸਪੈਂਸ ਬਣਿਆ ਹੋਇਆ ਹੈ ਪਰ ਉਪ ਮੁੱਖ ਮੰਤਰੀ ਸਮਰਾਟ ਚੌਧਰੀ ਦਾ ਨਾਮ ਦੌੜ ਵਿੱਚ ਸਭ ਤੋਂ ਅੱਗੇ ਹੈ। ਐਨਡੀਏ ਦੇ ਹਲਕੇ ਵਾਲਿਆਂ ਦਾ ਕਹਿਣਾ ਹੈ ਕਿ ਅੰਤਿਮ ਫੈਸਲਾ ਕੇਂਦਰੀ ਲੀਡਰਸ਼ਿਪ ਵੱਲੋਂ ਲਿਆ ਜਾਵੇਗਾ। ਇਹ ਵੀ ਸੰਭਾਵਨਾ ਹੈ ਕਿ ਭਾਜਪਾ ਕੋਈ 'ਹੈਰਾਨੀਜਨਕ' ਚਿਹਰਾ ਸਾਹਮਣੇ ਲਿਆ ਸਕਦੀ ਹੈ ਜੋ ਸਾਰਿਆਂ ਨੂੰ ਹੈਰਾਨ ਕਰ ਦੇਵੇਗਾ। ਨਵੀਂ ਸਰਕਾਰ ਦੇ ਗਠਨ ਵਿੱਚ ਸਭ ਤੋਂ ਹੈਰਾਨੀਜਨਕ ਖ਼ਬਰ ਜਨਤਾ ਦਲ ਯੂਨਾਈਟਿਡ (ਜੇਡੀਯੂ) ਕੋਟੇ ਤੋਂ ਦੋ ਉਪ ਮੁੱਖ ਮੰਤਰੀਆਂ ਦੀ ਨਿਯੁਕਤੀ ਨਾਲ ਸਬੰਧਤ ਹੈ। ਰਾਜਨੀਤਿਕ ਹਲਕਿਆਂ ਵਿੱਚ ਕਿਆਸ ਅਰਾਈਆਂ ਹਨ ਕਿ ਨਿਤੀਸ਼ ਕੁਮਾਰ ਦੇ ਪੁੱਤਰ ਨਿਸ਼ਾਂਤ ਕੁਮਾਰ ਨੂੰ ਬਿਹਾਰ ਦਾ ਨਵਾਂ ਉਪ ਮੁੱਖ ਮੰਤਰੀ ਨਿਯੁਕਤ ਕੀਤਾ ਜਾ ਸਕਦਾ ਹੈ। ਜੇਡੀਯੂ ਦੇ ਇੱਕ ਸੀਨੀਅਰ ਨੇਤਾ, ਜਿਵੇਂ ਕਿ ਵਿਜੇ ਚੌਧਰੀ ਨੂੰ ਦੂਜਾ ਉਪ ਮੁੱਖ ਮੰਤਰੀ ਨਿਯੁਕਤ ਕੀਤਾ ਜਾ ਸਕਦਾ ਹੈ।

## ਈਰਾਨ ਜੰਗ ਵਿਚਾਲੇ ਪ੍ਰਧਾਨ ਮੰਤਰੀ ਮੋਦੀ ਨੇ ਸੱਦ ਲਈ ਹਾਈ ਲੈਵਲ ਮੀਟਿੰਗ ! ਤੇਲ-ਗੈਸ ਬਾਰੇ ਹੋ ਸਕਦੈ ਵੱਡਾ ਐਲਾਨ

ਕੌਮੀ ਪਤ੍ਰਿਕਾ

ਨਵੀਂ ਦਿੱਲੀ 22 ਮਾਰਚ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੱਛਮੀ ਏਸ਼ੀਆ 'ਚ ਬਦਲਦੀ ਸਥਿਤੀ ਦੇ ਮੱਦੇਨਜ਼ਰ ਪੈਟਰੋਲੀਅਮ, ਊਰਜਾ ਅਤੇ ਖਾਦ ਖੇਤਰਾਂ ਦਾ ਜਾਇਜ਼ਾ ਲੈਣ ਲਈ ਐਤਵਾਰ ਸ਼ਾਮ ਸੀਨੀਅਰ ਮੰਤਰੀਆਂ ਨਾਲ ਇਕ ਬੈਠਕ ਦੀ ਪ੍ਰਧਾਨਗੀ ਕਰਨਗੇ। ਸੂਤਰਾਂ ਨੇ ਇਹ ਜਾਣਕਾਰੀ ਦਿੱਤੀ। ਸੂਤਰਾਂ ਨੇ ਦੱਸਿਆ ਕਿ ਬੈਠਕ ਦਾ ਮੁੱਖ ਮਕਸਦ ਦੇਸ਼ ਭਰ 'ਚ ਨਿਰਵਿਘਨ ਸਪਲਾਈ ਅਤੇ ਕੁਸ਼ਲ ਵੰਡ ਯਕੀਨੀ ਕਰਨਾ ਹੈ ਅਤੇ ਸਰਕਾਰ ਇਸ ਦਿਸ਼ਾ 'ਚ ਸਰਗਰਮ ਕਦਮ ਚੁੱਕ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਜ਼ੋਰ ਉਪਭੋਗਤਾ ਅਤੇ ਉਦਯੋਗ ਦੇ ਹਿੱਤਾਂ ਦੀ ਰੱਖਿਆ ਲਈ ਗਲੋਬਲ ਘਟਨਾਕ੍ਰਮ 'ਤੇ ਲਗਾਤਾਰ ਨਜ਼ਰ ਰੱਖਣ 'ਤੇ ਹੈ। ਪੀ.ਐੱਮ. ਮੋਦੀ ਨੇ 12 ਮਾਰਚ ਨੂੰ ਕਿਹਾ ਸੀ ਕਿ ਪੱਛਮੀ ਏਸ਼ੀਆ 'ਚ ਯੁੱਧ ਨੇ ਵਿਸ਼ਵਿਆਪੀ ਊਰਜਾ ਸੰਕਟ ਪੈਦਾ ਕਰ ਦਿੱਤਾ ਹੈ, ਜੋ ਰਾਸ਼ਟਰੀ ਚਰਿੱਤਰ ਦੀ ਇਕ ਗੰਭੀਰ ਪ੍ਰੀਖਿਆ ਹੈ ਅਤੇ ਇਸ ਨਾਲ ਸ਼ਾਂਤੀ, ਸਬਰ ਅਤੇ ਲੋਕਾਂ 'ਚ ਜ਼ਿਆਦਾ ਜਾਗਰੂਕਤਾ ਰਾਹੀਂ ਨਜਿੱਠਣ ਦੀ ਲੋੜ ਹੈ। ਪ੍ਰਧਾਨ ਮੰਤਰੀ ਨੇ ਕਿਹਾ ਸੀ ਕਿ ਉਨ੍ਹਾਂ ਦੀ ਸਰਕਾਰ ਅੰਤਰਰਾਸ਼ਟਰੀ ਸਪਲਾਈ ਲੜੀ



'ਚ ਪੈਦਾ ਰੁਕਾਵਟਾਂ ਨਾਲ ਨਜਿੱਠਣ ਲਈ ਲਗਾਤਾਰ ਕੰਮ ਕਰ ਰਹੀ ਹੈ। ਪੀ.ਐੱਮ. ਮੋਦੀ ਨੇ ਕਿਹਾ ਸੀ,"ਇਹ ਪਤਾ ਲਗਾਉਣ ਦੀ ਲਗਾਤਾਰ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਸਪਲਾਈ ਚੇਨ 'ਚ ਆਈਆਂ ਰੁਕਾਵਟਾਂ ਨੂੰ ਅਸੀਂ ਕਿਵੇਂ ਦੂਰ ਕਰ ਸਕਦੇ ਹਾਂ।" ਅਮਰੀਕਾ ਅਤੇ ਇਜ਼ਰਾਈਲ ਵਲੋਂ ਈਰਾਨ 'ਤੇ 28 ਫਰਵਰੀ ਨੂੰ ਹਮਲਾ ਕੀਤੇ ਜਾਣ ਤੋਂ ਬਾਅਦ ਯੁੱਧ ਦੀ ਸ਼ੁਰੂਆਤ ਹੋਈ। ਈਰਾਨ ਨੇ ਜਵਾਬੀ ਕਾਰਵਾਈ ਕਰਦੇ ਹੋਏ ਇਜ਼ਰਾਈਲ ਅਤੇ ਖਾੜੀ ਖੇਤਰ ਦੇ ਆਪਣੇ ਕਈ ਗੁਆਂਢੀ ਦੇਸ਼ਾਂ 'ਤੇ ਹਮਲਾ ਕੀਤਾ। ਈਰਾਨ ਨੇ Strait of Hormuz ਨੂੰ ਪ੍ਰਭਾਵਿਤ ਕਰ ਦਿੱਤਾ ਹੈ, ਜੋ ਇਕ ਮੁੱਖ ਸਮੁੰਦਰੀ ਮਾਰਗ ਹੈ ਅਤੇ ਇਸ ਰਾਹੀਂ ਦੁਨੀਆ ਦੀ 20 ਫੀਸਦੀ ਊਰਜਾ ਦੀ ਆਵਾਜਾਈ ਹੁੰਦੀ ਹੈ। ਜੰਗ ਸ਼ੁਰੂ ਹੋਣ ਦੇ ਬਾਅਦ ਤੋਂ ਈਰਾਨ ਨੇ ਬਹੁਤ ਘੱਟ ਬੇੜਿਆਂ ਨੂੰ ਇਸ ਤੋਂ ਲੰਘਣ ਦੀ ਮਨਜ਼ੂਰੀ ਦਿੱਤੀ ਹੈ। ਇਸ ਕਾਰਨ ਭਾਰਤ ਸਮੇਤ ਕਈ ਦੇਸ਼ਾਂ 'ਚ ਊਰਜਾ ਸਪਲਾਈ 'ਚ ਗੰਭੀਰ ਰੁਕਾਵਟ ਪੈਦਾ ਹੋ ਗਈ ਹੈ। ਟਕਰਾਅ ਹੋਣ ਦੇ ਬਾਅਦ ਤੋਂ ਪੀ.ਐੱਮ. ਮੋਦੀ ਨੇ ਸਾਊਦੀ ਅਰਬ, ਸੰਯੁਕਤ ਅਰਬ ਅਮੀਰਾਤ, ਕਤਰ, ਬਹਿਰੀਨ, ਕੁਵੈਤ, ਜਾਰਡਨ, ਫਰਾਂਸ, ਮਲੇਸ਼ੀਆ, ਇਜ਼ਰਾਈਲ ਅਤੇ ਈਰਾਨ ਦੇ ਆਗੂਆਂ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ ਹੈ।

## ਵਿਆਹ ਨਾਲ ਸਬੰਧਤ ਮਾਮਲੇ 'ਚ ਸੁਪਰੀਮ ਕੋਰਟ ਨੇ ਪਤੀ ਨੂੰ ਰੱਜ ਕੇ ਪਾਈ ਝਾੜ

ਨਵੀਂ ਦਿੱਲੀ 22 ਮਾਰਚ। ਵਿਆਹ ਨਾਲ ਸਬੰਧਤ ਵਿਵਾਦ ਦੇ ਇਕ ਮਾਮਲੇ 'ਚ ਸ਼ੁੱਕਰਵਾਰ ਨੂੰ ਸੁਪਰੀਮ ਕੋਰਟ ਨੇ ਪਤੀ ਨੂੰ ਰੱਜ ਕੇ ਝਾੜ ਪਾਈ। ਉਸ ਨੇ ਦੋ-ਟੁਕ ਕਿਹਾ ਕਿ ਤੁਸੀਂ ਕਿਸੇ ਨੌਕਰਾਣੀ ਨਾਲ ਵਿਆਹ ਨਹੀਂ ਕਰ ਰਹੇ ਹੋ, ਸਗੋਂ ਇਕ ਜੀਵਨ ਸਾਥੀ ਚੁਣ ਰਹੇ ਹੋ। ਤੁਹਾਨੂੰ ਵੀ ਘਰੇਲੂ ਕੰਮ 'ਚ ਹੱਥ ਵਟਾਉਣਾ ਹੋਵੇਗਾ। ਕੋਰਟ ਨੇ ਕਿਹਾ ਕਿ ਤੁਹਾਨੂੰ ਖਾਣਾ ਬਣਾਉਣ, ਕੱਪੜੇ ਧੋਣ ਵਰਗੇ ਕੰਮ 'ਚ ਪਤਨੀ ਨਾਲ ਹੱਥ ਵਟਾਉਣਾ ਪਵੇਗਾ। ਅੱਜ ਦਾ ਜ਼ਮਾਨਾ ਪਹਿਲਾਂ ਨਾਲੋਂ ਵੱਖਰਾ ਹੋ ਗਿਆ ਹੈ। ਦਰਅਸਲ, ਪਤੀ ਬੇਰਹਿਮੀ ਦੇ ਆਧਾਰ 'ਤੇ ਪਤਨੀ ਤੋਂ ਤਲਾਕ ਦੀ ਮੰਗ ਕਰ ਰਿਹਾ ਸੀ। ਕੋਰਟ ਨੇ ਕਿਹਾ ਕਿ ਪਤਨੀ ਜੇਕਰ ਘਰ ਦਾ ਕੰਮ ਠੀਕ ਤਰ੍ਹਾਂ ਨਹੀਂ ਕਰਦੀ ਹੈ ਤਾਂ ਇਹ ਬੇਰਹਿਮੀ ਦੀ ਕੈਟਾਗਰੀ 'ਚ ਨਹੀਂ ਆਉਂਦਾ ਹੈ। ਕੋਰਟ ਨੇ ਪਹਿਲਾਂ ਦੋਵਾਂ ਨੂੰ ਰਾਜ਼ੀਨਾਮੇ ਲਈ ਕਿਹਾ ਸੀ, ਪਰ ਦੋਵਾਂ ਵਿਚਾਲੇ ਗੱਲ ਨਹੀਂ ਬਣੀ। ਪਤੀ-ਪਤਨੀ ਦਾ ਵਿਆਹ ਸਾਲ 2017 'ਚ ਹੋਇਆ ਸੀ ਅਤੇ ਉਨ੍ਹਾਂ ਦਾ ਇਕ 8 ਸਾਲਾ ਬੇਟਾ ਵੀ ਹੈ। ਪਤੀ ਇਸ ਮਾਮਲੇ 'ਚ ਪਟੀਸ਼ਨਰ ਹੈ। ਉਸ ਨੇ ਦੋਸ਼ ਲਾਇਆ ਹੈ ਕਿ ਵਿਆਹ ਦੇ ਹਫ਼ਤੇ ਭਰ ਬਾਅਦ ਤੋਂ ਹੀ ਪਤਨੀ ਬਦਲ ਗਈ ਅਤੇ ਉਸ ਨਾਲ ਖ਼ਰਾਬ ਵਿਵਹਾਰ ਕਰਨ ਲੱਗ ਗਈ। ਉਹ ਪਤੀ ਦੇ ਮਾਤਾ-ਪਿਤਾ ਦੇ ਖ਼?ਲਾਫ ਇਤਰਾਜ਼ਯੋਗ ਭਾਸ਼ਾ ਦੀ ਵਰਤੋਂ ਕਰਦੀ ਸੀ। ਇਸ ਤੋਂ ਇਲਾਵਾ, ਜਦੋਂ ਖਾਣਾ ਬਣਾਉਣ ਲਈ ਕਿਹਾ ਜਾਂਦਾ ਸੀ ਤਾਂ ਉਸ ਤੋਂ ਵੀ ਇਨਕਾਰ ਕਰ ਦਿੰਦੀ ਸੀ।

## ਈਰਾਨ ਸੰਕਟ 'ਤੇ ਕਾਂਗਰਸ 'ਚ ਫਿਰ ਫੁੱਟ? ਥਰੂਰ ਤੇ ਤਿਵਾੜੀ ਨੇ ਸਰਕਾਰ ਦੀ ਕੀਤੀ ਹਮਾਇਤ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਨੈਸ਼ਨਲ ਡੈਸਕ 22 ਮਾਰਚ। ਵਧਦੇ ਈਰਾਨ ਸੰਕਟ 'ਤੇ ਭਾਰਤ ਦੇ ਜਵਾਬ ਨੂੰ ਲੈ ਕੇ ਭਾਰਤੀ ਰਾਸ਼ਟਰੀ ਕਾਂਗਰਸ ਅੰਦਰ ਨਵੀ ਫੁੱਟ ਉੱਭਰ ਆਈ ਹੈ। ਰਣਨੀਤਕ, ਵਿਹਾਰਕ ਤੇ ਨੈਤਿਕ ਸੋਚ 'ਚ ਇਹ ਇਕ ਜਾਣੀ-ਪਛਾਣੀ ਫੁੱਟ ਹੈ। ਸੀਨੀਅਰ ਨੇਤਾ ਸ਼ਸ਼ੀ ਥਰੂਰ ਤੇ ਮਨੀਸ਼ ਤਿਵਾੜੀ ਨੇ ਸਰਕਾਰ ਦਾ ਸੋਚੇ-ਸਮਝੇ ਤਰੀਕੇ ਨਾਲ ਸਾਥ ਦੇਣ ਲਈ ਆਪਣੀ ਲਾਈਨ ਤੋੜ ਦਿੱਤੀ ਹੈ, ਜਦੋਂ ਕਿ ਪਾਰਟੀ ਲੀਡਰਸ਼ਿਪ ਸਰਕਾਰ 'ਤੇ ਆਪਣੇ ਹਮਲਿਆਂ ਨੂੰ ਤੇਜ਼ ਕਰ ਰਹੀ ਹੈ। ਇਹ ਫੁੱਟ ਆਪ੍ਰੇਸ਼ਨ ਸਿੰਧੂਰ ਦੌਰਾਨ ਪਹਿਲਾਂ ਦੇ ਇਕ ਉਸ ਪਲ ਦੀ ਯਾਦ ਦਿਵਾਉਂਦੀ ਹੈ ਜਦੋਂ ਥਰੂਰ ਨੇ ਇਸੇ ਤਰ੍ਹਾਂ ਕੇਂਦਰ ਸਰਕਾਰ ਦੇ ਸਿਆਸੀ ਰੁਖ ਦੀ ਹਮਾਇਤ ਕੀਤੀ ਸੀ। ਥਰੂਰ ਨੇ ਭਾਰਤ ਦੇ ਜਵਾਬ ਨੂੰ 'ਜ਼ਿੰਮੇਵਾਰ ਸ਼ਾਸਨ' ਦਾ ਜਵਾਬ ਦਸਦਿਆਂ ਇਹ ਦਲੀਲ ਦਿੱਤੀ ਹੈ ਕਿ ਈਰਾਨ-ਇਜ਼ਰਾਈਲ-ਅਮਰੀਕਾ ਤਣਾਅ ਦਰਮਿਆਨ ਸੰਜਮ ਨੈਤਿਕ ਦੁਬਿਧਾ ਦੀ ਬਜਾਏ ਰਣਨੀਤਕ ਸਮਝਦਾਰੀ ਨੂੰ ਦਰਸਾਉਂਦਾ ਹੈ। ਉਨ੍ਹਾਂ ਦੇ ਵਿਚਾਰ 'ਚ ਚੁੱਪ ਮਿਲੀਭਗਤ ਨੂੰ ਨਹੀਂ ਸਗੋਂ ਨਤੀਜਿਆਂ ਨਾਲ ਸਿਧਾਂਤਾਂ ਦਾ ਸੋਚ-ਸਮਝ ਕੇ ਕੀਤਾ ਗਿਆ ਸੰਤੁਲਨ ਦਰਸਾਉਂਦੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਪੂਰੀ ਤਰ੍ਹਾਂ



ਨਿੰਦਾ ਖੇਤਰ ਦੀਆਂ ਗੁੰਝਲਾਂ ਤੇ ਭਾਰਤ ਦੇ ਠੋਸ ਦਾਅ ਦੋਵਾਂ ਨੂੰ ਨਜ਼ਰਅੰਦਾਜ਼ ਕਰਦੀ ਹੈ। ਤਿਵਾੜੀ ਇਸ ਤੋਂ ਵੀ ਅੱਗੇ ਨਿਕਲ ਗਏ। ਉਨ੍ਹਾਂ ਆਪਣੀ ਦਲੀਲ ਨੂੰ ਅਸਲ ਸਿਆਸਤ 'ਤੇ ਆਧਾਰਤ ਕੀਤਾ ਤੇ ਕਿਹਾ ਕਿ ਭਾਰਤ ਇਤਿਹਾਸਕ ਪੱਖੋਂ ਪੱਛਮੀ ਏਸ਼ੀਆਈ ਟਕਰਾਅ 'ਚ ਇਕ ਛੋਟਾ ਖਿਡਾਰੀ ਰਿਹਾ ਹੈ। ਇਕੋ ਸਮੇਂ ਹੋਣ ਵਾਲੀਆਂ ਜੰਗਾਂ ਨਾਲ ਘਿਰੇ ਇਸ ਥੀਏਟਰ 'ਚ ਕਿਸੇ ਦਾ ਪੱਖ ਲੈਣ ਨਾਲ ਉਸ ਨੂੰ ਬਹੁਤ ਘੱਟ ਫਾਇਦਾ ਹੋਵੇਗਾ। ਇਹ ਅੰਦਰੂਨੀ ਅਸਹਿਮਤੀ ਪਾਰਟੀ ਦੀ ਅਧਿਕਾਰਤ ਲਾਈਨ ਦੇ ਬਿਲਕੁਲ ਉਲਟ ਹੈ। ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਦੇ ਨਾਲ ਹੀ ਰਾਹੁਲ ਗਾਂਧੀ ਤੇ ਹੋਰਾਂ ਵੱਲੋਂ ਸਰਕਾਰ 'ਤੇ ਇਜ਼ਰਾਈਲੀ ਫੌਜੀ ਕਾਰਵਾਈ ਤੇ ਈਰਾਨ ਦੀ ਲੀਡਰਸ਼ਿਪ 'ਤੇ ਨਿਸ਼ਾਨਾ ਬਣਾ ਕੇ ਕੀਤੇ ਗਏ ਹਮਲਿਆਂ ਦੀਆਂ ਰਿਪੋਰਟਾਂ ਨੂੰ ਧਿਆਨ 'ਚ ਰਖਦਿਆਂ ਨੈਤਿਕ ਸਪੱਸ਼ਟਤਾ ਨੂੰ ਛੱਡਣ ਦਾ ਦੋਸ਼ ਲਾਇਆ ਹੈ। ਰਾਹੁਲ ਗਾਂਧੀ ਨੇ ਦਲੀਲ ਦਿੱਤੀ ਹੈ ਕਿ ਭਾਰਤ ਨੂੰ ਸਪੱਸ਼ਟ ਤੌਰ 'ਤੇ ਇਕਪਾਸੜ ਫੌਜੀ ਕਾਰਵਾਈ ਦਾ ਵਿਰੋਧ ਕਰਨਾ ਚਾਹੀਦਾ ਹੈ। ਪਾਰਟੀ ਨੇਤਾਵਾਂ ਨੇ ਚਿਤਾਵਨੀ ਦਿੱਤੀ ਹੈ ਕਿ ਲਗਾਤਾਰ ਚੁੱਪ ਰਹਿਣ ਨਾਲ ਭਾਰਤ ਦੇ ਲੰਬੇ ਸਮੇਂ ਤੋਂ ਚੱਲੇ ਆ ਰਹੇ ਵਿਦੇਸ਼ ਨੀਤੀ ਦੇ ਸਿਧਾਂਤ ਕਮਜ਼ੋਰ ਪੈ ਜਾਣਗੇ। ਨਤੀਜਾ ਇਹ ਹੈ ਕਿ ਪਾਰਟੀ ਇਕ ਵਾਰ ਫਿਰ 2 ਆਵਾਜ਼ਾਂ ਨਾਲ ਬੋਲ ਰਹੀ ਹੈ - ਇਕ ਸਿਧਾਂਤ ਦੀ ਤੇ ਦੂਜੀ ਅਭਿਆਸ ਦੀ।

## ਈਰਾਨ 'ਤੇ ਅਮਰੀਕਾ-ਇਜ਼ਰਾਈਲ ਦੇ ਹਮਲਿਆਂ 'ਤੇ ਮੋਦੀ ਸਰਕਾਰ ਦੀ ਚੁੱਪ 'ਤੇ ਵਰ੍ਹੇ ਜੈਰਾਮ ਰਮੇਸ਼

ਨਵੀਂ ਦਿੱਲੀ 22 ਮਾਰਚ। ਪੱਛਮੀ ਏਸ਼ੀਆ 'ਚ ਵਧਦੇ ਭਿਆਨਕ ਤਣਾਅ ਦੇ ਵਿਚਕਾਰ, ਕਾਂਗਰਸ ਦੇ ਸੀਨੀਅਰ ਆਗੂ ਜੈਰਾਮ ਰਮੇਸ਼ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖਾ ਸਿਆਸੀ ਹਮਲਾ ਬੋਲਿਆ ਹੈ। ਜੈਰਾਮ ਰਮੇਸ਼ ਨੇ ਦੋਸ਼ ਲਗਾਇਆ ਹੈ ਕਿ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਕੀਤੇ ਜਾ ਰਹੇ ਹਵਾਈ ਹਮਲਿਆਂ ਦੇ ਮਾਮਲੇ 'ਚ ਭਾਰਤ ਸਰਕਾਰ ਨੇ ਪੂਰੀ ਤਰ੍ਹਾਂ ਚੁੱਪ ਧਾਰੀ ਹੋਈ ਹੈ, ਜਿਸ ਨੂੰ ਉਨ੍ਹਾਂ ਨੇ ਭਾਰਤ ਦੀਆਂ ਸਭਿਅਤਾ ਦੀਆਂ ਕਦਰਾਂ-ਕੀਮਤਾਂ ਨਾਲ ਸਿਆਸੀ ਵਿਸ਼ਵਾਸਘਾਤ ਅਤੇ ਨੈਤਿਕ ਕਾਇਰਤਾ ਕਰਾਰ ਦਿੱਤਾ ਹੈ। ਸੋਸ਼ਲ ਮੀਡੀਆ ਪਲੇਟਫਾਰਮ '✓' 'ਤੇ ਇਕ ਪੋਸਟ ਰਾਹੀਂ ਰਮੇਸ਼ ਨੇ ਦੱਸਿਆ ਕਿ ਈਰਾਨ 'ਤੇ ਹਵਾਈ ਹਮਲੇ ਸ਼ੁਰੂ ਹੋਏ ਨੂੰ 21 ਦਿਨ ਬੀਤ ਚੁੱਕੇ ਹਨ ਅਤੇ ਪ੍ਰਧਾਨ ਮੰਤਰੀ ਨੂੰ ਇਜ਼ਰਾਈਲ ਦੇ ਦੌਰੇ ਤੋਂ ਵਾਪਸ ਆਏ 23 ਦਿਨ ਹੋ ਗਏ ਹਨ, ਪਰ ਸਰਕਾਰ ਨੇ ਇਸ ਗੰਭੀਰ ਮੁੱਦੇ 'ਤੇ ਕੋਈ ਸਟੈਂਡ ਨਹੀਂ ਲਿਆ। ਕੀ ਮੋਦੀ ਸਰਕਾਰ ਨੇ ਈਰਾਨ 'ਤੇ ਹੋਏ ਭਾਰੀ ਹਵਾਈ ਹਮਲਿਆਂ ਦੀ ਨਿੰਦਾ ਕੀਤੀ ਹੈ? - ਨਹੀਂ। ਕੀ ਇਰਾਨੀ ਨੇਤਾਵਾਂ ਦੇ ਕੀਤੇ ਜਾ ਰਹੇ ਕਤਲਾਂ ਦੀ ਆਲੋਚਨਾ ਕੀਤੀ ਗਈ ਹੈ? - ਨਹੀਂ। ਕੀ ਈਰਾਨ 'ਚ ਸੱਤਾ ਪਲਟਣ ਅਤੇ ਘਰੇਲੂ ਯੁੱਧ ਵਰਗੀ ਸਥਿਤੀ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਦਾ ਵਿਰੋਧ ਕੀਤਾ ਗਿਆ ਹੈ? - ਨਹੀਂ। ਕੀ ਪ੍ਰਧਾਨ ਮੰਤਰੀ ਨੇ ਅਮਰੀਕੀ ਰਾਸ਼ਟਰਪਤੀ ਅਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨਾਲ ਆਪਣੀ ਦੋਸਤੀ ਦੀ



ਵਰਤੋਂ ਕਰਦਿਆਂ ਜੰਗਬੰਦੀ ਲਈ ਕੋਈ ਕੂਟਨੀਤਕ ਪਹਿਲ ਕੀਤੀ ਹੈ? - ਨਹੀਂ। ਦੂਜੇ ਪਾਸੇ, ਖੇਤਰ 'ਚ ਸਥਿਤੀ ਬਹੁਤ ਨਾਜ਼ੁਕ ਬਣੀ ਹੋਈ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੰਕੇਤ ਦਿੱਤਾ ਹੈ ਕਿ ਵਾਸ਼ਿੰਗਟਨ ਆਪਣੇ ਫੌਜੀ ਟੀਚਿਆਂ ਨੂੰ ਪ੍ਰਾਪਤ ਕਰਨ ਦੇ ਬਹੁਤ ਕਰੀਬ ਹੈ। ਉਨ੍ਹਾਂ ਮੁਤਾਬਕ, ਇਸ ਮੁਹਿਮ ਦਾ ਮਕਸਦ ਈਰਾਨ ਦੀ ਮਿਜ਼ਾਈਲ ਸਮਰੱਥਾ ਨੂੰ ਖਤਮ ਕਰਨਾ, ਉਸ ਦੇ ਰੱਖਿਆ ਢਾਂਚੇ ਨੂੰ ਤਬਾਹ ਕਰਨਾ ਅਤੇ ਉਸ ਨੂੰ ਪ੍ਰਮਾਣੂ ਹਥਿਆਰ ਹਾਸਲ ਕਰਨ ਤੋਂ ਰੋਕਣਾ ਹੈ। ਅਮਰੀਕੀ ਕੇਂਦਰੀ ਕਮਾਂਡ ਨੇ 'ਆਪ੍ਰੇਸ਼ਨ ਐਪਿਕ ਫਿਊਰੀ' ਦੇ ਤਹਿਤ ਈਰਾਨ ਦੇ ਡਰੋਨ ਉਤਪਾਦਨ ਯੂਨਿਟਾਂ ਅਤੇ ਜਲ ਸੈਨਾ ਦੇ ਬੁਨਿਆਦੀ ਢਾਂਚੇ ਨੂੰ ਭਾਰੀ ਨੁਕਸਾਨ ਪਹੁੰਚਾਉਣ ਦਾ ਦਾਅਵਾ ਕੀਤਾ ਹੈ। ਪੈਂਟਾਗਨ ਅਨੁਸਾਰ ਹੁਣ ਤੱਕ ਹਜ਼ਾਰਾਂ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਜਾ ਚੁੱਕਾ ਹੈ।

## ਮੁੱਖ ਮੰਤਰੀ ਸੁੱਖੂ ਦੇ ਮੀਡੀਆ ਸਲਾਹਕਾਰ ਦੇ ਪੁੱਤ ਨੂੰ ਅਗਵਾ ਕਰਨ ਦੀ ਕੋਸ਼ਿਸ਼

ਸ਼ਿਮਲਾ 22 ਮਾਰਚ। ਹਿਮਾਚਲ ਪ੍ਰਦੇਸ਼ ਦੀ ਰਾਜਧਾਨੀ ਸ਼ਿਮਲਾ ਦੇ ਨੇੜੇ ਮਸ਼ੋਬਰਾ 'ਚ ਇਕ ਬੇਹੱਦ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਇੱਥੇ ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਦੇ ਪੁੱਤ ਨੂੰ ਅਗਵਾ ਕਰਨ ਦੀ ਕਥਿਤ ਕੋਸ਼ਿਸ਼ ਕੀਤੀ ਗਈ ਹੈ। ਜਾਣਕਾਰੀ ਅਨੁਸਾਰ ਇਹ



ਘਟਨਾ ਦੇਰ ਸ਼ਾਮ ਦੀ ਹੈ। ਆਰੀਅਨ ਚੌਹਾਨ, ਜੋ ਹਿਮਾਚਲ ਪ੍ਰਦੇਸ਼ ਯੂਥ ਕਾਂਗਰਸ ਦੇ ਜਨਰਲ ਸਕੱਤਰ ਵੀ ਹਨ, ਮਸ਼ੋਬਰਾ ਸਥਿਤ ਆਪਣੇ ਹੋਟਲ ਤੋਂ ਸ਼ਿਮਲਾ ਵੱਲ ਜਾ ਰਹੇ ਸਨ। ਰਸਤੇ 'ਚ ਜਦੋਂ ਉਨ੍ਹਾਂ ਨੇ ਅੱਗੇ ਜਾ ਰਹੀ ਇਕ ਆਲਟੋ ਕਾਰ ਨੂੰ ਓਵਰਟੇਕ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਕਾਰ ਸਵਾਰਾਂ ਨੇ ਉਨ੍ਹਾਂ ਨੂੰ ਰੁਕਣ ਲਈ ਕਿਹਾ। ਜਿਵੇਂ ਹੀ ਚੌਹਾਨ ਨੇ ਆਪਣੀ ਗੱਡੀ ਰੋਕੀ, ਆਲਟੋ 'ਚੋਂ ਦੋ ਨਕਾਬਪੋਸ਼ ਵਿਅਕਤੀ ਹੇਠਾਂ ਉਤਰੇ। ਇਨ੍ਹਾਂ ਹਮਲਾਵਰਾਂ ਕੋਲ ਬੰਦੂਕ ਅਤੇ ਲੋਹੇ ਦੀ ਰਾਡ ਸੀ ਅਤੇ ਉਨ੍ਹਾਂ ਨੇ ਆਰੀਅਨ ਵੱਲ ਵਧਣਾ ਸ਼ੁਰੂ ਕਰ ਦਿੱਤਾ। ਹਮਲਾਵਰਾਂ ਨੂੰ ਆਪਣੀ ਵੱਲ ਆਉਂਦਾ ਦੇਖ ਕੇ ਆਰੀਅਨ ਚੌਹਾਨ ਤੁਰੰਤ ਆਪਣੀ ਕਾਰ 'ਚੋਂ ਬਾਹਰ ਨਿਕਲੇ ਅਤੇ ਪਹਾੜੀ ਸੜਕ ਦੇ ਕਿਨਾਰੇ ਤੋਂ ਹੇਠਾਂ ਛਾਲ ਮਾਰ ਦਿੱਤੀ। ਇਸ ਦੌਰਾਨ ਉਹ ਜ਼ਖਮੀ ਵੀ ਹੋ ਗਏ, ਪਰ ਉਹ ਬਚ ਕੇ ਨਿਕਲਣ 'ਚ ਕਾਮਯਾਬ ਰਹੇ। ਚੌਹਾਨ ਨੂੰ ਭੱਜਦਾ ਦੇਖ ਕੇ ਨਕਾਬਪੋਸ਼ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ।

## ਗਊ ਰੱਖਿਅਕ 'ਫਰਸਾ ਵਾਲੇ ਬਾਬਾ' ਦੀ ਸ਼ੱਕੀ ਹਾਲਾਤ 'ਚ ਮੌਤ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਮਥੁਰਾ 22 ਮਾਰਚ। ਉੱਤਰ ਪ੍ਰਦੇਸ਼ ਦੇ ਮਥੁਰਾ ਜ਼ਿਲ੍ਹੇ ਵਿੱਚ ਸਵੇਰੇ ਹਰਿਆਣਾ ਸਰਹੱਦ ਨੇੜੇ ਇੱਕ ਹਾਈਵੇਅ 'ਤੇ ਸ਼ੱਕੀ ਹਾਲਾਤ ਵਿੱਚ ਫਰਸਾ ਵਾਲੇ ਬਾਬਾ ਵਜੋਂ ਜਾਣੇ ਜਾਂਦੇ ਗਊ ਰੱਖਿਅਕ ਬਾਬਾ ਚੰਦਰਸ਼ੇਖਰ ਦੀ ਮੌਤ ਹੋ ਜਾਣ ਦੀ ਸੂਚਨਾ ਮਿਲੀ। ਗਊ ਰੱਖਿਅਕ ਬਾਬਾ ਦੀ ਮੌਤ ਤੋਂ ਬਾਅਦ ਗੁੱਸੇ ਵਿੱਚ ਆਈ ਭੀੜ ਨੇ ਇੱਕ ਰਾਸ਼ਟਰੀ ਰਾਜਮਾਰਗ ਨੂੰ ਜਾਮ ਕਰ ਦਿੱਤਾ, ਜਿਸ ਤੋਂ ਬਾਅਦ ਪੁਲਸ ਮੌਕੇ 'ਤੇ ਪਹੁੰਚ ਗਈ। ਇਸ ਦੌਰਾਨ ਲੋਕਾਂ ਨੇ ਪੁਲਸ ਕਰਮਚਾਰੀਆਂ 'ਤੇ ਪੱਥਰ ਸੁੱਟੇ। ਇਸ ਘਟਨਾ ਦੀ ਜਾਣਕਾਰੀ ਸੀਨੀਅਰ ਪੁਲਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਦਿੱਤੀ ਗਈ ਹੈ। ਸੋਸ਼ਲ ਮੀਡੀਆ 'ਤੇ ਘੁੰਮ ਰਹੀ ਇਸ ਘਟਨਾ ਦੀਆਂ ਵੀਡੀਓਜ਼ ਵਿੱਚ ਪੁਲਸ ਭੀੜ ਨੂੰ ਖਿੰਡਾਉਣ ਦੀ ਕੋਸ਼ਿਸ਼ ਕਰਦੀ ਦਿਖਾਈ ਦੇ ਰਹੀ ਹੈ, ਜਦੋਂ ਕਿ ਪ੍ਰਦਰਸ਼ਨਕਾਰੀ ਪੁਲਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਵਾਹਨਾਂ 'ਤੇ ਪੱਥਰ ਸੁੱਟਦੇ ਦੇਖੇ ਜਾ ਸਕਦੇ ਹਨ। ਪੁਲਸ ਨੇ ਫਿਰ ਦੰਗਾਕਾਰੀਆਂ ਨੂੰ ਕਾਬੂ ਕਰਨ ਲਈ ਹਲਕਾ ਬਲ ਵਰਤਿਆ ਅਤੇ ਫਿਰ ਅੱਥਰੂ ਗੈਸ ਦੇ ਗੋਲੇ ਛੱਡੇ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਗਾਇਆ ਕਿ ਬਾਬਾ ਕੋਟਵਾਨ ਸਰਹੱਦੀ ਖੇਤਰ ਦੇ ਨਬੀਪੁਰ ਨੇੜੇ ਪਸ਼ੂਆਂ ਨੂੰ ਲੈ ਕੇ ਜਾ ਰਹੇ ਇੱਕ ਟਰੱਕ ਨੂੰ ਰੋਕਣ ਦੀ ਕੋਸ਼ਿਸ਼ ਕਰ ਰਿਹਾ ਸੀ, ਜਦੋਂ ਉਸਨੂੰ ਗਊ ਤਸਕਰਾਂ ਨੇ ਕੁਚਲ ਦਿੱਤਾ। ਸੀਨੀਅਰ ਪੁਲਸ ਸੁਪਰਡੈਂਟ (ਐਸਐਸਪੀ) ਸ਼ਲੋਕ ਕੁਮਾਰ ਨੇ ਦੱਸਿਆ ਕਿ ਭੀੜ ਵਿੱਚ ਮੌਜੂਦ ਕੁਝ ਸਮਾਜ ਵਿਰੋਧੀ ਤੱਤਾਂ ਨੇ ਮਾਹੌਲ ਨੂੰ ਵਿਗਾੜਨ ਦੀ ਕੋਸ਼ਿਸ਼ ਕੀਤੀ, ਜਿਸ ਕਾਰਨ ਪੁਲਸ ਨੂੰ ਤਾਕਤ ਦੀ ਵਰਤੋਂ ਕਰਨੀ ਪਈ ਅਤੇ ਅੱਥਰੂ ਗੈਸ ਦੇ ਗੋਲੇ ਸੁੱਟਣੇ ਪਏ। ਉਨ੍ਹਾਂ ਕਿਹਾ ਕਿ ਬਾਬਾ ਦੇ ਸਮਰਥਕ ਉਨ੍ਹਾਂ ਦੀ ਲਾਸ਼ ਨੂੰ ਸਸਕਾਰ ਲਈ ਅਜਾਨੋਖ ਪਿੰਡ ਸਥਿਤ ਉਨ੍ਹਾਂ ਦੇ ਗਊਸ਼ਾਲਾ ਵਿੱਚ ਲੈ ਕੇ ਆਏ ਸਨ ਅਤੇ ਜੇਕਰ ਉਹ ਪੋਸਟਮਾਰਟਮ ਕਰਵਾਉਣਾ ਚਾਹੁੰਦੇ ਹਨ, ਤਾਂ ਜ਼ਰੂਰ ਕੀਤਾ ਜਾਵੇਗਾ। ਕੁਮਾਰ ਨੇ ਫ਼ੋਨ 'ਤੇ ਗੱਲਬਾਤ ਦੌਰਾਨ ਸਪੱਸ਼ਟ ਕੀਤਾ ਕਿ ਚਾਰ ਜਾਂ ਪੰਜ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ ਅਤੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਮਾਮਲੇ ਦੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ। ਹਾਈਵੇਅ 'ਤੇ ਵਾਹਨਾਂ ਦੀ ਆਵਾਜਾਈ ਜਾਰੀ ਹੈ, ਹਾਲਾਂਕਿ ਸਾਵਧਾਨੀ ਵਜੋਂ ਇਲਾਕੇ ਵਿੱਚ ਭਾਰੀ ਪੁਲਸ ਫੋਰਸ ਤਾਇਨਾਤ ਕੀਤੀ ਗਈ ਹੈ। ਜ਼ਿਲ੍ਹਾ



ਮੈਜਿਸਟ?ਰੇਟ ਚੰਦਰ ਪ੍ਰਕਾਸ਼ ਸਿੰਘ ਨੇ ਭੰਬਲਭੂਸਾ ਦੂਰ ਕਰਨ ਦੀ ਕੋਸ਼ਿਸ਼ ਕਰਦੇ ਇੱਕ ਬਿਆਨ ਜਾਰੀ ਕੀਤਾ, ਜਿਸ ਵਿੱਚ ਕਿਹਾ ਕਿ ਫਾਰਸਾ ਵਾਲੇ ਬਾਬਾ ਆਪਣੇ ਚੇਲਿਆਂ ਨਾਲ ਸ਼ਨੀਵਾਰ ਸਵੇਰੇ 4 ਵਜੇ ਹਰਿਆਣਾ ਸਰਹੱਦ ਕੋਸੀਕਲਾਂ ਵਿਖੇ ਨਾਗਾਲੈਂਡ ਰਜਿਸਟ?ਰੇਸ਼ਨ ਨੰਬਰ ਵਾਲੇ ਇੱਕ ਕੰਟੇਨਰ ਨੂੰ ਰੋਕ ਕੇ ਉਸਦੀ ਜਾਂਚ ਕਰ ਰਹੇ ਸਨ, ਜਦੋਂ ਉਨ੍ਹਾਂ ਨੂੰ ਗੱਡੀ ਦੇ ਅੰਦਰ ਪਸ਼ੂਆਂ ਦੀ ਸੂਚਨਾ ਮਿਲੀ। ਬਿਆਨ ਅਨੁਸਾਰ ਉਹ ਕੰਟੇਨਰ ਸਾਬਣ, ਫਿਨਾਇਲ, ਸ਼ੈਂਪੂ ਆਦਿ ਚੀਜ਼ਾਂ ਨਾਲ ਭਰਿਆ ਹੋਇਆ ਸੀ। ਇਸ ਦੌਰਾਨ ਸੰਘਣੀ ਧੁੰਦ ਕਾਰਨ ਰਾਜਸਥਾਨ ਰਜਿਸਟ?ਰੇਸ਼ਨ ਨੰਬਰ ਵਾਲਾ ਇੱਕ ਟਰੱਕ ਕੰਟੇਨਰ ਨੂੰ ਪਿੱਛੇ ਤੋਂ ਟੱਕਰ ਮਾਰ ਗਿਆ, ਜਿਸ ਨਾਲ ਬਾਬਾ ਦੀ ਮੌਕੇ 'ਤੇ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਹਾਦਸੇ ਵਿੱਚ ਟਰੱਕ ਡਰਾਈਵਰ ਜ਼ਖਮੀ ਹੋ ਗਿਆ ਹੈ। ਅਧਿਕਾਰੀ ਨੇ ਕਿਹਾ ਕਿ ਨਾਕਾਬੰਦੀ ਅਤੇ ਪੱਥਰਬਾਜ਼ੀ ਜਨਤਾ ਦੁਆਰਾ ਗਲਤ ਸੂਚਨਾ ਦੇ ਆਧਾਰ 'ਤੇ ਕੀਤੀ ਗਈ। ਇਸ ਦੌਰਾਨ ਲੋਕਾਂ ਨੂੰ ਸਮਝਾਇਆ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਘਟਨਾ ਦੇ ਹਰ ਪਹਿਲੂ ਦੀ ਜਾਂਚ ਕੀਤੀ ਜਾਵੇਗੀ। ਇਸ ਦੌਰਾਨ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦਿਨ ਵੇਲੇ ਗੋਵਰਧਨ ਦੇ ਦੰਗਾਹਾਟੀ ਮੰਦਰ ਵਿੱਚ ਪੂਜਾ ਅਰਚਨਾ ਕੀਤੀ, ਜਿੱਥੇ ਉਨ੍ਹਾਂ ਨੇ ਗਿਰੀਰਾਜ ਜੀ ਮਹਾਰਾਜ ਦੀ ਆਰਤੀ ਵਿੱਚ ਹਿੱਸਾ ਲਿਆ ਅਤੇ ਗੋਵਰਧਨ ਪਰਿਕਰਮਾ ਕੀਤੀ।


उत्तराखण्ड शासन

देवभूमि रजत उत्सव

# जन-जन की सरकार 4 साल बेमिसाल

उत्तरोत्तर विकास पथ पर अग्रसर

## उत्तराखण्ड



"21वीं सदी के विकसित भारत के निर्माण के दो प्रमुख स्तंभ हैं। पहला, अपनी विरासत पर गर्व और दूसरा, विकास के लिए हर संभव प्रयास। आज उत्तराखण्ड इन दोनों ही स्तंभों को लगातार मजबूत कर रहा है। ये दशक उत्तराखण्ड का दशक है।"

**नरेन्द्र मोदी,** प्रधानमंत्री





"प्रधानमंत्री श्री नरेन्द्र मोदी जी के दूरदर्शी मार्गदर्शन में उत्तराखण्ड सर्वांगीण विकास की नई मिसाल बन रहा है। स्थानीय उत्पाद, बेहतर कनेक्टिविटी, उद्योग एवं निवेश तथा हर मौसम पर्यटन सहित देवभूमि अपनी अलौकिक विरासत को संजोते हुए विकास के नए आयाम छू रही है।"

**पुष्कर सिंह धामी,** मुख्यमंत्री, उत्तराखण्ड

## विकसित भारत सशक्त उत्तराखण्ड



## विरासत भी, विकास भी



### इंफ्रास्ट्रक्चर एवं कनेक्टिविटी

- केदारनाथ–हेमकुंड साहिब रोपवे परियोजना
- दिल्ली–देहरादून एलिवेटेड रोड निर्माण
- ऋषिकेश–कर्णप्रयाग रेल लाइन प्रगति पर
- टनकपुर–बागेश्वर रेल सर्वे स्वीकृत
- सौंग व जमरानी बांध परियोजना
- पर्वतीय जिलों में हेली सेवा विस्तार

### अर्थव्यवस्था, निवेश एवं उद्योग

- ₹3.56 लाख करोड़ निवेश समझौते
- ₹1 लाख करोड़+ ग्राउंडिंग
- अर्थव्यवस्था 26 गुना वृद्धि
- ₹1.11 लाख करोड़+ वार्षिक बजट
- खुरपिया में स्मार्ट इंडस्ट्रियल टाउनशिप
- हाउस ऑफ हिमालयाज ब्रांड




### हरित ऊर्जा एवं ग्रामीण विकास

- 1 गीगावाट+ सौर ऊर्जा क्षमता
- 42,000+ सोलर रूफटॉप
- वाइब्रेंट विलेज प्रोग्राम (सीमांत गांव विकास)
- महक क्रांति व मिलेट्स मिशन





### संस्कृति एवं विरासत का संरक्षण

- केदारनाथ–बदरीनाथ मास्टर प्लान
- मानसखण्ड मंदिर माला मिशन
- शीतकालीन यात्रा का शुभारंभ
- संस्कृत ग्राम पहल
- गीता अध्ययन पाठ्यक्रम में शामिल
- दून विश्वविद्यालय में हिंदू अध्ययन केंद्र
- स्पिरिचुअल इकोनॉमिक ज़ोन (गढ़वाल–कुमाऊं)



### सुशासन


- 'जन-जन की सरकार, जन-जन के द्वार' अभियान
- 30,000+ युवाओं को सरकारी नौकरी
- 950+ सेवाएं ऑनलाइन (अपुणि सरकार पोर्टल)
- 12,000 एकड़ अतिक्रमण मुक्त
- पेंशन योजनाओं में वृद्धि एवं मासिक भुगतान

### बड़े निर्णय

- समान नागरिक संहिता
- सशक्त भू-कानून
- सख्त धर्मांतरण विरोधी कानून
- नकल विरोधी कानून
- अग्निवीरों को 10% क्षैतिज आरक्षण



संकल्प से शिखर तक






### नेशनल लेवल रैंकिंग व प्रोत्साहन

- निर्यात तैयारी सूचकांक में प्रथम (छोटे राज्य)
- एसडीजी इंडेक्स में शीर्ष स्थान
- स्टार्टअप रैंकिंग में 'लीडर'
- खनन सुधारों में देश में दूसरा स्थान
- शहरी सुधारों हेतु ₹264.5 करोड़ प्रोत्साहन



**30 से अधिक नीतियां**

- औद्योगिक नीति, पर्यटन एवं योग नीति
- नई फिल्म नीति (50% तक सब्सिडी)
- मिलेट्स नीति, कीवी नीति (70% अनुदान)
- ड्रैगन फ्रूट प्रोत्साहन योजना
- महक क्रांति 2026-36
- महिला स्वरोजगार एवं लखपति दीदी योजना आदि

### नीतिगत सुधार



**प्रधानमंत्री जी के नौ आग्रह**

**स्थानीय लोगों से:** बोली-भाषा का संरक्षण, एक पेड़ मां के नाम, स्वच्छ जल, गांव से जुड़ाव, तिबारी वाले घरों को संवारें

**पर्यटकों से:** प्लास्टिक के इस्तेमाल से बचें, वोकल फॉर लोकल, यातायात के नियम अपनाएं, तीर्थों की मर्यादा का पालन करें।

सूचना एवं लोक सम्पर्क विभाग, उत्तराखण्ड द्वारा जनहित में जारी

www.uttarainformation.gov.in | DIPR_UK | UttarakhandDIPR | UttarakhandDIPR

# ਪੰਜਾਬੀ ਯੂਨੀਵਰਸਿਟੀ ਦੀਆਂ ਟੀਮਾਂ ਨੇ ਤਮਿਲਨਾਡੂ ਵਿਖੇ ਹੋਏ ਨੈਸ਼ਨਲ ਇੰਟਰ ਯੂਨੀਵਰਸਿਟੀ ਯੁਵਕ ਮੇਲੇ ਵਿੱਚ ਮਾਰੀਆਂ ਮੱਲਾਂ



**ਪਟਿਆਲਾ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਦੀਆਂ ਟੀਮਾਂ ਨੇ ਤਮਿਲਨਾਡੂ ਦੇ ਚੇਨੱਈ ਵਿਖੇ ਹੋਏ '39ਵੇਂ ਏ.ਆਈ.ਯੂ. ਨੈਸ਼ਨਲ ਇੰਟਰ ਯੂਨੀਵਰਸਿਟੀ ਯੁਵਕ ਮੇਲੇ' ਦੌਰਾਨ ਨੌਂ ਕਲਾਤਮਿਕ ਵੰਨਗੀਆਂ ਵਿੱਚ ਭਾਗ ਲਿਆ ਅਤੇ ਇਨ੍ਹਾਂ ਸਾਰੀਆਂ ਹੀ ਵੰਨਗੀਆਂ ਵਿੱਚ ਜਿੱਤ ਪ੍ਰਾਪਤ ਕੀਤੀ।

ਸਤਿਆਬਾਮਾਂ ਯੂਨੀਵਰਸਿਟੀ,ਚੇਨੱਈ ਵਿੱਚ ਹੋਏ ਇਸ ਯੁਵਕ ਮੇਲੇ ਦੌਰਾਨ ਪੰਜਾਬੀ ਯੂਨੀਵਰਸਿਟੀ ਨੇ ਇੰਡੀਅਨ ਗਰੁੱਪ ਸੌਂਗ, ਕਲਾਸੀਕਲ ਡਾਂਸ ਅਤੇ ਮਿਮਿਕਰੀ ਵਿੱਚ ਪਹਿਲਾ ਸਥਾਨ, ਕਲਾਸੀਕਲ ਵੋਕਲ, ਫੋਕ ਆਰਕੈਸਟਰਾ ਅਤੇ ਰੰਗੋਲੀ ਵਿੱਚ ਦੂਜਾ ਸਥਾਨ, ਕਾਰਟੂਨਿੰਗ ਵਿੱਚ ਤੀਜਾ ਸਥਾਨ ਅਤੇ ਕੋਲਾਜ ਅਤੇ ਪੋਸਟਰ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ।

ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਇਹ ਪੰਜਾਬੀ ਯੂਨੀਵਰਸਿਟੀ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਾਡੇ ਵਿਦਿਆਰਥੀਆਂ ਨੇ ਕੌਮੀ ਪੱਧਰ 'ਤੇ ਆਪਣੀ ਕਲਾ ਦਾ ਲੋਹਾ ਮਨਵਾਇਆ ਹੈ। ਇਹ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦਾ ਮਕਸਦ ਸਿਰਫ਼ ਅਕਾਦਮਿਕ ਸਿੱਖਿਆ ਦੇਣਾ ਹੀ ਨਹੀਂ, ਸਗੋਂ ਵਿਦਿਆਰਥੀਆਂ ਦੀਆਂ ਅੰਦਰੂਨੀ ਕਲਾਤਮਿਕ ਰੁਚੀਆਂ ਨੂੰ ਨਿਖਾਰਨਾ ਵੀ ਹੈ। ਅਜਿਹੀਆਂ ਪ੍ਰਾਪਤੀਆਂ ਨੇ ਸਾਬਤ ਕਰਦੀਆਂ ਹਨ ਕਿ ਸਾਡੇ ਨੌਜਵਾਨ ਆਪਣੀ ਵਿਰਾਸਤ ਅਤੇ ਕਲਾ ਨਾਲ ਡੂੰਘੀ ਤਰ੍ਹਾਂ ਜੁੜੇ ਹੋਏ ਹਨ।

ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਪ੍ਰੋ. ਭੀਮ ਇੰਦਰ ਸਿੰਘ ਨੇ ਦੱਸਿਆ ਕਿ ਭਾਰਤ ਦੀਆਂ ਲਗਭਗ 150 ਯੂਨੀਵਰਸਿਟੀਆਂ ਤੋਂ ਲਗਭਗ 2500 ਵਿਦਿਆਰਥੀਆਂ ਨੇ ਆਪੋ ਆਪਣੇ ਜ਼ੋਨ ਵਿੱਚੋਂ ਜੇਤੂ ਹੋ ਕੇ ਇਸ ਕੌਮੀ ਪੱਧਰ ਦੇ ਯੁਵਕ ਮੇਲੇ ਵਿੱਚ ਹਿੱਸਾ ਲਿਆ ਸੀ। ਜ਼ਿਕਰਯੋਗ ਹੈ ਕਿ ਇਨ੍ਹਾਂ ਕਲਾਤਮਿਕ ਵੰਨਗੀਆਂ ਦੀ ਤਿਆਰੀ ਪ੍ਰੋ ਨਿਵੇਦਿਤਾ ਸਿੰਘ ਉੱਪਲ, ਡਾ. ਡੈਨੀ ਸ਼ਰਮਾ, ਵਿਜੇ ਯਮਲਾ, ਡਾ ਅਰਸ਼ ਕੌਰ ਭੱਟੀ, ਡਾ ਰਾਜਿੰਦਰ ਸੋਹਲ, ਡਾ. ਹਰਿੰਦਰ ਹੁੰਦਲ ਨੇ ਕਰਵਾਈ ਸੀ।

ਇਨ੍ਹਾਂ ਟੀਮਾਂ ਨਾਲ਼ ਯੂਨੀਵਰਸਿਟੀ ਤੋਂ ਜਾਣ ਵਾਲੇ ਕਰਮਚਾਰੀਆਂ ਵਿੱਚ ਡਾ. ਜੇ.ਪੀ. ਸਿੰਘ, ਰੂਬਲ ਪ੍ਰੋ. ਅਦਲ ਅਤੇ ਰਮਨ ਵੜੈਚ ਸ਼ਾਮਿਲ ਸਨ।

# ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਗਿਰਾਵਟ ਬਾਰੇ ਕੇਂਦਰ ਸਰਕਾਰ ਦੀ ਪੁਸ਼ਟੀ ਪੰਜਾਬ ਦੇ ਕਿਸਾਨਾਂ ਦੀ ਵੱਡੀ ਜਿੱਤ, ਲੰਬਿਤ ਆਰਡੀਐਫ ਜਾਰੀ ਕਰਕੇ ਸੂਬੇ ਨੂੰ ਸਨਮਾਨ ਦਿਓ: ਖੁੱਡੀਆਂ

**ਚੰਡੀਗੜ੍ਹ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕੇਂਦਰ ਸਰਕਾਰ ਨੂੰ ਕਿਹਾ ਕਿ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਰੋਕਣ ਵਿੱਚ ਪੰਜਾਬ ਦੀ ਸਫਲਤਾ ਨੂੰ ਸਿਰਫ਼ ਸਵੀਕਾਰ ਕਰਨਾ ਹੀ ਕਾਫ਼ੀ ਨਹੀਂ ਹੈ ਸਗੋਂ ਕੇਂਦਰ ਨੂੰ ਹੁਣ ਸੂਬੇ ਦੇ ਲੰਬਿਤ ਵਿੱਤੀ ਬਕਾਏ ਜਾਰੀ ਕਰਕੇ ਸੂਬੇ ਨਾਲ ਇਨਸਾਫ਼ ਕਰਨਾ ਚਾਹੀਦਾ ਹੈ।

ਕੇਂਦਰੀ ਵਾਤਾਵਰਣ ਰਾਜ ਮੰਤਰੀ ਸ੍ਰੀ ਕੀਰਤੀ ਵਰਧਨ ਸਿੰਘ ਵੱਲੋਂ ਲੋਕ ਸਭਾ ਵਿੱਚ ਪੇਸ਼ ਕੀਤੇ ਗਏ ਅੰਕੜਿਆਂ ਜਿਸ ਵਿੱਚ ਸਾਲ 2022 ਤੋਂ ਪੰਜਾਬ ਅਤੇ ਹਰਿਆਣਾ ਵਿੱਚ ਫਸਲੀ ਰਹਿੰਦ-ਖੂਹੰਦ ਸਾੜਨ ਦੀਆਂ ਘਟਨਾਵਾਂ ਵਿੱਚ 90 ਫੀਸਦ ਤੋਂ ਵੱਧ ਦੀ ਸਮੂਹਿਕ ਕਮੀ ਦੀ ਪੁਸ਼ਟੀ ਕੀਤੀ ਗਈ ਹੈ, ਬਾਰੇ ਬੋਲਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਆਖਰਕਾਰ ਸੱਚਾਈ ਨੂੰ ਸਵੀਕਾਰ ਕਰ ਲਿਆ ਹੈ ਪਰ ਉਹਨਾਂ ਵੱਲੋਂ ਪੇਂਡੂ ਵਿਕਾਸ ਫੰਡ (ਆਰਡੀਐਫ) ਦੇ ਕਰੀਬ 8800 ਕਰੋੜ ਰੁਪਏ ਦੇ ਬਕਾਏ ਨੂੰ ਰੋਕਣਾ ਗੈਰ-ਵਾਜ਼ਬ ਹੈ।

ਉਨ੍ਹਾਂ ਟਿੱਪਣੀ ਕੀਤੀ ਕਿ ਇਹ ਹਾਸੋਹੀਣਾ ਹੈ ਕਿ ਪੰਜਾਬ ਦੇ ਕਿਸਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਕੰਟਰੋਲ ਕਰਨ ਵਿੱਚ ਆਪਣਾ ਖ਼ੂਨ-ਪਸੀਨਾ ਵਹਾ ਰਹੇ ਹਨ ਅਤੇ ਦੇਸ਼ ਦਾ ਅੰਨਦਾਤਾ ਹੋਣ ਦੇ ਨਾਤੇ ਵਜੋਂ ਦੇਸ਼ ਦਾ ਢਿੱਡ ਵੀ ਭਰ ਰਹੇ ਹਨ, ਪਰ ਕੇਂਦਰ ਸਰਕਾਰ ਵੱਲੋਂ ਸੂਬੇ ਨੂੰ ਇਸਦੇ ਜਾਇਜ਼ ਬਕਾਏ ਦਾ ਭੁਗਤਾਨ ਕਰਨ ਤੋਂ ਇਨਕਾਰ ਕੀਤਾ ਜਾ ਰਿਹਾ ਹੈ।

ਕੇਂਦਰ ਸਰਕਾਰ ਦੀ ਇਸ ਪੁਸ਼ਟੀ ਬਾਰੇ ਬੋਲਦਿਆਂ ਖੇਤੀਬਾੜੀ ਮੰਤਰੀ ਖੁੱਡੀਆਂ ਨੇ ਕਿਹਾ ਕਿ ਅੰਕੜਿਆਂ ਨੇ ਉਨ੍ਹਾਂ ਆਲੋਚਕਾਂ ਨੂੰ ਪੂਰੀ ਤਰ੍ਹਾਂ ਚੁੱਪ ਕਰਵਾ ਦਿੱਤਾ ਹੈ ਜੋ ਲਗਾਤਾਰ ਪੰਜਾਬ ਦੇ ਕਿਸਾਨਾਂ ਨੂੰ ਨਿਸ਼ਾਨਾ ਬਣਾਉਂਦੇ ਸਨ ਅਤੇ ਉੱਤਰੀ ਭਾਰਤ ਦੇ ਹਵਾ ਪ੍ਰਦੂਸ਼ਣ ਦੇ ਸੰਕਟ ਲਈ ਰਾਜ ਨੂੰ ਜ਼ਿੰਮੇਵਾਰ ਠਹਿਰਾਉਂਦੇ ਸਨ। ਜਿਨ੍ਹਾਂ ਲੋਕਾਂ ਨੇ ਪੰਜਾਬ ਵਿਰੁੱਧ ਬਦਨਾਮੀ ਮੁਹਿੰਮ ਚਲਾਈ ਅਤੇ ਦਾਅਵਾ ਕੀਤਾ ਕਿ ਪਰਾਲੀ ਸਾੜਨਾ ਕਦੇ ਖਤਮ ਨਹੀਂ ਹੋਵੇਗਾ, ਉਨ੍ਹਾਂ ਨੂੰ ਹੁਣ ਆਪਣੇ ਸ਼ਬਦ



ਵਾਪਸ ਲੈ ਲੈਣੇ ਚਾਹੀਦੇ ਹਨ। ਖੇਤੀਬਾੜੀ ਮੰਤਰੀ ਨੇ ਕਿਹਾ, ਸਾਲਾਂ ਤੋਂ, ਸਾਡੇ ਕਿਸਾਨਾਂ ਨੂੰ ਬਦਨਾਮ ਕੀਤਾ ਜਾਂਦਾ ਸੀ ਅਤੇ ਦਿੱਲੀ ਦੀ ਵਿਗੜਦੀ ਹਵਾ ਦੀ ਗੁਣਵੱਤਾ ਲਈ ਇਕੱਲੇ ਪੰਜਾਬ ਨੂੰ ਜ਼ਿੰਮੇਵਾਰ ਮੰਨਿਆ ਜਾਂਦਾ ਸੀ। ਹੁਣ, ਕੇਂਦਰ ਸਰਕਾਰ ਦੇ ਆਪਣੇ ਸੈਟੇਲਾਈਟ ਡੇਟਾ, ਜੋ ਕਿ ਸੰਸਦ ਵਿੱਚ ਰਸਮੀ ਤੌਰ 'ਤੇ ਪੇਸ਼ ਕੀਤਾ ਗਿਆ ਹੈ, ਨੇ ਸਾਰੇ ਝੂਠੇ ਬਿਆਨਾਂ ਨੂੰ ਨਕਾਰ ਦਿੱਤਾ ਹੈ। 90 ਫੀਸਦ ਤੋਂ ਵੱਧ ਦੀ ਕਮੀ ਬਾਰੇ ਕੇਂਦਰ ਵੱਲੋਂ ਪੁਸ਼ਟੀ ਕੀਤੀ ਗਈ ਹੈ, ਜੋ ਵਿਗਿਆਨਕ ਸਬੂਤਾਂ 'ਤੇ ਅਧਾਰਤ ਹੈ।

ਖੇਤੀਬਾੜੀ ਮੰਤਰੀ ਸ. ਖੁੱਡੀਆਂ ਨੇ ਖੇਤੀ ਮਸ਼ੀਨੀਕਰਨ ਲਈ ਸੂਬਾ ਸਰਕਾਰ ਦੇ ਸਰਗਰਮ ਯਤਨਾਂ ਨੂੰ ਉਜਾਗਰ ਕੀਤਾ। ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2025-26 ਦੌਰਾਨ ਸੂਬੇ ਭਰ ਦੇ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀਆਰਐਮ) ਮਸ਼ੀਨਰੀ ਦੀ ਖਰੀਦ 'ਤੇ 416 ਕਰੋੜ ਰੁਪਏ ਦੀ ਸਬਸਿਡੀ ਪ੍ਰਦਾਨ ਕੀਤੀ ਗਈ ਸੀ।

ਆਉਣ ਵਾਲੇ ਵਿੱਤੀ ਸਾਲ 2026-27 ਲਈ 600 ਕਰੋੜ ਰੁਪਏ ਦੇ ਬਜਟ ਪ੍ਰਬੰਧ ਦੇ ਨਾਲ, ਸ. ਗੁਰਮੀਤ ਸਿੰਘ ਖੁੱਡੀਆਂ ਨੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਫਸਲੀ ਰਹਿੰਦ-ਖੂੰਹਦ ਸਾੜਨ ਦਾ ਇੱਕ ਟਿਕਾਊ, ਲੰਬੇ ਸਮੇਂ ਦਾ ਹੱਲ ਪੇਸ਼ ਕੀਤਾ ਜਾਵੇਗਾ।

ਸ. ਖੁੱਡੀਆਂ ਨੇ ਕਿਹਾ, ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ 600 ਕਰੋੜ ਰੁਪਏ ਦੀ ਕਾਰਜ ਯੋਜਨਾ ਨਾਲ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਜਿਹੇ ਸਰੋਤਾਂ ਵਿੱਚ ਨਿਵੇਸ਼ ਕਰ ਰਹੀ ਹੈ ਜੋ ਇਹ ਯਕੀਨੀ ਬਣਾਉਂਦੇ ਹਨ ਕਿ ਸਾਡੇ ਕਿਸਾਨਾਂ ਨੂੰ ਮੁੜ ਪਰਾਲੀ ਨਾ ਸਾੜਨੀ ਪਵੇ।

ਖੇਤੀਬਾੜੀ ਮੰਤਰੀ ਨੇ ਪੇਂਡੂ ਵਿਕਾਸ ਫੰਡ (ਆਰਡੀਐਫ) ਦੇ ਬਕਾਇਆ 8800 ਕਰੋੜ ਰੁਪਏ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ, ਜਿਸ ਨੂੰ ਕੇਂਦਰ ਵੱਲੋਂ ਕਈ ਖਰੀਦ ਸੀਜ਼ਨਾਂ ਤੋਂ ਰੋਕਿਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ, ਅਸੀਂ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਹੈ, ਅਸੀਂ ਹਰ ਦਰਵਾਜ਼ਾ ਖੜਕਾਇਆ ਹੈ ਪਰ ਫਿਰ ਵੀ ਫੰਡਾਂ ਜਾਰੀ ਨਹੀਂ ਹੋਏ।

ਪੰਜਾਬ ਦੇ ਕਿਸਾਨਾਂ ਦੇ ਸਹਿਯੋਗ ਅਤੇ ਉਨ੍ਹਾਂ ਵੱਲੋਂ ਆਧੁਨਿਕ ਮਸ਼ੀਨਰੀ ਨੂੰ ਅਪਣਾਉਣ ਦੀ ਇੱਛਾ ਦੀ ਸ਼ਲਾਘਾ ਕਰਦਿਆਂ ਸ. ਖੁੱਡੀਆਂ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਨੇ ਇਸ ਪ੍ਰਾਪਤੀ ਨੂੰ ਸੰਭਵ ਬਣਾ ਦਿਖਾਇਆ ਹੈ ਅਤੇ ਇਹ ਗੱਲ ਸਾਬਤ ਕਰ ਦਿੱਤਾ ਹੈ ਕਿ ਉਹ ਦੇਸ਼ ਦੇ ਸੱਚੇ ਅੰਨਦਾਤਾ ਹਨ।

ਸਾਡੇ ਕਿਸਾਨਾਂ ਨੇ ਸਾਬਤ ਕੀਤਾ ਹੈ ਕਿ ਢੁੱਕਵੀਂ ਸਹਾਇਤਾ ਨਾਲ, ਕਿਸਾਨ ਉਹ ਸਭ ਪ੍ਰਾਪਤ ਕਰ ਸਕਦੇ ਹਨ ਜੋ ਕਦੇ ਅਸੰਭਵ ਮੰਨਿਆ ਜਾਂਦਾ ਸੀ।

# ਹਰਭਜਨ ਸਿੰਘ ਈ.ਟੀ.ਓ. ਵਲੋਂ ਲੋਕ ਨਿਰਮਾਣ ਵਿਭਾਗ ਵੱਲੋਂ ਬਣਵਾਈ ਜਾ ਰਹੀਆਂ ਸੜਕਾਂ ਦੀ ਪ੍ਰਗਤੀ ਸਬੰਧੀ ਸਮੀਖਿਆ ਮੀਟਿੰਗ

**ਚੰਡੀਗੜ੍ਹ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਵੱਲੋਂ ਸੂਬੇ ਵਿੱਚ ਬਣਵਾਈਆਂ ਜਾਂ ਰਹੀਆਂ ਸੜਕਾਂ ਦੀ ਪ੍ਰਗਤੀ ਸਬੰਧੀ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਸਮੀਖਿਆ ਮੀਟਿੰਗ ਕੀਤੀ ਗਈ।



ਇਸ ਮੀਟਿੰਗ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜ਼ੋ ਸੂਬੇ ਦੀਆਂ ਸੜਕਾਂ ਦੇ ਨਿਰਮਾਣ ਸਬੰਧੀ ਟੀਚੇ ਮਿੱਥੇ ਗਏ ਹਨ ਉਨ੍ਹਾਂ ਨੂੰ ਹਰ ਹਾਲਤ ਵਿੱਚ ਹਾਸਲ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਸੜਕਾਂ ਦੇ ਨਿਰਮਾਣ ਸਬੰਧੀ ਟੈਂਡਰ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਸੜਕ ਨਿਰਮਾਣ ਦਾ ਕੰਮ ਪੂਰੇ ਜੋਰ ਨਾਲ ਸ਼ੁਰੂ ਹੋ ਗਿਆ ਹੈ ਅਤੇ ਵਿਭਾਗ ਵੱਲੋਂ ਰੋਜ਼ਾਨਾ 60 ਕਿਲੋਮੀਟਰ ਤੋਂ ਜ਼ਿਆਦਾ ਸੜਕਾਂ ਦਾ ਨਵੀਨੀਕਰਨ ਅਤੇ ਮਜ਼ਬੂਤੀਕਰਨ ਕੀਤਾ ਜਾ ਰਿਹਾ ਹੈ। ਸ.ਈ.ਟੀ.ਉ. ਨੇ ਦੱਸਿਆ ਕਿ ਸੂਬਾ ਵਿਚ ਹੌਟ ਮਿਕਸ ਪਲਾਂਟਾਂ ਨੇ ਆਪਣੀ ਪੂਰੀ ਸਮਰੱਥਾ ਅਨੁਸਾਰ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਜਿਸ ਸਦਕਾ ਸੂਬੇ ਵਿੱਚ ਰੋਜ਼ਾਨਾ 100 ਕਿਲੋਮੀਟਰ ਤੋਂ ਵੱਧ ਸੜਕ ਉਸਾਰੀ ਦਾ ਕੰਮ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ 30 ਜੂਨ, 2026 ਤੱਕ ਰਾਜ ਦੀਆਂ ਲਗਭਗ 20,500 ਕਿਲੋਮੀਟਰ ਸੜਕਾਂ ਦਾ ਨਿਰਮਾਣ ਦਾ ਟੀਚਾ ਮਿੱਥਿਆ ਹੈ। ਉਨ੍ਹਾਂ ਦੱਸਿਆ ਕਿ ਖਾੜੀ ਦੇਸ਼ਾਂ ਵਿੱਚ ਚਲ ਰਹੀ ਜੰਗ ਕਾਰਨ ਬਿਟੂਮਨ ਦੀ ਕੁਝ ਘਾਟ ਪੈਦਾ ਹੋ ਰਹੀ ਹੈ ਪ੍ਰੰਤੂ ਵਿਭਾਗ ਦੇ ਅਧਿਕਾਰੀਆਂ ਵਲੋਂ ਇਸ ਸਮੱਸਿਆਂ ਨਾਲ ਨਜਿੱਠਣ ਲਈ ਪੂਰੀ ਤਿਆਰੀ ਕਰ ਲਈ ਗਈ ਹੈ। ਉਨ੍ਹਾ ਇਸ ਬਾਰੇ ਬਿਟੂਮਨ ਸਪਲਾਇਰ ਕੰਪਨੀਆਂ ਨਾਲ ਉੱਚ ਪੱਧਰੀ ਤਾਲਮੇਲ ਕਰਨ ਲਈ ਨਿਰਦੇਸ਼ ਦਿੱਤੇ। ਸ.ਹਰਭਜਨ ਸਿੰਘ ਈ. ਟੀ. ਓ. ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਵਿੱਤੀ ਟੀਚੇ ਅਤੇ ਕੰਮ ਸਬੰਧੀ ਨੂੰ ਹਰ ਹਾਲਤ ਵਿੱਚ ਹਾਸਲ ਕਰਨ ਨੂੰ ਯਕੀਨੀ ਬਣਾਉਣ, ਤਾਂ ਹੋ ਆਮ ਲੋਕਾਂ ਨੂੰ ਚੰਗਾ ਸੜਕੀ ਨੈੱਟਵਰਕ ਮਿਲ ਸਕੇ।

# ਪੀ ਏ ਯੂ ਵੱਲੋਂ ਝੋਨੇ ਦੇ PR-131, PR-132 ਬੀਜਾਂ ਦੀ ਵਿਕਰੀ 'ਤੇ ਰੋਕ

**ਚੰਡੀਗੜ੍ਹ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਫਸਲਾਂ ਦੇ ਨੁਕਸਾਨ ਨੂੰ ਲੈ ਕੇ ਕਿਸਾਨਾਂ ਦੇ ਭਾਰੀ ਵਿਰੋਧ ਦੇ ਦਰਮਿਆਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ (PAU) ਨੇ ਵਿਵਾਦਪੂਰਨ ਝੋਨੇ ਦੀਆਂ ਕਿਸਮਾਂPR-131, PR-132 ਦੀ ਵਿਕਰੀ ਨੂੰ ਮੁਲਤਵੀ ਕਰ ਦਿੱਤਾ ਹੈ ਅਤੇ ਅਗਾਮੀ ਸੀਜ਼ਨ ਲਈ ਇੱਕ ਨਵੀਂ ਕਿਸਮ PR-133 ਪੇਸ਼ ਕੀਤੀ ਹੈ।



ਇਹ ਕਦਮ ਕਿਸਾਨਾਂ ਦੇ ਉਨ੍ਹਾਂ ਦੋਸ਼ਾਂ ਤੋਂ ਬਾਅਦ ਸਾਹਮਣੇ ਆਇਆ ਹੈ ਜਿਸ ਵਿੱਚ ਕਿਹਾ ਗਿਆ ਸੀ ਕਿ ਇਹ ਦੋਵੇਂ ਕਿਸਮਾਂ ਬੌਣੇ ਰੋਗ (ਡਵਾਰਫ ਡਿਜ਼ੀਜ਼) ਦਾ ਸ਼ਿਕਾਰ ਸਨ, ਜਿਸ ਕਾਰਨ ਪਿਛਲੇ ਸਾਲ ਕਾਫੀ ਨੁਕਸਾਨ ਹੋਇਆ ਸੀ। ਪਟਿਆਲਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਭ ਤੋਂ ਵੱਧ ਨੁਕਸਾਨ ਹੋਣ ਦੀ ਰਿਪੋਰਟ ਮਿਲੀ ਸੀ। ਇਛੇਵਾਲ, ਰੋਹਟੀ ਬਸਤਾ, ਰੋਹਟੀ ਮੋਹੜਾ, ਰੋਹਟਾ, ਲੁਬਾਣਾ ਕਰਮੂ, ਕੈਦੂਪੁਰ ਅਤੇ ਧੰਗੇੜਾ ਸਮੇਤ ਪਿੰਡਾਂ ਦੇ ਦੌਰੇ ਤੋਂ ਬਾਅਦ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦਿੱਤੇ ਸਨ। ਮੁਲਾਂਕਣ ਤੋਂ ਪਤਾ ਲੱਗਾ ਹੈ ਕਿ ਇਕੱਲੇ ਪਟਿਆਲਾ ਜ਼ਿਲ੍ਹੇ ਵਿੱਚ ਹੀ 8,000 ਏਕੜ ਤੋਂ ਵੱਧ ਝੋਨੇ ਦੀ ਫ਼ਸਲ ਪ੍ਰਭਾਵਿਤ ਹੋਈ ਹੈ। ਬਾਅਦ ਵਿੱਚ ਕੀਤੇ ਗਏ ਸਰਵੇਖਣਾਂ ਵਿੱਚ ਪਾਇਆ ਗਿਆ ਕਿ 25 ਜੂਨ ਤੋਂ ਪਹਿਲਾਂ ਲਗਾਈਆਂ ਗਈਆਂ ਅਗੇਤੀਆਂ ਫ਼ਸਲਾਂ—ਖਾਸ ਕਰਕੇ PR-131, PR-132 ਅਤੇ PR-114—ਸਭ ਤੋਂ ਵੱਧ ਪ੍ਰਭਾਵਿਤ ਹੋਈਆਂ, ਜਿਨ੍ਹਾਂ ਦਾ ਵਾਧਾ ਰੁਕ ਗਿਆ ਸੀ ਅਤੇ ਦਾਣੇ ਵੀ ਸਹੀ ਨਹੀਂ ਬਣੇ ਸਨ।

ਪਟਿਆਲਾ ਦੇ ਰੌਣੀ ਵਿਖੇ ਲੱਗੇ ਕਿਸਾਨ ਮੇਲੇ ਤੋਂ ਬਾਅਦ, ਐੱਸ ਬੀ ਐੱਸ ਨਗਰ ਦੇ ਬੱਲੋਵਾਲ ਸੌਂਖੜੀ ਵਿਖੇ ਲੱਗੇ ਤਾਜ਼ਾ ਕਿਸਾਨ ਮੇਲੇ ਵਿੱਚ ਇਹ ਬੀਜ ਵਿਕਰੀ ਲਈ ਨਹੀਂ ਰੱਖੇ ਗਏ ਸਨ, ਕਿਉਂਕਿ ਅਧਿਕਾਰੀਆਂ ਨੇ ਸੰਭਾਵਿਤ ਪ੍ਰਦਰਸ਼ਨਾਂ ਤੋਂ ਬਚਣ ਦਾ ਫੈਸਲਾ ਕੀਤਾ ਸੀ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸੂਤਰਾਂ ਨੇ ਦੱਸਿਆ ਕਿ ਇਹ ਫੈਸਲਾ ਸਮਾਗਮ ਵਿੱਚ ਹੋਣ ਵਾਲੇ ਵਿਰੋਧ ਨੂੰ ਰੋਕਣ ਲਈ ਲਿਆ ਗਿਆ ਸੀ।

ਮੇਲੇ ਵਿੱਚ ਕਿਸਾਨਾਂ ਨੇ ਪੀ ਏ ਯੂ ਵੱਲੋਂ ਵਿਕਸਤ ਕੀਤੀ ਗਈ ਭਰੋਸੇਮੰਦ ਕਿਸਮ PR-126 ਨੂੰ ਭਾਰੀ ਤਰਜੀਹ ਦਿੱਤੀ, ਜਦੋਂ ਕਿ ਵਿਕਰੀ ਕਾਊਂਟਰਾਂ 'ਤੇ ਨਵੀਂ ਪੇਸ਼ ਕੀਤੀ ਗਈ ਕਿਸਮ PR-133 ਨੂੰ ਬਹੁਤ ਘੱਟ ਹੁੰਗਾਰਾ ਮਿਲਿਆ। ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਨੇ ਪਹਿਲਾਂ PR-131, PR-132 'ਤੇ ਇਤਰਾਜ਼ ਉਠਾਏ ਸਨ ਕਿਉਂਕਿ 2025 ਦੇ ਸੀਜ਼ਨ ਦੌਰਾਨ ਦੋਵੇਂ ਕਿਸਮਾਂ 'ਸਦਰਨ ਰਾਈਸ ਬਲੈਕ-ਸਟ੍ਰੀਕਡ ਡਵਾਰਫ ਵਾਇਰਸ' (SRBSDV) ਦੀ ਲਪੇਟ ਵਿੱਚ ਆ ਗਈਆਂ ਸਨ।

ਭਾਰੀ ਮਾਨਸੂਨ ਮੀਂਹ ਅਤੇ ਜਲ-ਥਲ ਨੇ ਸਥਿਤੀ ਨੂੰ ਹੋਰ ਖ਼ਰਾਬ ਕਰ ਦਿੱਤਾ, ਜਿਸ ਨਾਲ ਵਾਇਰਸ ਫੈਲਣ ਵਿੱਚ ਮਦਦ ਮਿਲੀ। ਰਾਜ ਦੇ ਖੇਤੀਬਾੜੀ ਵਿਭਾਗ, ਖੇਤੀਬਾੜੀ ਯੂਨੀਵਰਸਿਟੀਆਂ ਅਤੇ ਕੇਂਦਰੀ ਏਜੰਸੀਆਂ ਦੇ ਫੀਲਡ ਅਧਿਐਨਾਂ ਨੇ ਇਸ ਦੇ ਵਿਆਪਕ ਪ੍ਰਭਾਵ ਦੀ ਪੁਸ਼ਟੀ ਕੀਤੀ ਹੈ। ਇਸ ਦੌਰਾਨ ਪੀ.ਏ.ਯੂ. ਦੇ ਉਪ-ਕੁਲਪਤੀ ਸਤਬੀਰ ਸਿੰਘ ਗੋਸਲ ਨੇ ਇਨ੍ਹਾਂ ਕਿਸਮਾਂ ਦਾ ਬਚਾਅ ਕਰਦਿਆਂ ਪਿਛਲੇ ਸਾਲ ਦੇ ਨੁਕਸਾਨ ਲਈ 2022 ਵਰਗੇ ਪ੍ਰਤੀਕੂਲ ਮੌਸਮੀ ਹਾਲਾਤਾਂ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਨੇ ਕਿਸਾਨਾਂ ਨੂੰ ਅਗੇਤੀ ਬਿਜਾਈ ਤੋਂ ਬਚਣ ਅਤੇ ਬਿਹਤਰ ਝਾੜ ਲਈ 20 ਜੂਨ ਤੋਂ ਬਾਅਦ ਹੀ ਲਵਾਈ (ਟ੍ਰਾਂਸਪਲਾਂਟੇਸ਼ਨ) ਕਰਨ ਦੀ ਸਲਾਹ ਦਿੱਤੀ।

# ਕਰਜ਼ਈ ਕਿਸਾਨਾਂ ਦੀ ਜ਼ਮੀਨ ਨਿਲਾਮ ਹੋਵੇਗੀ

## ਪੰਜਾਬ ਸਰਕਾਰ ਵੱਲੋਂ 20 ਏਕੜ ਤੋਂ ਵੱਧ ਜ਼ਮੀਨ ਦੀ ਮਾਲਕੀ ਵਾਲੇ 109 ਕਿਸਾਨਾਂ ਦੀ ਸ਼ਨਾਖ਼ਤ; 30 ਮਾਰਚ ਨੇੜੇ ਸ਼ੁਰੂ ਹੋ ਸਕਦੀ ਹੈ ਨਿਲਾਮੀ ਪ੍ਰਕਿਰਿਆ

**ਚੰਡੀਗੜ੍ਹ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਕਰਜ਼ਈ ਕਿਸਾਨਾਂ ਦੀਆਂ ਜ਼ਮੀਨਾਂ ਦੀ ਨਿਲਾਮੀ ਦੀ ਤਿਆਰੀ ਵਿੱਢ ਦਿੱਤੀ ਹੈ। ਖੇਤੀ ਵਿਕਾਸ ਬੈਂਕਾਂ ਨੇ ਮੁੱਢਲੇ ਪੜਾਅ 'ਤੇ ਵੱਡੇ ਕਿਸਾਨਾਂ ਖ਼ਿਲਾਫ਼ ਮੁਹਿੰਮ ਸ਼ੁਰੂ ਕੀਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਖੇਤੀ ਵਿਕਾਸ ਬੈਂਕਾਂ ਨੇ ਪੰਜਾਬ ਭਰ 'ਚ ਅਜਿਹੇ ਕਰੀਬ 109 ਡਿਫਾਲਟਰ ਕਿਸਾਨਾਂ ਦੀ ਸ਼ਨਾਖ਼ਤ ਕੀਤੀ ਹੈ ਜਿਨ੍ਹਾਂ ਕੋਲ 20 ਏਕੜ ਤੋਂ ਵੱਧ ਜ਼ਮੀਨ ਦੀ ਮਾਲਕੀ ਹੈ। ਸ਼ਨਾਖ਼ਤਸ਼ੁਦਾ ਕਿਸਾਨ ਕਰੀਬ 20.50 ਕਰੋੜ ਰੁਪਏ ਦੇ ਕਰਜ਼ਈ ਹਨ। ਸੂਤਰਾਂ ਅਨੁਸਾਰ ਸਹਾਇਕ ਰਜਿਸਟਰਾਰਾਂ ਨੇ ਜ਼ਮੀਨ ਦੀ ਨਿਲਾਮੀ ਲਈ ਤਰੀਕਾਂ ਤੈਅ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਹੈ ਅਤੇ 30 ਮਾਰਚ ਦੇ ਆਸ ਪਾਸ ਇਨ੍ਹਾਂ ਦੀ ਨਿਲਾਮੀ ਸ਼ੁਰੂ ਹੋ ਸਕਦੀ ਹੈ। ਬਠਿੰਡਾ ਜ਼ਿਲ੍ਹੇ ਦੇ ਪੰਜ ਖੇਤੀ ਵਿਕਾਸ ਬੈਂਕਾਂ ਨੇ 16 ਵੱਡੇ ਕਿਸਾਨਾਂ ਦੀ ਜ਼ਮੀਨ ਦੀ ਨਿਲਾਮੀ ਦੀ ਤਰੀਕ ਤੈਅ ਕੀਤੀ ਹੈ। ਪਤਾ ਲੱਗਾ ਹੈ ਕਿ ਸਹਿਕਾਰਤਾ ਵਿਭਾਗ ਦੇ ਪ੍ਰਮੁੱਖ ਸਕੱਤਰ ਨੇ 5 ਮਾਰਚ ਨੂੰ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਸੀ ਜਿਸ 'ਚ ਅਧਿਕਾਰੀਆਂ ਨੂੰ ਵਸੂਲੀ ਦਾ ਟੀਚਾ ਦਿੱਤਾ ਗਿਆ ਸੀ।

ਪ੍ਰਾਪਤ ਵੇਰਵਿਆਂ ਅਨੁਸਾਰ ਪੰਜਾਬ 'ਚ 89 ਖੇਤੀ ਵਿਕਾਸ ਬੈਂਕ ਹਨ ਜਿਨ੍ਹਾਂ ਦੇ ਕੁੱਲ 46,200 ਡਿਫਾਲਟਰ ਕਿਸਾਨ ਹਨ ਅਤੇ ਇਨ੍ਹਾਂ ਵੱਲ 2,650 ਕਰੋੜ ਰੁਪਏ ਦੀ ਰਕਮ ਬਕਾਇਆ ਖੜ੍ਹੀ ਹੈ। ਔਸਤਨ ਪ੍ਰਤੀ ਕਰਜ਼ਈ ਕਿਸਾਨ ਸਿਰ ਇਹ ਰਕਮ 5.72 ਲੱਖ ਰੁਪਏ ਬਣਦੀ ਹੈ। ਢਾਈ ਏਕੜ ਤੱਕ ਦੇ ਕਰਜ਼ਈ ਕਿਸਾਨਾਂ ਵੱਲ 690 ਕਰੋੜ ਰੁਪਏ ਦੀ ਬਕਾਇਆ ਰਾਸ਼ੀ ਖੜ੍ਹੀ ਹੈ; ਢਾਈ ਤੋਂ ਪੰਜ ਏਕੜ ਤੱਕ ਦੇ ਕਰਜ਼ਈ ਕਿਸਾਨਾਂ ਵੱਲ ਕਰੀਬ 790 ਕਰੋੜ ਰੁਪਏ ਦੀ ਰਾਸ਼ੀ ਖੜ੍ਹੀ ਹੈ। ਇਵੇਂ ਪੰਜ ਤੋਂ ਦਸ ਏਕੜ ਦੇ ਡਿਫਾਲਟਰ ਕਿਸਾਨਾਂ ਵੱਲ 850 ਕਰੋੜ ਰੁਪਏ ਫਸੇ ਹੋਏ ਹਨ।

ਖੇਤੀ ਵਿਕਾਸ ਬੈਂਕਾਂ ਨੇ 10 ਤੋਂ 15 ਏਕੜ ਦੇ ਡਿਫਾਲਟਰ ਕਿਸਾਨਾਂ ਤੋਂ 235 ਕਰੋੜ ਰੁਪਏ ਦਾ ਕਰਜ਼ਾ ਵਸੂਲ ਕਰਨਾ ਹੈ; 15 ਤੋਂ 20 ਏਕੜ ਵਾਲੇ ਡਿਫਾਲਟਰ ਕਿਸਾਨਾਂ ਵੱਲ 61 ਕਰੋੜ ਰੁਪਏ ਦੀ ਰਾਸ਼ੀ ਖੜ੍ਹੀ ਹੈ। ਵੀਹ ਏਕੜ ਤੋਂ ਉਪਰ ਜ਼ਮੀਨ ਮਾਲਕੀ ਵਾਲੇ ਡਿਫਾਲਟਰ ਕਿਸਾਨਾਂ ਵੱਲ 20.85 ਕਰੋੜ ਰੁਪਏ ਫਸੇ ਹੋਏ ਹਨ। ਖੇਤੀ ਵਿਕਾਸ ਬੈਂਕਾਂ ਦੀ ਸਾਲ 2025-26 'ਚ ਵਸੂਲੀ ਸਿਰਫ਼ 244 ਕਰੋੜ ਰੁਪਏ ਹੋਈ ਹੈ; 2024-25 'ਚ 285 ਕਰੋੜ ਰੁਪਏ ਅਤੇ 2023-24 'ਚ ਇਹ ਵਸੂਲੀ 305 ਕਰੋੜ ਰੁਪਏ ਰਹੀ ਸੀ।

ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਨਬਾਰਡ ਨੂੰ 3200 ਕਰੋੜ ਰੁਪਏ ਦੀ ਗਾਰੰਟੀ ਦਿੱਤੀ ਹੋਈ ਹੈ ਅਤੇ ਨਬਾਰਡ ਵੱਲੋਂ ਰੀਫਾਈਨਾਂਸ ਨਾ ਕੀਤੇ ਜਾਣ ਕਰ ਕੇ ਕਿਸਾਨਾਂ ਨੂੰ ਨਵੇਂ ਕਰਜ਼ੇ ਨਹੀਂ ਦਿੱਤੇ ਜਾ ਰਹੇ। ਉਨ੍ਹਾਂ ਇਹ ਵੀ ਕਿਹਾ ਕਿ ਸੁਪਰੀਮ ਕੋਰਟ ਨੇ ਪੁਰਾਣੇ ਮੁਲਾਜ਼ਮਾਂ ਦੇ ਕਰੀਬ 500 ਕਰੋੜ ਰੁਪਏ ਦੇ ਬਕਾਏ ਅਤੇ ਹਾਈ ਕੋਰਟ ਨੇ 150 ਕਰੋੜ ਰੁਪਏ ਦੇ ਬਕਾਏ ਦੇਣ ਲਈ ਕਿਹਾ ਹੈ। ਇੱਕ ਸੀਨੀਅਰ ਅਧਿਕਾਰੀ ਦਾ ਕਹਿਣਾ ਸੀ ਕਿ ਕਰਜ਼ੇ ਦੀ ਵਸੂਲੀ ਸ਼ੁਰੂ ਹੋ ਜਾਂਦੀ ਹੈ ਤਾਂ ਨਬਾਰਡ ਤੋਂ ਕਰੀਬ 800 ਕਰੋੜ ਰੁਪਏ ਦਾ ਵਿੱਤੀ ਫੰਡ ਮਿਲ ਸਕਦਾ ਹੈ, 20 ਏਕੜ ਤੋਂ ਵੱਧ ਜ਼ਮੀਨ ਵਾਲੇ ਕਿਸਾਨਾਂ ਵਿਰੁੱਧ ਸਖ਼ਤ ਕਾਰਵਾਈ ਨਾਲ ਕਰੀਬ 17 ਕਰੋੜ ਰੁਪਏ ਵਸੂਲਣ ਵਿੱਚ ਮਦਦ ਮਿਲੇਗੀ।

ਆਜ਼ਾਦ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਵਿਧਾਨ ਸਭਾ 'ਚ ਮੰਗ ਕੀਤੀ ਸੀ ਕਿ ਡਿਫਾਲਟਰ ਕਿਸਾਨਾਂ ਲਈ ਯਕਮੁਸ਼ਤ ਸਕੀਮ ਲਿਆਂਦੀ ਜਾਵੇ। ਹਲਕਾ ਸਰਦੂਲਗੜ੍ਹ ਤੋਂ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਵੀ ਖੇਤੀ ਵਿਕਾਸ ਬੈਂਕਾਂ ਦੇ ਡਿਫਾਲਟਰਾਂ ਲਈ ਯਕਮੁਸ਼ਤ ਸਕੀਮ ਦੀ ਮੰਗ ਕਰ ਚੁੱਕੇ ਹਨ।

ਡਿਫਾਲਟਰ ਕਿਸਾਨਾਂ 'ਤੇ ਇੱਕ ਨਜ਼ਰ
ਜ਼ਮੀਨ ਦੀ ਮਾਲਕੀ ਪ੍ਰਤੀ ਕਿਸਾਨ ਔਸਤ ਕਰਜ਼ਾ
ਢਾਈ ਏਕੜ ਤੱਕ 4.09 ਲੱਖ ਰੁਪਏ
ਢਾਈ ਤੋਂ ਪੰਜ ਏਕੜ 5.29 ਲੱਖ ਰੁਪਏ
ਪੰਜ ਏਕੜ ਤੋਂ 10 ਏਕੜ 7.42 ਲੱਖ ਰੁਪਏ ➢ ਦਸ ਤੋਂ 15 ਏਕੜ 10.22 ਲੱਖ ਰੁਪਏ ➢ 15 ਤੋਂ 20 ਏਕੜ 10.57 ਲੱਖ ਰੁਪਏ ➢ 20 ਏਕੜ ਤੋਂ ਉਪਰ 13.19 ਲੱਖ ਰੁਪਏ

# ਐਸ.ਸੀ. ਕਮਿਸ਼ਨ ਵਲੋਂ ਐਸ.ਐਸ.ਪੀ ਫਰੀਦਕੋਟ ਤੋਂ ਰਿਪੋਰਟ ਤਲਬ

**ਚੰਡੀਗੜ੍ਹ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵਲੋਂ ਸੀਨੀਅਰ ਪੁਲਿਸ ਕਪਤਾਨ ਫਰੀਦਕੋਟ ਤੋਂ ਕੁਲਦੀਪ ਸਿੰਘ ਅਤੇ ਹੋਰ ਬਨਾਮ ਪੰਜਾਬ ਰਾਜ ਅਤੇ ਹੋਰ ਮਾਮਲੇ ਵਿਚ ਹੁਣ ਤੱਕ ਕੀਤੀ ਗਈ ਕਾਰਵਾਈ ਸਬੰਧੀ ਰਿਪੋਰਟ ਤਲਬ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਜਸਵੀਰ ਕੌਰ, ਪੰਚ ਬੰਸਾ ਸਿੰਘ ਪੰਚ ਅਮਰੀਕ ਸਿੰਘ ਅਤੇ ਹੋਰਨਾਂ ਖਿਲਾਫ ਐਸ.ਸੀ./ਐਸ.ਟੀ ਐਕਟ ਤਹਿਤ ਐਫ.ਆਈ.ਆਰ ਦਰਜ ਕਰਨ ਸੰਬੰਧੀ ਮਾਮਲੇ ਵਿਚ ਸ੍ਰੀਮਤੀ ਅਮਨਦੀਪ ਕੌਰ ਸਰਪੰਚ, ਪਤਨੀ ਸ੍ਰੀ ਕੁਲਦੀਪ ਸਿੰਘ, ਵਾਸੀ ਗ੍ਰਾਮ ਪੰਚਾਇਤ, ਚੰਦ ਭਾਨ ਬਲਾਕ ਜੈਤੋ, ਜਿਲ੍ਹਾ ਫਰੀਦਕੋਟ ਤੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਜਿਸ ਵਿੱਚ ਮਿਤੀ 25-03-2026 ਨਿਰਧਾਰਿਤ ਕੀਤੀ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਪੰਜਾਬ ਪੁਲਿਸ ਤੋਂ ਪ੍ਰਾਪਤ ਰਿਪੋਰਟ ਨੂੰ ਵਿਚਾਰਨ ਉਪਰੰਤ ਕਮਿਸ਼ਨ ਨੇ ਚਾਹਿਆ ਹੈ ਕਿ ਸੁਪਰੀਮ ਕੋਰਟ ਵਿੱਚ ਵਿਚਾਰ ਅਧੀਨ ਸਪੈਸ਼ਲ ਲੀਵ ਪਟੀਸ਼ਨ ਨੰਬਰ 13440 ਆਫ਼ 2025 ਨੂੰ ਮੁੱਖ ਰੱਖਦੇ ਹੋਏ ਦੋਸ਼ੀਆਂ ਦੀ ਗ੍ਰਿਫਤਾਰੀ ਰਿਪੋਰਟ ਤੇ ਹੋਰ ਕਾਨੂੰਨੀ ਕਾਰਵਾਈ ਬਾਰੇ ਮੁਕੰਮਲ ਰਿਪੋਰਟ ਡੀ.ਐਸ.ਪੀ. ਪੱਧਰ ਦੇ ਅਧਿਕਾਰੀ ਰਾਹੀਂ ਪੜਤਾਲ ਕਰਵਾ ਕੇ ਮਿਤੀ 25-03-2026 ਨੂੰ ਭੇਜੀ ਜਾਵੇ।

# 'ਆਰਟ ਆਫ਼ ਲਿਵਿੰਗ' ਵੱਲੋਂ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਵਿਖੇ ਸੈਮੀਨਾਰ ਆਯੋਜਿਤ



**ਸੰਗਰੂਰ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਵਿਖੇ 'ਆਰਟ ਆਫ ਲਿਵਿੰਗ' ਅਧਾਰਿਤ ਇੱਕ ਪ੍ਰੇਰਣਾਦਾਇਕ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਤੀਸਰੀ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਹ ਸੈਮੀਨਾਰ ਮਿਸ ਚਾਂਦਨੀ ਅਤੇ ਮਿਸ ਪੂਨਮ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਜੀਵਨ ਦੇ ਤਣਾਅ ਤੋਂ ਮੁਕਤੀ, ਧਿਆਨ, ਸਾਹ ਲੈਣ ਦੀਆਂ ਤਕਨੀਕਾਂ ਅਤੇ ਸਕਾਰਾਤਮਕ ਸੋਚ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਬੜੀ ਦਿਲਚਸਪੀ ਨਾਲ ਸੈਸ਼ਨ ਵਿੱਚ ਹਿੱਸਾ ਲਿਆ ਅਤੇ ਆਪਣੇ ਜੀਵਨ ਵਿੱਚ ਇਨਾਂ ਤਰੀਕਿਆਂ ਨੂੰ ਅਪਣਾਉਣ ਲਈ ਪ੍ਰੇਰਿਤ ਹੋਏ।

ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਮਨਦੀਪ ਛੰਨਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰਾਂ ਦੇ ਸੈਮੀਨਾਰ ਵਿਦਿਆਰਥੀਆਂ ਦੇ ਸਮੂਹਿਕ ਵਿਕਾਸ ਲਈ ਬਹੁਤ ਜਰੂਰੀ ਹਨ। ਉਨਾਂ ਨੇ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਮਨ ਦੀ ਸਾਂਤੀ ਅਤੇ ਆਤਮ ਵਿਸ਼ਵਾਸ ਵੀ ਬਹੁਤ ਮਹੱਤਵਪੂਰਨ ਹਨ।

ਸਕੂਲ ਚੇਅਰਮੈਨ ਇੰਜੀਨੀਅਰ ਸ਼ਿਵ ਆਰੀਆ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਆਰਟ ਆਫ ਲਿਵਿੰਗ ਵਰਗੀਆਂ ਸੰਸਥਾਵਾਂ ਵਿਦਿਆਰਥੀਆਂ ਨੂੰ ਜੀਵਨ ਜਿਉਣ ਦਾ ਸਹੀ ਢੰਗ ਸਿਖਾਉਂਦੀਆਂ ਹਨ, ਜੋ ਉਨਾਂ ਦੇ ਭਵਿੱਖ ਨੂੰ ਮਜ਼ਬੂਤ ਬਣਾਉਂਦੀਆਂ ਹਨ। ਪ੍ਰੈਜੀਡੈਂਟ ਡਾਕਟਰ ਸੀਮਾ ਅਰੋੜਾ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਵਿੱਚ ਸਕਾਰਾਤਮਕ ਊਰਜਾ ਪੈਦਾ ਕਰਦੇ ਹਨ ਅਤੇ ਉਨਾਂ ਨੂੰ ਸਿਹਤਮੰਦ ਜੀਵਨ ਸੈਲੀ ਵੱਲ ਪ੍ਰੇਰਿਤ ਕਰਦੇ ਹਨ।

ਇਸ ਮੌਕੇ ਸਕੂਲ ਸੀਈਓ ਭਾਵਨਾ ਪੌਲ ਨੇ ਵੀ ਆਪਣੇ ਸਬਦਾਂ ਵਿੱਚ ਕਿਹਾ ਕਿ ਵਿਦਿਆਰਥੀਆਂ ਦਾ ਮਾਨਸਿਕ ਅਤੇ ਭਾਵਨਾਤਮਕ ਵਿਕਾਸ ਵੀ ਸਿੱਖਿਆ ਦਾ ਮਹੱਤਵਪੂਰਨ ਹਿੱਸਾ ਹੈ ਅਤੇ ਅਜਿਹੇ ਉਪਰਾਲੇ ਇਸ ਦਿਸਾ ਵਿੱਚ ਇੱਕ ਕਾਬਿਲ-ਏ-ਤਾਰੀਫ ਕਦਮ ਹਨ। ਸੈਮੀਨਾਰ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਇਸ ਤਰਾਂ ਦੇ ਹੋਰ ਪ੍ਰੋਗਰਾਮਾਂ ਦੀ ਇੱਛਾ ਜਾਹਰ ਕੀਤੀ।

# ਚੌਥਾ ਦਰਜਾ ਮੁਲਾਜਮਾ ਨੇ ਵਿਸ਼ਾਲ ਰੈਲੀਆਂ ਕਰਕੇ ਫੂਕਿਆ ਸਰਕਾਰ ਦਾ ਬੱਜਟ : ਦਰਸ਼ਨ ਲੁਬਾਣਾ, ਰਣਜੀਤ ਰਾਣਵਾਂ

**ਪਟਿਆਲਾ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਵਲੋਂ ਦਿੱਤੇ ਸੱਦੇ ਤੇ ਸੂਬੇ ਭਰਦੇ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਚੌਥਾ ਦਰਜਾ ਮੁਲਾਜਮਾਂ ਨੇ ਜਿਲਾ ਖਜਾਨਾ ਦਫਤਰਾਂ ਅੱਗੇ ਵਿਸ਼ਾਲ ਰੈਲੀਆਂ ਕਰਕੇ ਪੰਜਾਬ ਸਰਕਾਰ ਦਾ ਖੋਖਲਾ ਬੱਜਟ ਸਾੜ ਦਿੱਤਾ। ਯੂਨੀਅਨ ਦੇ ਸੂਬਾਈ ਪ੍ਰਮੁੱਖ ਆਗੂਆਂ ਦਰਸ਼ਨ ਸਿੰਘ ਲੁਬਾਣਾ, ਸੁਖਦੇਵ ਸਿੰਘ ਸੁਰਤਾਪੁਰੀ, ਰਣਜੀਤ ਸਿੰਘ ਰਾਣਵਾਂ, ਜ਼ਸਵਿੰਦਰ ਪਾਲ ਉੱਘੀ, ਦੀਪ ਚੰਦ ਹੰਸ, ਮਲਾ ਸਿੰਘ ਪੁਨਾਵਾਲ, ਵੇਦ ਪ੍ਰਕਾਸ਼ ਜਲੰਧਰ, ਡਿੰਪਲ ਰਹੋਲਾ, ਰਾਮ ਲਾਲ ਰਾਮਾ, ਗੁਰਮੇਲ ਸਿੰਘ ਮੈਡਲੇ, ਸੁਭਾਸ਼ ਮੱਟੂ ਜਲੰਧਰ, ਚੰਦਨ ਸਿੰਘ, ਕ੍ਰਿਸ਼ਨ ਪ੍ਰਸਾਦ ਚੰਡੀਗੜ੍ਹ, ਪਵਨ ਮੋਡੀਆਲ ਮੁਹਾਲੀ, ਆਰ.ਪੀ. ਭੱਟੀ ਕਪੂਰਥਲਾ, ਸੀਤਾ ਰਾਮ ਸ਼ਰਮਾ, ਕ੍ਰਿਸ਼ਨ ਬਠਿੰਡਾ, ਜਗਤਾਰ ਲਾਲ ਸਮਾਣਾ ਆਦਿ ਆਗੂਆਂ ਨੇ ਵੱਖ—ਵੱਖ ਥਾਵਾਂ ਤੇ ਬਜਟ ਫੂੱਕ ਰੈਲੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਵਿੱਤ ਮੰਤਰੀ ਭਾਵੇਂ ਕਿ ਦਲਿਤ ਸਮਾਜ ਨਾਲ ਸਬੰਧਤ ਹਨ, ਪਰੰਤੂ 85 ਫੀਸਦੀ ਦਲੀਤ ਸਮਾਜ ਨਾਲ ਸਬੰਧਤ ਚੋਥਾ ਦਰਜਾ ਮੁਲਾਜਮਾਂ ਨੂੰ ਜਿਸ ਵਿੱਚ ਨਗਰ ਨਿਗਮ, ਨਗਰ ਕੌਂਸਲਾ ਅਤੇ ਨਗਰ ਪ੍ਰੀਸ਼ਦਾ ਆਦਿ ਅਦਾਰਿਆਂ ਵਿੱਚ ਕੰਮ ਕਰਦੇ ਸਫਾਈ ਸੇਵਕਾਂ, ਸਿਵਰਮੈਨਾਂ ਨੂੰ ਬੱਜਟ ਵਿੱਚ ਕੋਈ ਰਾਹਤ ਦੀ ਵਿਵਸਥਾ ਨਹੀਂ ਕੀਤੀ ਅਤੇ ਨਾ ਹੀ ਵਰਕਚਾਰਜ, ਦਿਹਾੜੀਦਾਰ, ਟੈਂਪਰੇਰੀ, ਅਡਹਾਕ, ਕੰਟਰੈਕਟ, ਆਊਟ ਸੋਰਸ, ਮਸਟਰੋਲਾ, ਪਾਰਟ ਟਾਇਮ, ਸਕੀਮ ਕਰਮੀਆਂ ਨੂੰ ਪੱਕੇ ਕਰਨ ਦਾ ਐਲਾਨ ਕੀਤਾ ਹੈ। ਇੱਥੋਂ ਤੱਕ ਕਿ ਮਾਨਯੋਗ ਉੱਚ ਅਦਾਲਤਾਂ ਦੇ ਵਾਰ—ਵਾਰ ਆਏ ਫੈਸਲਿਆਂ ਦੇ ਬਾਵਜੂਦ ਬਰਾਬਰ ਕੰਮ ਬਰਾਬਰ ਤਨਖਾਹ ਦੇਣ ਦੇ ਫੈਸਲੇ ਲਾਗੂ ਕਰਨ ਤੇ ਸੇਵਾਵਾਂ ਦੀਆਂ ਨਿਯਮਤ ਨਿਯੁਕਤੀਆਂ ਕਰਨ ਅਤੇ ਠੇਕੇਦਾਰੀ ਪ੍ਰਥਾ ਦਾ ਖਾਤਮਾ ਕਰਨ ਵਰਗੇ ਇਸ਼ੂਆਂ ਦਾ ਜਿਕਰ ਕੀਤਾ ਹੈ ਤਾਂ ਇਹ ਮੁਲਾਜਮ ਮਜਦੂਰ, ਦਲਿਤ ਵਿਰੋਧੀ ਬੱਜਟ ਦੀ ਸਾੜ ਫੂੱਕ ਰੈਲੀ ਕਰਨੀ ਬਣਦੀ ਸੀ। ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਨੇ ਕਿਹਾ ਕਿ ਪੰਜਾਬ ਦੇ ਖਜਾਨਾ ਮੰਰਤੀ ਜੀ ਵਲੋਂ ਜ਼ੋ 8 ਮਾਰਚ ਨੂੰ ਸਾਲ 2026—27 ਲਈ ਵਿਧਾਨ ਸਭਾ ਵਿੱਚ ਬਜਟ ਪੇਸ਼ ਕੀਤਾ ਹੈ ਉਸ ਵਿੱਚ ਮੁਲਾਜਮਾਂ ਅਤੇ ਪੈਨਸ਼ਨਰਾਂ ਦੀ ਡਿਊ 16 ਫੀਸਦੀ ਡੀ.ਏ ਅਤੇ ਏਰੀਅਰ ਬਾਰੇ ਕਾਣੀ ਕੌਡੀ ਵੀ ਨਹੀਂ ਰੱਖੀ ਗਈ, ਪੁਰਾਣੀ ਪੈਨਸ਼ਨ ਸਕੀਮ, 15—01—2015 ਰਾਹੀਂ ਪਰਖ ਕਾਲ ਸਮੇਂ ਵਿੱਚ ਸਿਰਫ ਬੇਸਿਕ ਪੇਅ ਦੇਣ ਅਤੇ 17 ਜੁਲਾਈ 2020 ਤੋਂ ਭਰਤੀ ਮੁਲਾਜਮਾਂ ਤੇ ਕੇਂਦਰੀ ਸਕੇਲ ਦੀ ਬਜਾਏ ਪੰਜਾਬ ਦੇ ਸਕੇਲ ਲਾਗੂ ਕਰਨ ਅਤੇ ਕੱਟੇ 37 ਕਿਸਮ ਦੇ ਭੱਤਿਆਂ ਦੀ ਬਹਾਲੀ, ਕੱਚੇ, ਠੇਕਾ ਮੁਲਾਜਮਾਂ ਨੂੰ ਪੱਕਾ ਕਰਨਾ, ਸਕੀਮ ਵਰਕਰਾਂ ਨੂੰ ਪੱਕਾ ਕਰਨਾ, ਸਰਕਾਰੀ ਸਕੂਲਾਂ ਵਿਚਲਿਆਂ ਮਿਡ—ਡੇ—ਮਿਲ ਵਰਕਰਾਂ ਅਤੇ ਸਫਾਈ ਸੇਵਕ 3000/— ਰੁਪਏ ਤੇ ਚੌਕੀਦਾਰ 5000/— ਰੁਪਏ ਨੂੰ ਘੱਟੋ—ਘੱਟ 35000/— ਰੁਪਏ ਉਜਰਤਾ ਦੇਣ ਤੇ ਪੱਕਾ ਕਰਨਾ, ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣਾ ਅਤੇ 01—01—2026 ਤੋਂ ਸੱਤਵੇਂ ਪੇਅ ਕਮਿਸ਼ਨ ਦੀ ਸਥਾਪਨਾ ਆਦਿ ਬਾਰੇ ਬਜਟ ਵਿੱਚ ਕੋਈ ਜਿਕਰ ਤੱਕ ਨਹੀਂ ਕੀਤਾ ਗਿਆ। ਇਸ ਤੋਂ ਬਿਨਾਂ ਦਰਜਾਚਾਰ ਮੁਲਾਜਮਾਂ ਦੀਆਂ ਵਰਦੀਆਂ ਦੇ ਬਿੱਲ, ਜੀ.ਪੀ.ਫੰਡ ਅਡਵਾਂਸ, ਮੈਡੀਕਲ ਬਿੱਲਾਂ ਦੀ ਪੂਰਤੀ ਅਤੇ ਸੇਵਾ ਮੁਕਤੀ ਤੇ ਫਾਇਨਲ ਪੇਮਟਾਂ ਨਹੀਂ ਹੋ ਰਹੀਆਂ ਹਨ। ਰੈਲੀ ਵਿੱਚ ਇਹ ਮੰਗ ਜ਼ੋਰਦਾਰ ਢੰਗ ਨਾਲ ਉਠਾਈ ਗਈ ਕਿ 200 ਰੁਪਏ ਵਿਕਾਸ ਟੈਕਸ ਲੈਣਾ ਬੰਦ ਕੀਤਾ ਜਾਵੇ ਅਤੇ ਚੌਥਾ ਦਰਜਾ ਕਰਮਚਾਰੀਆਂ ਨੂੰ 2011 ਤੋਂ ਮਿਲ ਰਿਹਾ ਵਿਸ਼ੇਸ਼ ਸਲਾਨਾ ਇੰਕਰੀਮੈਂਟ ਜ਼ੋ ਖੋਹ ਲਿਆ ਗਿਆ ਹੈ ਨੂੰ ਬਹਾਲ ਕੀਤਾ ਜਾਵੇ ਅਤੇ ਰੈਗੂਲਰ ਭਰਤੀ ਕੀਤੀ ਜਾਵੇ, ਠੇਕਾ ਸਿਸਟਮ ਦਾ ਖਾਤਮਾ ਕੀਤਾ ਜਾਵੇ। ਵਿਭਾਗਾਂ ਦੇ ਪੁਨਰਗਠਨ ਦੌਰਾਨ ਖਤਮ ਕੀਤੀਆਂ ਦਰਜਾ ਚਾਰ, ਦਰਜਾ ਤਿੰਨ, ਟੈਕਨੀਕਲ ਤੇ ਡਰਾਇਵਰ ਦੀਆਂ ਅਸਾਮੀਆਂ ਬਹਾਲ ਕੀਤੀਆਂ ਜਾਣ। ਵਿਭਾਗ ਵਿੱਚ ਠੇਕੇ ਤੇ ਵਹਿਕਲ ਲੈਣੇ ਬੰਦ ਕੀਤੇ ਜਾਣ। ਡੀ.ਸੀ. ਦਫਤਰਾਂ ਤੇ ਮਨਿਸਟਰੀਲੀਅਲ ਕਰਮਚਾਰੀਆਂ ਦੀ ਹੜਤਾਲ ਦੀ ਹਮਾਇਤ ਕੀਤੀ ਗਈ। ਇਹ ਮੰਗ ਵੀ ਜ਼ੋਰਦਾਰ ਢੰਗ ਨਾਲ ਉਠਾਈ ਗਈ ਕਿ ਰੈਗੂਲਾਈਜੇਸ਼ਨ ਨੀਤੀ 2023 ਅਨੁਸਾਰ ਰੈਗੂਲਰ ਕੀਤੇ ਮੁਲਾਜਮਾਂ ਨੂੰ ਮੁੱਢਲਾ ਤਨਖਾਹ ਸਕੇਲ 18000/— ਰੁਪਏ ਤੇ ਸਾਰੇ ਭੱਤੇ ਦਿੱਤੇ ਜਾਣ ਅਤੇ ਸੇਵਾ ਨਿਵਰਤੀ 60 ਸਾਲ ਦੀ ਉਮਰ ਵਿੱਚ ਕੀਤੀ ਜਾਵੇ ਨਾ ਕਿ 58 ਸਾਲ ਵੱਖ—ਵੱਖ ਵਿਭਾਗਾਂ ਵਿੱਚ ਰੁੱਕੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ।

ਰੈਲੀ ਦੌਰਾਨ ਮੁਲਾਜਮ ਸੰਘਰਸ਼ਾਂ ਤੇ ਸਰਕਾਰ ਵਲੋਂ ਤਸਦਦ ਕਰਵਾਉਣ ਦੀ ਵੀ ਸਖਤ ਨਿੰਦਾ ਕੀਤੀ ਗਈ। ਇਨ੍ਹਾਂ ਕਿਹਾ ਕਿ ਮੁੱਖ ਮੰਤਰੀ ਵਲੋਂ ਔਰਤਾਂ ਪ੍ਰਤੀ ਵਰਤੀ ਭੱਦੀ ਭਾਸ਼ਾ ਦੀ ਵੀ ਨਿੰਦਾ ਕੀਤੀ ਗਈ। ਇਹਨਾਂ ਸਾਰੀਆਂ ਗੱਲਾਂ ਦਾ ਲੇਖਾ ਜ਼ੋਖਾ ਆਉਣ ਵਾਲੀ ਵਿਧਾਨ ਸਭ ਚੋਣਾ ਵਿੱਚ ਕੀਤਾ ਜਾਵੇਗਾ।

ਇੱਥੇ ਮਿੰਨੀ ਸਕੱਤਰੇਤ ਵਿਖੇ ਜਿਲਾ ਖਜਾਨਾ ਦਫਤਰ ਅੱਗੇ ਕੀਤੀ ਗਈ ਬੱਜਟ ਫੁਕ ਵਿਸ਼ਾਲ ਰੈਲੀ ਵਿੱਚ ਕੰਮ ਕਾਜੀ ਮਹਿਲਾਵਾਂ ਸਕੀਮ ਕਰਮੀਆਂ ਅਤੇ ਕੱਚੇ ਕਰਮੀਆਂ ਨੇ ਵੱਧ ਚੜ੍ਹਕੇ ਸ਼ਾਮਲ ਹੋਏ ਤੇ ਮੁੱਖ ਮੰਤਰੀ ਸਮੇਤ ਵਿੱਤ ਮੰਤਰੀ ਦਾ ਜ਼ੋਰਦਾਰ ਪਿੱਟ ਸਿਆਪਾ ਕੀਤਾ ਗਿਆ। ਇਸ ਮੌਕੇ ਤੇ ਜ਼ੋ ਆਗੂ ਸ਼ਾਮਲ ਸਨ ਉਹਨਾਂ ਵਿੱਚ ਰਾਮ ਲਾਲ ਰਾਮਾ, ਸ਼ਿਵ ਚਰਨ, ਸੂਰਜ ਪਾਲ ਯਾਦਵ, ਦੀਪ ਚੰਦ ਹੰਸ, ਗੁਰਦਰਸ਼ਨ ਸਿੰਘ, ਸੰਦੀਪ ਬਾਲੀ, ਇੰਦਰਪਾਲ ਵਾਲਿਆ, ਸਤਿਨਰਾਇਣ ਗੋਨੀ, ਮੋਹਨ ਲਾਲ, ਨੀਸ਼ਾ ਰਾਣੀ, ਰਾਜੇਸ਼ ਗੋਲੂ, ਸਵਰਨ ਸਿੰਘ ਬੰਗਾ, ਮੱਖਣ ਸਿੰਘ ਆਬਕਾਰੀ, ਮੇਘੂ ਰਾਮ, ਵੇਦ ਪ੍ਰਕਾਸ਼, ਪ੍ਰਕਾਸ਼ ਸਿੰਘ ਲੁਬਾਣਾ, ਜ਼ਸਪਾਲ ਸਿੰਘ ਮਹਿਮਾ, ਉਂਕਾਰ ਸਿੰਘ ਦਮਨ, ਰਾਜੇਸ਼ ਕੁਮਾਰ, ਸੁਭਾਸ਼, ਰਾਮ ਜ਼ੋਧਾ, ਕਰਮਜੀਤ ਸਿੰਘ ਟਿੱਕਾ, ਹਰਬੰਸ ਵਰਮਾ, ਰਤਨਜੀਤ, ਸੰਜੀਵ ਕੁਮਾਰ, ਬਲਜੀਤ ਸਿੰਘ ਬੱਲੀ, ਤਰਲੋਚਨ ਮੰਡੋਲੀ, ਤਰਲੋਚਨ ਮਾੜੂ, ਸੋਮ ਨਾਥ, ਦਯਾ ਸ਼ੰਕਰ, ਜ਼ਸਪਾਲ ਸਿੰਘ, ਰਾਜ ਕੁਮਾਰ ਸਨੌਰ, ਹੈਪੀ ਸਨੌਰ, ਅਮਰਨਾਥ, ਹਰਨਾਮ ਸਿੰਘ, ਸਤਨਾਮ ਸਿੰਘ, ਰਾਮ ਦਾਸ, ਹਰਦੀਪ ਸਿੰਘ, ਸੁਨਿਲ ਦੱਤ, ਰਾਮ ਜ਼ੋਧਾ, ਮੋਨੀਕਾ, ਕਮਲੇਸ਼ ਗੋਨੀ।

# ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਦੇ ਕੱਟੇ ਚਲਾਨ, ਮੋਟਰਸਾਈਕਲ ਕੀਤਾ ਜਬਤ



**ਮਾਛੀਵਾੜਾ ਸਾਹਿਬ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਟਰੈਫਿਕ ਨਿਯਮਾਂ ਦੀ ਸੁਚਾਰੂ ਢੰਗ ਨਾਲ ਪਾਲਣਾ ਕਰਨ ਹਿੱਤ ਐਸ.ਐਸ.ਪੀ. ਖੰਨਾ ਮੈਡਮ ਦਰਪਣ ਆਹਲੂਵਾਲੀਆ ਡੀ.ਐਸ.ਪੀ.ਟਰੈਫਿਕ ਕਰਮਜੀਤ ਸਿੰਘ ਗਰੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਛੀਵਾੜਾ ਸਾਹਿਬ ਟਰੈਫਿਕ ਇੰਚਾਰਜ ਜਸਵੀਰ ਸਿੰਘ ਵੱਲੋਂ ਵਾਹਨਾਂ ਦੀ ਚੈਕਿੰਗ ਕਰਦਿਆਂ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਗਏ।

ਨਾਕੇ ਦੇ ਮੌਜੂਦ ਸਹਾਇਕ ਥਾਣੇਦਾਰ ਜਸਵੀਰ ਸਿੰਘ ਟਰੈਫਿਕ ਇੰਚਾਰਜ ਮਾਛੀਵਾੜਾ ਸਾਹਿਬ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਉਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਜਿਨਾਂ ਕੋਲ ਮੌਜੂਦਾ ਵਾਹਨ ਦੇ ਕਾਗਜ਼ਾਤ ਪੂਰੇ ਨਹੀਂ ਹਨ ਉਹਨਾਂ ਦੇ ਚਲਾਨ ਕੱਟੇ ਜਾ ਰਹੇ ਹਨ ।ਅੱਜ ਮਾਛੀਵਾੜਾ ਸਾਹਿਬ ਵਾਹਨਾਂ ਨੂੰ ਰੋਕ ਕੇ ਚੈਕਿੰਗ ਕੀਤੀ ਅਤੇ ਕਾਗਜਾਂ ਦੀ ਕਮੀ ਵਾਲਿਆਂ ਨੂੰ ਚੇਤਾਵਨੀ ਵੀ ਦਿੱਤੀ ਅਤੇ ਜਿਨ੍ਹਾਂ ਕੋਲ ਕੋਈ ਵੀ ਕਾਗਜ਼ ਪੱਤਰ ਮੌਜੂਦ ਨਹੀਂ ਸੀ ਜਾਂ ਨੰਬਰ ਪਲੇਟ ਵੀ ਨਹੀਂ ਲੱਗੀ ਸੀ ,ਉਹਨਾਂ ਮੋਟਰਸਾਈਕਲ ਨੂੰ ਜਬਤ ਕਰ ਥਾਣੇ ਖੜਾ ਦਿੱਤਾ ਗਿਆ। ਉਹਨਾਂ ਵਾਹਨ ਚਾਲਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਾਹਨ ਚਾਲਕ ਆਪਣੇ ਵਾਹਨਾਂ ਦੇ ਕਾਗਜ਼ਾਤ ਪੂਰੇ ਰੱਖਣ ਤਾਂ ਜੋ ਕਿਸੇ ਵੀ ਸਮੱਸਿਆ ਦਾ ਉਹਨਾਂ ਨੂੰ ਸਾਹਮਣਾ ਨਾ ਕਰਨਾ ਪਵੇ। ਉਹਨਾਂ ਕਿਹਾ ਕਿ ਖਾਸ ਤੌਰ ਤੇ ਨੌਜਵਾਨ ਮੋਟਰਸਾਈਕਲਾਂ ਤੇ ਵੱਡੇ ਹਾਰਨ ਲਗਾਕੇ ਨੰਬਰ ਪਲੇਟਾਂ ਉਤਾਰ, ਨਿਯਮਾਂ ਦੀ ਉਲੰਘਣਾ ਕਰਦੇ ਬਾਜ਼ਾਰਾਂ ਵਿੱਚ ਮੋਟਰਸਾਈਕਲ ਦੌੜਾਈ ਫਿਰਦੇ ਹਨ ਉਹਨਾਂ ਤੇ ਸਖਤ ਕਾਰਵਾਈ ਕੀਤੀ ਜਾਵੇਗੀ। ਇੱਥੋਂ ਤੱਕ ਕਿ ਜਬਤ ਕੀਤੇ ਗਏ ਮੋਟਰਸਾਈਕਲ ਥਾਣੇ ਖੜਾ ਦਿੱਤੇ ਜਾਣਗੇ ਅਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਕਿਹਾ ਕਿ ਨਿਯਮਾਂ ਦੀ ਉਲੰਘਣ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਇਹ ਬਖਸ਼ਿਆ ਨਹੀਂ ਜਾਵੇਗਾ।

# ਕੈਲਸ਼ੀਅਮ ਤੇ ਵਿਟਾਮਿਨ ਡੀ ਦੀ ਮਹੱਤਤਾ

ਅਮਰਜੀਤ ਕੌਰ ਵਿਰਦੀ

ਕੈਲਸ਼ੀਅਮ ਇਕ ਅਜਿਹਾ ਮਿਨਰਲ ਹੈ ਜੋ ਜੀਵਨ ਲਈ ਅਤਿ ਜ਼ਰੂਰੀ ਹੈ। ਇਹ ਸਰੀਰ ਦੇ ਸੈੱਲਾਂ ਦੀਆਂ ਜੀਵ ਰਸਾਇਣ ਕਿਰਿਆਵਾਂ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

- ਇਸ ਕਰਕੇ ਇਸ ਨੂੰ ਨਿਊਰੋਮੀਟਰ ਵੀ ਕਿਹਾ ਜਾਂਦਾ ਹੈ।
- ਹੱਡੀਆਂ ਦੇ ਬਣਨ, ਵਧਣ, ਮਜ਼ਬੂਤੀ ਦੇਣ ਤੇ ਸੈੱਲ ਮੈਂਬਰੇਨ ਦੇ ਬਣਨ 'ਚ ਸਹਾਈ ਹੈ।
- ਮਾਸ-ਪੇਸ਼ੀਆਂ ਦੇ ਸੁੰਗੜਨ ਤੇ ਫੈਲਣ 'ਚ ਸਹਾਈ ਹੈ।
- ਖ਼ੂਨ ਬਣਾਉਣ 'ਚ ਸਹਾਈ ਹੁੰਦਾ ਹੈ।
- ਸਰੀਰ 'ਚ ਕਈ ਇਨਜ਼ਾਇਮਜ਼ ਨੂੰ ਬਣਾਉਂਦਾ ਹੈ।
- ਭਰੂਣ ਨੂੰ ਵੀ ਬਣਾਉਂਦਾ ਹੈ।
- ਕੈਲਸ਼ੀਅਮ ਨਿਕੜੇ-ਅੰਗ ਮਾਈਟੋਕਾਂਡਰੀਆ 'ਚ ਜਮ੍ਹਾਂ ਹੁੰਦਾ ਹੈ।

ਵਿਟਾਮਿਨ ਡੀ3 ਦੀ ਐਕਟਿਵ ਕਿਸਮ ਭੋਜਨ ਆਂਤੜੀ 'ਚੋਂ ਕੈਲਸ਼ੀਅਮ ਸੋਖਣ 'ਚ ਸਹਾਇਤਾ ਕਰਦੀ ਹੈ। ਵਿਟਾਮਿਨ ਡੀ ਦੀ ਘਾਟ ਹੋਵੇ ਤਾਂ ਕੈਲਸ਼ੀਅਮ ਦਾ ਸੋਖਣਾ ਨਹੀਂ ਹੁੰਦਾ ਤੇ ਹੱਡੀਆਂ ਕਮਜ਼ੋਰ ਹੋ ਜਾਂਦੀਆਂ ਹਨ। ਔਰਤਾਂ ਨੂੰ ਪੁਰਸ਼ਾਂ ਨਾਲੋਂ ਘੱਟ ਉਮਰ 'ਚ ਹੀ ਜ਼ਿਆਦਾ ਕੈਲਸ਼ੀਅਮ ਦੀ ਲੋੜ ਪੈ ਜਾਂਦੀ ਹੈ। 150 ਸਾਲ ਦੀ ਉਮਰ ਤਕ ਪੁਰਸ਼ ਤੇ ਔਰਤਾਂ ਨੂੰ ਲਗਪਗ 1,000 ਮਿਲੀਗ੍ਰਾਮ ਕੈਲਸ਼ੀਅਮ ਦੀ ਲੋੜ ਹੁੰਦੀ ਹੈ ਪਰ 50 ਸਾਲ ਦੀ ਉਮਰ ਤੋਂ ਬਾਅਦ ਔਰਤਾਂ ਨੂੰ 1200 ਮਿਲੀਗ੍ਰਾਮ ਕੈਲਸ਼ੀਅਮ ਦੀ ਲੋੜ ਹੁੰਦੀ ਹੈ। ਜਦ ਕਿ ਪੁਰਸ਼ਾਂ ਨੂੰ 60-65 ਸਾਲ ਦੀ ਉਮਰ 'ਚ ਇਸ ਤਰ੍ਹਾਂ ਦੀ ਲੋੜ ਪੈਂਦੀ ਹੈ। ਬੱਚਿਆਂ ਨੂੰ 4-8 ਸਾਲ ਦੀ ਉਮਰ ਤਕ ਲਗਪਗ 1,000 ਮਿਲੀਗ੍ਰਾਮ ਤੇ 9-18 ਸਾਲ ਦੀ ਉਮਰ 'ਚ ਲਗਪਗ 1300 ਮਿਲੀਗ੍ਰਾਮ ਕੈਲਸ਼ੀਅਮ ਦੀ ਲੋੜ ਪੈਂਦੀ ਹੈ।

**• ਕੈਲਸ਼ੀਅਮ ਦੀ ਘਾਟ ਕਿਵੇਂ ਹੋ ਜਾਂਦੀ ਹੈ?**

ਹਰ ਰੋਜ਼ ਸਾਡੇ ਸਰੀਰ 'ਚੋਂ ਚਮੜੀ ਰਾਹੀਂ, ਨਹੁੰਆਂ ਰਾਹੀਂ, ਵਾਲ਼ਾਂ ਦੇ ਝੜਨ ਨਾਲ, ਪਸੀਨੇ ਦੁਆਰਾ, ਪਿਸ਼ਾਬ ਰਾਹੀਂ ਤੇ ਪਖਾਨੇ ਰਾਹੀਂ ਤੇ ਹੱਡੀਆਂ ਦੀ ਟੁੱਟ ਭੱਜ ਨਾਲ ਵੀ ਕੈਲਸ਼ੀਅਮ ਸਰੀਰ 'ਚ ਘੱਟਦਾ ਰਹਿੰਦਾ ਹੈ। ਇਸ ਲਈ ਕੈਲਸ਼ੀਅਮ ਦੀ ਸਾਨੂੰ ਰੋਜ਼ਾਨਾ ਭੋਜਨ 'ਚ ਲੋੜ ਹੁੰਦੀ ਹੈ।

**ਸੂਰਜ ਦੀਆਂ ਕਿਰਨਾਂ ਤੋਂ ਮਿਲਦਾ ਹੈ ਵਿਟਾਮਿਨ ਡੀ**

ਵਿਟਾਮਿਨ ਡੀ ਸੂਰਜ ਦੀਆਂ ਕਿਰਨਾਂ ਦੁਆਰਾ ਅਸੀਂ ਪ੍ਰਾਪਤ ਕਰ ਸਕਦੇ ਹਾਂ। ਇਸ ਲਈ ਰੋਜ਼ਾਨਾ ਸਵੇਰ ਦੀ ਧੁੱਪ ਲਵਾਉਣ ਨਾਲ ਵਿਟਾਮਿਨ ਡੀ ਪ੍ਰਾਪਤ ਹੋ ਜਾਂਦਾ ਹੈ। ਵਿਟਾਮਿਨ ਡੀ ਭੋਜਨ ਦੇ ਰੂਪ 'ਚ ਫੈਟੀ ਫਿਸ਼ ਜਿਵੇਂ-ਟੂਨਾ, ਸੈਲਮਨ, ਸਾਰਡੀਨ ਆਦਿ। ਕਾਡ ਲਿਵਰ ਆਇਲ, ਆਂਡਾ, ਚੀਜ, ਸੰਤਰੇ ਦਾ ਜੂਸ, ਸੋਇਆ ਮਿਲਕ ਆਦਿ ਤੋਂ ਪ੍ਰਾਪਤ ਹੁੰਦਾ ਹੈ।

**• ਕੈਲਸ਼ੀਅਮ ਕਿਵੇਂ ਪੂਰਾ ਕਰੀਏ?**

ਕੈਲਸ਼ੀਅਮ ਅਸੀਂ ਆਪਣੇ ਰੋਜ਼ਾਨਾ ਭੋਜਨ 'ਚ ਪ੍ਰਾਪਤ ਕਰਦੇ ਹਾਂ। ਇਸ ਲਈ ਰੋਜ਼ਾਨਾ ਲਗਪਗ ਦੋ ਗਲਾਸ ਘੱਟ ਫੈਟ ਵਾਲਾ ਦੁੱਧ ਆਮ ਵਿਅਕਤੀ ਲਈ ਤੇ ਬੱਚਿਆਂ ਨੂੰ ਇਸ ਤੋਂ ਜ਼ਿਆਦਾ ਦੁੱਧ ਦੀ ਲੋੜ ਹੁੰਦੀ ਹੈ। ਇਕ ਛੋਟੀ ਕਟੋਰੀ ਦਹੀਂ ਤੇ 30 ਕੁ ਗ੍ਰਾਮ ਪਨੀਰ ਇਹ ਸਾਰੇ ਦਿਨ ਦੀ ਡਾਈਟ 'ਚ ਸ਼ਾਮਿਲ ਕਰਨ ਨਾਲ ਕੈਲਸ਼ੀਅਮ ਦੀ ਰੋਜ਼ਾਨਾ ਲੋੜ ਪੂਰੀ ਹੁੰਦੀ ਰਹਿੰਦੀ ਹੈ। ਇਸ ਤੋਂ ਇਲਾਵਾ ਦੁੱਧ ਦੀ ਥਾਂ ਸੋਇਆ ਮਿਲਕ, ਸੁੱਕਾ ਦੁੱਧ ਜਾਂ ਬਾਦਾਮ ਦਾ ਦੁੱਧ ਵੀ ਵਰਤਿਆ ਜਾ ਸਕਦਾ ਹੈ। ਹਰੀਆਂ ਸਬਜ਼ੀਆਂ ਜਿਵੇਂ-ਬਰੋਕਲੀ, ਪਾਲਕ, ਸ਼ਿਮਲਾ ਮਿਰਚ, ਹਰੀ ਜਾਂ ਲਾਲ ਮਿਰਚ, ਮੂਲੀ ਜਾਂ ਮੂਲੀ ਦੇ ਪੱਤੇ, ਸ਼ਲਗਮ ਤੇ ਮੇਥੀ ਦੇ ਪੱਤੇ, ਹਰਾ ਧਨੀਆਂ, ਪੁਦੀਨਾ, ਹਰੇ ਪਿਆਜ਼, ਪਿਆਜ਼ ਦੀਆਂ ਹਰੀਆਂ ਭੂਕਾਂ, ਚੁਕੰਦਰ, ਮਸ਼ਰੂਮ, ਫੁੱਲ-ਗੋਭੀ, ਗਾਜਰਾਂ,ਤਿਲ ਆਦਿ ਪਦਾਰਥਾਂ 'ਚ ਕੈਲਸ਼ੀਅਮ ਕਾਫ਼ੀ ਮਾਤਰਾ 'ਚ ਪਾਈ ਜਾਂਦੀ ਹੈ। ਲਗਪਗ ਸਾਰੀਆਂ ਪੱਤੇਦਾਰ ਸਬਜ਼ੀਆਂ ਤੇ ਬਾਕੀ ਸਾਰੀਆਂ ਸਬਜ਼ੀਆਂ, ਫਲ, ਸੁਕੇ ਮੇਵੇ ਤੇ ਬੀਜਾਂ 'ਚੋਂ ਕੈਲਸ਼ੀਅਮ ਪਾਇਆ ਜਾ ਸਕਦਾ ਹੈ। ਕੈਲਸ਼ੀਅਮ ਤੋਂ ਇਲਾਵਾ ਆਇਰਨ, ਸੋਡੀਅਮ, ਪੋਟਾਸ਼ੀਅਮ, ਮੈਗਨੀਸ਼ੀਅਮ, ਫਾਰਸਫੋਰਸ, ਆਇਓਡੀਨ ਕਾਪਰ ਜ਼ਿੰਕ ਆਦਿ। ਮਿਨਰਲਜ਼ ਜਿਨ੍ਹਾਂ ਦੀ ਸਰੀਰ ਨੂੰ ਥੋੜ੍ਹੀ ਮਾਤਰਾ 'ਚ ਲੋੜ ਹੁੰਦੀ ਹੈ।



**ਸਬਜ਼ੀਆਂ, ਫਲ, ਸੁੱਕੇ ਮੇਵੇ ਤੇ ਬੀਜਾਂ 'ਚੋਂ ਕੈਲਸ਼ੀਅਮ ਪਾਇਆ ਜਾ ਸਕਦਾ ਹੈ। ਕੈਲਸ਼ੀਅਮ ਤੋਂ ਇਲਾਵਾ ਇਨ੍ਹਾਂ 'ਚ ਆਇਰਨ, ਸੋਡੀਅਮ, ਪੋਟਾਸ਼ੀਅਮ, ਮੈਗਨੀਸ਼ੀਅਮ ਹੁੰਦਾ ਹੈ ਜੋ ਸਿਹਤ ਲਈ ਬਹੁਤ ਲਾਭਕਾਰੀ ਹੈ...**

### ਕੈਲਸ਼ੀਅਮ ਦੀ ਘਾਟ ਦੇ ਲੱਛਣ

- ਯਾਦਦਾਸ਼ਤ ਘੱਟ ਸਕਦੀ ਹੈ।
- ਨਹੁੰ ਕਮਜ਼ੋਰ ਹੋ ਜਾਂਦੇ ਹਨ।
- ਦੰਦ ਭੁਰ ਕੇ ਟੁੱਟ ਸਕਦੇ ਹਨ।
- ਹੱਡੀਆਂ ਕਮਜ਼ੋਰ ਹੋ ਜਾਂਦੀਆਂ ਹਨ ਤਾਂ ਥੋੜ੍ਹੀ ਜਿਹੀ ਸੱਟ ਨਾਲ ਟੁੱਟ ਜਾਂਦੀਆਂ ਹਨ।
- ਡਿਪਰੈਸ਼ਨ ਦਾ ਇਕ ਕਾਰਨ ਕੈਲਸ਼ੀਅਮ ਦੀ ਘਾਟ ਹੋ ਸਕਦੀ ਹੈ।
- ਮਾਸ-ਪੇਸ਼ੀਆਂ ਦੀ ਹਿਲਜੁਲ ਘੱਟ ਜਾਂਦੀ ਹੈ।

45ਤੋਂ 50 ਕੁ ਸਾਲ ਦੀ ਉਮਰ ਤੋਂ ਬਾਅਦ ਆਪਣਾ ਕੈਲਸ਼ੀਅਮ ਟੈਸਟ ਕਰਵਾ ਲੈਣਾ ਚਾਹੀਦਾ ਹੈ ਤੇ ਡਾਕਟਰ ਦੀ ਸਲਾਹ ਨਾਲ ਜੇ ਲੋੜ ਹੋਵੇ ਤਾਂ ਕੈਲਸ਼ੀਅਮ ਸਪਲੀਮੈਂਟ ਵਰਤ ਲੈਣੇ ਚਾਹੀਦੇ ਹਨ ਤਾਂ ਜੋ ਕੈਲਸ਼ੀਅਮ ਸਰੀਰ 'ਚ ਪੂਰਾ ਰਹੇ ਤਾਂ ਇਨ੍ਹਾਂ ਸਾਰੀਆਂ ਪਰੇਸ਼ਾਨੀਆਂ ਤੋਂ ਬਚਿਆ ਜਾ ਸਕਦਾ ਹੈ।

95307-49092

## ਪਦਮ ਆਸਣ

ਪਦਮ ਆਸਣ ਯੋਗ ਦਾ ਸਭ ਤੋਂ ਮਹੱਤਵਪੂਰਨ ਆਸਣ ਹੈ। ਇਹ ਆਸਣ ਪ੍ਰਾਣਾਯਾਮ ਦਾ ਅਭਿਆਸ ਕਰਨ ਵਿਚ ਮਦਦ ਕਰਦਾ ਹੈ।

### ਜ਼ਰੂਰੀ ਸਮੱਗਰੀ

ਇਕ ਚਾਦਰ ਜਾਂ ਦਰੀ, ਸ਼ੁੱਧ ਅਤੇ ਸ਼ਾਂਤ ਵਾਤਾਵਰਨ।

### ਸਮਾਂ

ਇਸ ਆਸਣ ਨੂੰ ਖ਼ਾਲੀ ਪੇਟ ਕਰੋ ਜਾਂ ਖਾਣਾ ਖਾਣ ਤੋਂ ਤਿੰਨ ਚਾਰ ਘੰਟੇ ਬਾਅਦ ਕਰੋ। ਯੋਗ ਅਭਿਆਸ ਅਸੀਂ ਸਵੇਰ ਦੇ ਨਾਲ-ਨਾਲ ਸ਼ਾਮ ਦੇ ਵੇਲੇ ਵੀ ਕਰ ਸਕਦੇ ਹਾਂ ਪਰ ਇਹ ਧਿਆਨ ਰੱਖਣਾ ਚਾਹੀਦਾ ਹੈ ਕਿ ਪੇਟ ਖ਼ਾਲੀ ਹੋਵੇ ।

### ਵਿਧੀ

- ਸਭ ਤੋ ਪਹਿਲਾਂ ਸੁੱਖ ਆਸਣ (ਚੌਂਕੜੀ ਮਾਰਨਾ) 'ਚ ਬੈਠ ਜਾਓ।
- ਹੁਣ ਆਪਣੀਆਂ ਦੋਵੇਂ ਲੱਤਾਂ ਸਾਹਮਣੇ ਦੀ ਤਰਫ਼ ਖੋਲ੍ਹੋ। ਹੁਣ ਸੱਜੇ ਪੈਰ ਨੂੰ ਖੱਬੇ ਪੱਟ ਅਤੇ ਖੱਬੇ ਪੈਰ ਨੂੰ ਸੱਜੇ ਪੱਟ ਉੱਤੇ ਰੱਖ ਲਵੋ।
- ਦੋਵੇਂ ਹੱਥਾਂ ਦੀਆਂ ਗਿਆਨ ਮੁਦਰਾ (ਅੰਗੂਠੇ ਨਾਲ ਪਹਿਲੀ ਉਂਗਲ ਨੂੰ ਮਿਲਾਉ, ਬਾਕੀ ਤਿੰਨ ਉਂਗਲਾਂ ਬਾਹਰ ਦੀ ਤਰਫ਼ ਖੁੱਲ੍ਹੀਆਂ ਰਹਿਣਗੀਆਂ) ਬਣਾ ਕਿ ਗੋਡਿਆਂ ਉੱਤੇ ਰੱਖ ਲਵੋ।
- ਇਸ ਤਰ੍ਹਾਂ ਕਰਦੇ ਹੋਏ ਹਥੇਲੀਆਂ ਆਸਮਾਨ ਦੀ ਤਰਫ਼ ਹੋਣਗੀਆਂ।
- ਰੀੜ੍ਹ ਦੀ ਹੱਡੀ ਅਤੇ ਗਰਦਨ ਸਿੱਧੀ ਹੋਣੀ ਚਾਹੀਦੀ ਹੈ ਅਤੇ ਅੱਖਾਂ ਬੰਦ।
- ਇਸ ਆਸਣ ਨਾਲ ਅਸੀਂ ਪ੍ਰਾਣਾਯਾਮ ਦਾ ਅਭਿਆਸ ਕਰ ਸਕਦੇ ਹਾਂ।
- ਜੇ ਦੋਵੇਂ ਲੱਤਾਂ ਨਾ ਚੁੱਕ ਸਕੋ ਤਾਂ ਕੁਝ ਦਿਨ ਤਕ ਇਕ-ਇਕ ਲੱਤ ਨਾਲ ਵੀ ਅਭਿਆਸ ਕਰ ਸਕਦੇ ਹੋ।

### ਸਾਵਧਾਨੀਆਂ

- ਮਨ ਤਣਾਅ ਰਹਿਤ ਰਹੇ।
- ਸਾਰਾ ਧਿਆਨ ਆਪਣੇ ਆਸਣ ਵੱਲ ਹੋਵੇ।
- ਸ਼ੁਰੂ ਸ਼ੁਰੂ ਵਿਚ ਜ਼ਿਆਦਾ ਜ਼ੋਰ ਨਾ ਲਾਉ, ਹੌਲੀ ਅਭਿਆਸ ਕਰੋ।
- ਜਿਨ੍ਹਾਂ ਨੇ ਗੋਡਿਆਂ ਦਾ ਆਪਰੇਸ਼ਨ ਕਰਵਾਇਆ ਹੋਵੇ ਉਹ ਇਸ ਨੂੰ ਨਾ ਕਰਨ।
- ਸਮਰੱਥਾ ਤੋਂ ਜ਼ਿਆਦਾ ਜ਼ੋਰ ਨਾ ਲਾਉ।

### ਲਾਭ

- ਇਸ ਨਾਲ ਧਿਆਨ ਸਮਰੱਥਾ ਵਿਚ ਵਾਧਾ ਹੁੰਦਾ ਹੈ।
- ਇਹ ਆਸਣ ਦਿਮਾਗ ਨੂੰ ਸ਼ਾਂਤ ਕਰਦਾ ਹੈ।
- ਪੱਟਾਂ ਨੂੰ ਮਜ਼ਬੂਤ ਕਰਦਾ ਹੈ ।
- ਪੜ੍ਹਨ ਵਾਲੇ ਬੱਚਿਆਂ ਲਈ ਬਹੁਤ ਲਾਭਕਾਰੀ ਹੈ ।
- ਹਾਈ ਬਲੱਡ ਪ੍ਰੈਸ਼ਰ ਦੀ ਸਮੱਸਿਆ ਤੋਂ ਨਿਜਾਤ ਪਾਉਣ ਲਈ ਵਧੀਆ ਹੈ।



## ਇਮਿਊਨ ਸਿਸਟਮ



ਸਰੀਰ 'ਚ ਕਮਜ਼ੋਰੀ ਆਉਣ ਨਾਲ ਰੋਗਾਂ ਨਾਲ ਲੜਨ ਦੀ ਸ਼ਕਤੀ ਕਮਜ਼ੋਰ ਹੋ ਜਾਂਦੀ ਹੈ। ਜਿਸ ਕਰਕੇ ਰੋਗ ਸਰੀਰ 'ਤੇ ਜਲਦੀ ਅਸਰ ਕਰਦਾ ਹੈ। ਕਮਜ਼ੋਰੀ ਦੇ ਕਾਰਨ ਸਿਰ ਦਰਦ, ਜ਼ੁਕਾਮ ਵਰਗੀਆਂ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਆਪਣੇ ਖਾਣੇ 'ਚ ਪਾਲਕ, ਪਪੀਤਾ ਆਦਿ ਸ਼ਾਮਿਲ ਕਰਨੇ ਚਾਹੀਦੇ ਹਨ। ਇਸ ਨਾਲ ਰੋਗਾਂ ਨਾਲ ਲੜਨ ਦੀ ਸ਼ਕਤੀ ਮਿਲਦੀ ਹੈ। ਆਓ ਜਾਣਦੇ ਹਾਂ ਕਮਜ਼ੋਰੀ ਨੂੰ ਦੂਰ ਕਰਨ ਲਈ ਕਿਹੜੀਆਂ ਚੀਜ਼ਾਂ ਦਾ ਇਸਤੇਮਾਲ ਕਰਨਾ ਚਾਹੀਦਾ ਹੈ।

### ਪਾਲਕ

ਸਰੀਰ ਨੂੰ ਸਵਸਥ ਰੱਖਣ ਲਈ ਪਾਲਕ ਦਾ ਸੇਵਨ ਵੀ ਲਾਭਕਾਰੀ ਹੈ। ਹਰ ਰੋਜ਼ ਇਕ ਕੱਪ ਪਾਣੀ 'ਚ 4-5 ਪਾਲਕ ਦੇ ਪੱਤਿਆਂ ਨੂੰ ਪਾ ਕੇ ਉਬਾਲ ਲਓ ਤੇ ਠੰਢਾ ਹੋਣ 'ਤੇ ਅੱਧਾ ਗਿਲਾਸ ਟਮਾਟਰ ਦਾ ਰਸ ਪਾ ਕੇ ਪੀਣਾ ਸਿਹਤ ਲਈ ਗੁਣਕਾਰੀ ਹੁੰਦਾ ਹੈ। ਇਸ ਦੇ ਇਲਾਵਾ ਪਾਲਕ ਤੇ ਟਮਾਟਰ ਦਾ ਸੂਪ ਵੀ ਪੀ ਸਕਦੇ ਹੋ।

### ਪਪੀਤਾ

ਪਪੀਤਾ ਬਲੱਡ ਦੇ ਪਲੇਟਲੈਟਸ ਨੂੰ ਵਧਾਉਣ 'ਚ ਮਦਦ ਕਰਦਾ ਹੈ। ਪਪੀਤੇ ਦੀਆਂ ਪੱਤੀਆਂ ਦਾ ਰਸ ਜਾਂ ਫਿਰ ਪੱਕਾ ਪਪੀਤਾ ਖਾਣਾ ਵੀ ਸਿਹਤਮੰਦ ਹੈ।

### ਚੁਕੰਦਰ

*ਚੁਕੰਦਰ ਨੂੰ ਜ਼ਿਆਦਾ ਸਲਾਦ ਦੇ ਤੌਰ 'ਤੇ ਖਾਧਾ ਜਾਂਦਾ ਹੈ। ਇਸ ਨਾਲ ਕੁਦਰਤੀ ਐਂਟੀਔਕਸੀਡੈਂਟ ਤੇ ਹੇਮੋਸਟੈਟਿਕ ਗੁਣ ਪਾਏ ਜਾਂਦੇ ਹਨ। ਚੁਕੰਦਰ ਦੇ 2 ਚਮਚ ਜੂਸ 'ਚ 1 ਗਲਾਸ ਗਾਜਰ ਦਾ ਜੂਸ ਮਿਲਾ ਕੇ ਪੀਣ ਨਾਲ ਸਰੀਰ ਨੂੰ ਕਾਫ਼ੀ ਫ਼ਾਇਦਾ ਮਿਲਦਾ ਹੈ।*

### ਨਾਰੀਅਲ ਪਾਣੀ

ਸਰੀਰ 'ਚ ਇਲੈਕਟ੍ਰੋਲਾਇਟਸ ਦੀ ਘਾਟ ਹੋਣ 'ਤੇ ਕਮਜ਼ੋਰੀ ਆਉਣੀ ਸ਼ੁਰੂ ਹੋ ਜਾਂਦੀ ਹੈ। ਨਾਰੀਅਲ ਪਾਣੀ ਪੀਣ ਨਾਲ ਇਲੈਕਟ੍ਰੋਲਾਇਟਸ ਦੀ ਮਾਤਰਾ ਪੂਰੀ ਹੋ ਜਾਂਦੀ ਹੈ ਤੇ ਇਹ ਕੁਦਰਤੀ ਖਣਿਜ ਪਦਾਰਥ ਦਾ ਬਹੁਤ ਵਧੀਆ ਸਰੋਤ ਹੈ।

## ਕਸਰਤ ਦੇ ਲਾਭਾਂ ਨੂੰ ਵਿਗਾੜਦਾ ਹੈ ਹਵਾ ਦਾ ਪ੍ਰਦੂਸ਼ਣ

ਆਵਾਜਾਈ ਪ੍ਰਦੂਸ਼ਣ ਹੁਣ ਅਜਿਹੇ ਪ੍ਰਕਾਸ਼ਿਤ ਦੋ ਵੱਖਰੇ ਅਧਿਐਨਾਂ ਅਨੁਸਾਰ ਬਜ਼ੁਰਗਾਂ ਅਤੇ ਅਣਜੰਮੇ ਬੱਚਿਆਂ ਲਈ ਸਿਹਤ ਦੇ ਖ਼ਤਰੇ ਖੜ੍ਹਾ ਕਰਦਾ ਹੈ। ਖੋਜ 'ਚ ਪਾਇਆ ਹੈ ਕਿ ਇਕ ਭੀੜ-ਭੜੱਕੇ ਵਾਲੀ ਗਲੀ ਵਿਚ ਦੋ ਘੰਟਿਆਂ ਦੀ ਸੈਰ ਕਰਦੇ ਸਮੇਂ ਬਿਰਧ ਲੋਕਾਂ ਦੇ ਹਵਾ ਦੇ ਪ੍ਰਦੂਸ਼ਣ ਦੀ ਖ਼ੁਰਾਕ ਪਾਈ ਜਾਂਦੀ ਹੈ ਅਤੇ ਉਨ੍ਹਾਂ ਖ਼ੂਨ ਦੀਆਂ ਨਾੜੀਆਂ ਵਿਚ ਨੁਕਸ ਪੈ ਜਾਂਦਾ ਹੈ ਅਤੇ ਫੇਫੜਿਆਂ ਦੇ ਫੈਲਣ ਵਿਚ ਪਰੇਸ਼ਾਨੀ ਹੁੰਦੀ ਹੈ। ਪੈਦਲ ਚੱਲਣ ਵਾਲਾ ਇਕ ਅਸਰਦਾਰ ਪ੍ਰਭਾਵੀ ਅਭਿਆਸ ਹੈ ਜੋ ਐਨਐੱਚਐੱਸ ਦੁਆਰਾ ਬਜ਼ੁਰਗਾਂ ਲਈ ਆਪਣੀ ਕਾਰਡੀਓਵੈਸਕੁਲਰ ਫਿਟਨੈਸ ਨੂੰ ਬਿਹਤਰ ਬਣਾਉਣ ਲਈ ਸਿਫਾਰਸ਼ ਕਰਦਾ ਹੈ। ਅਧਿਐਨ ਤੋਂ ਪਤਾ ਲੱਗਾ ਹੈ ਕਿ ਹਵਾ ਪ੍ਰਦੂਸ਼ਣ ਦੇ ਪ੍ਰਭਾਵ ਨੇ ਇਸ ਨੂੰ ਨਕਾਰ ਦਿੱਤਾ ਹੈ। ਸਿਹਤਮੰਦ ਭਾਗੀਦਾਰਾਂ ਵਿਚ ਹੈਡ ਪਾਰਕ ਵਿਚ ਸੈਰ ਹਵਾ ਦੀ ਮਾਤਰਾ 'ਚ 7.5 ਫ਼ੀਸਦੀ ਸੁਧਾਰ ਹੋਇਆ। ਜਿਸ ਨਾਲ ਉਨ੍ਹਾਂ ਨੂੰ ਸਾਹ ਚੜ੍ਹਨ ਅਤੇ ਖ਼ੂਨ ਦੇ ਪ੍ਰਵਾਹ 'ਚ ਸੁਧਾਰ ਲਿਆ ਗਿਆ ਸੀ ਜੋ 26 ਘੰਟਿਆਂ ਤਕ ਜਾਰੀ ਰਿਹਾ। ਟ੍ਰੈਫਿਕ ਦੇ ਪ੍ਰਦੂਸ਼ਣ ਦੇ ਥੋੜ੍ਹੇ ਸਮੇਂ ਦੇ ਸੰਪਰਕ 'ਚ ਉਸ ਸਮੇਂ ਦੌਰਾਨ ਸਰੀਰਕ ਗਤੀਵਿਧੀ ਦੇ ਕਾਰਡੀਓ-ਪ੍ਰਤਿਕਿਰਿਆਤਮਕ ਲਾਭਾਂ ਨੂੰ ਰੋਕਿਆ ਗਿਆ ਹੈ। ਜਦੋਂ ਤੁਸੀਂ ਤੁਰਦੇ ਹੋ ਤਾਂ ਤੁਹਾਡੇ ਏਅਰਵੇਜ਼ ਖੁੱਲ੍ਹ ਜਾਂਦੇ ਹਨ ਅਤੇ ਤੁਹਾਡੇ ਖ਼ੂਨ ਦੀਆਂ ਨਾੜਾਂ ਫਲ ਜਾਂ ਖੁੱਲ੍ਹਦੀਆਂ ਹਨ। ਸੈਰ ਕਰਨ ਤੋਂ ਬਾਅਦ ਫੇਫੜਿਆਂ ਦੀ ਸਮਰੱਥਾ 'ਚ ਸਿਰਫ਼ ਛੋਟੀਆਂ ਤਬਦੀਲੀਆਂ ਹੀ ਨਹੀਂ ਬਲਕਿ ਵੱਡੀਆਂ ਤਬਦੀਲੀਆਂ ਵੀ ਆਉਂਦੀਆਂ ਹਨ।

ਜਦੋਂ ਤੁਸੀਂ ਪ੍ਰਦੂਸ਼ਿਤ ਖੇਤਰਾਂ 'ਚ ਅਭਿਆਸ ਕਰਦੇ ਹੋ ਤਾਂ ਤੁਸੀਂ ਵਧੇਰੇ ਸਾਹ ਲੈਂਦੇ ਹੋ ਤੇ ਤੁਸੀਂ ਜ਼ਿਆਦਾਤਰ ਕਣਾਂ ਅਤੇ ਗੈਸਾਂ ਨੂੰ ਆਪਣੇ ਫੇਫੜਿਆਂ 'ਚ ਪਹੁੰਚਾਉਂਦੇ ਹੋ। ਇਸ ਨੂੰ ਬਹੁਤ ਸਾਰੇ ਬਿਰਧ ਲੋਕਾਂ ਲਈ ਰੁਕਾਵਟ ਦੇ ਰੂਪ 'ਚ ਨਹੀਂ ਦੇਖਿਆ ਜਾਣਾ ਚਾਹੀਦਾ ਹੈ, ਜਿਨ੍ਹਾਂ ਲਈ ਚੱਲਣ ਦਾ ਇਕੋ ਇਕ ਢੰਗ ਹੈ। ਅਸੀਂ ਸੁਝਾਅ ਦਿੰਦੇ ਹਾਂ ਕਿ, ਜਿੱਥੇ ਸੰਭਵ ਹੋਵੇ ਪਾਰਕ ਜਾਂ ਹੋਰ ਖ਼ਾਲੀ ਸਥਾਨਾਂ 'ਚ ਰੁੱਝੇ ਸੜਕਾਂ ਤੋਂ ਦੂਰ ਚਲੇ ਜਾਂਦੇ ਹਨ।

• ਵਿਜੈ ਗਰਗ



## ਕੈਂਸਰ ਦਾ ਪਤਾ ਕਿਵੇਂ ਲਗਾਈਏ

ਦੇਸ਼ 'ਚ ਹਰ ਸਾਲ 14.5 ਲੱਖ ਕੈਂਸਰ ਦੇ ਨਵੇਂ ਮਾਮਲੇ ਆਉਂਦੇ ਹਨ। ਕੈਂਸਰ ਤੇਜ਼ੀ ਨਾਲ ਫੈਲ ਰਿਹਾ ਹੈ ਲਾਇਫ਼ ਸਟਾਇਲ ਵਿਚ ਤਬਦੀਲੀ, ਸਮੇਂ ਸਿਰ ਜਾਂਚ ਅਤੇ ਠੀਕ ਇਲਾਜ ਨਾਲ ਕੈਂਸਰ ਉੱਤੇ ਵੀ ਸ਼ਕੰਜਾ ਕੱਸਿਆ ਜਾ ਸਕਦਾ ਹੈ। ਇਹੋ ਨਹੀਂ ਥੋੜ੍ਹੀ ਕੋਸ਼ਿਸ਼ ਅਤੇ ਸਾਵਧਾਨੀ ਨਾਲ ਇਸ ਤੋਂ ਬਚਾਅ ਵੀ ਕਾਫ਼ੀ ਹੱਦ ਤਕ ਸੰਭਵ ਹੈ ਪਰ ਸਮਾਜ ਨੂੰ ਇਹ ਪਤਾ ਹੀ ਨਹੀਂ ਚਲਦਾ ਕਿ ਬੰਦਾ ਕੈਂਸਰ ਤੋਂ ਪੀੜਤ ਹੈ। ਅੱਜ ਜ਼ਰੂਰਤ ਹੈ ਕਿ ਜਲਦੀ ਤੋਂ ਜਲਦੀ ਬਿਮਾਰੀ ਦਾ ਪਤਾ ਲੱਗੇ ਤਾਂ ਕਿ ਸੰਪੂਰਨ ਇਲਾਜ ਹੋ ਸਕੇ। ਸੋ ਕੈਂਸਰ ਰੋਗ ਦਾ ਜਲਦੀ ਪਤਾ ਕਿਵੇਂ ਲੱਗ ਸਕੇ 'ਤੇ ਵਿਚਾਰ ਕਰਨਾ ਜ਼ਰੂਰੀ ਹੋ ਗਿਆ ਹੈ।

### ਸਮੇਂ ਸਿਰ ਜਾਂਚ ਕਰਾਓ

ਔਰਤਾਂ 20-30 ਸਾਲ ਦੀ ਉਮਰ 'ਚ ਬਰੈਸਟ ਦੀ ਜਾਂਚ ਕਰਵਾਉਣੀ ਚਾਹੀਦੀ ਹੈ। 30-40 ਸਾਲ ਦੀ ਉਮਰ 'ਚ ਡਾਕਟਰ ਤੋਂ ਜਾਂਚ ਕਰਾਓ। ਬਰੈਸਟ ਕੈਂਸਰ ਦੀ ਫੈਮਿਲੀ ਹਿਸਟਰੀ ਹੈ ਤਾਂ 40 ਸਾਲ ਦੀ ਉਮਰ 'ਚ ਅਲਟਰਾਸਾਊਂਡ ਜ਼ਰੂਰ ਕਰਾ ਲਵੋ। ਘੱਟ ਉਮਰ 'ਚ ਬਰੈਸਟ ਠੋਸ ਹੁੰਦੀ ਹੈ ਅਤੇ ਅਜਿਹੇ 'ਚ ਕਈ ਵਾਰ ਮੈਮੋਗ੍ਰਾਫੀ 'ਚ ਠੀਕ ਰੀਡਿੰਗ ਨਹੀਂ ਆ ਪਾਉਂਦੀ। ਇਸ ਦੇ ਇਲਾਵਾ ਰੈਡੀਏਸ਼ਨ ਵੀ ਹੁੰਦਾ ਹੈ। ਅਜਿਹੇ 'ਚ ਡਾਕਟਰ ਤੋਂ ਪੁੱਛ ਕੇ ਹੀ ਮੈਮੋਗ੍ਰਾਫੀ ਕਰਾਓ। ਜੇ ਪਾਨ-ਗੁਟਕਾ ਖਾਂਦੇ ਹੋ ਤਾਂ 30 ਸਾਲ ਦੇ ਬਾਅਦ ਹਰ ਸਾਲ ਇਕ ਵਾਰ ਸਪੈਸ਼ਲਿਸਟ ਜਾਂ ਫਿਰ ਹੇਡ-ਨੇਕ ਸਰਜਨ ਤੋਂ ਆਪਣੇ ਮੂੰਹ ਅਤੇ ਗਲ਼ੇ ਦੀ ਜਾਂਚ ਕਰਾਓ।

### ਰਹੋ ਚੌਕਸ

ਜੇ ਸਰੀਰ 'ਚ ਕਿਤੇ ਵੀ ਕੋਈ ਗੱਠ, ਫੋੜਾ ਆਦਿ ਹੈ ਜੋ ਕਿ ਤਿੰਨ ਹਫ਼ਤੇ ਤੋਂ ਜ਼ਿਆਦਾ ਵਕਤ ਤੋਂ ਠੀਕ ਨਹੀਂ ਹੋ ਰਿਹਾ, ਕਿਤੇ ਬਲੀਡਿੰਗ ਹੋ ਰਹੀ ਹੈ ਜਾਂ ਭਾਰ ਤੇਜ਼ੀ ਨਾਲ ਡਿੱਗ ਰਿਹਾ ਹੈ, ਵਾਰ-ਵਾਰ ਬੁਖ਼ਾਰ ਆਉਂਦਾ ਹੈ ਤਾਂ ਡਾਕਟਰ ਨੂੰ ਦਿਖਾਓ। ਹਾਲਾਂਕਿ ਇਹ ਲੱਛਣ ਕੈਂਸਰ ਦੇ ਇਲਾਵਾ ਦੂਜੀ ਬਿਮਾਰੀਆਂ ਦੇ ਵੀ ਹੋ ਸਕਦੇ ਹਨ ਪਰ ਜਾਂਚ ਕਰਾਉਣ ਦਾ ਫ਼ਾਇਦਾ ਇਹ ਹੈ ਕਿ ਸ਼ੁਰੂਆਤੀ ਸਟੇਜ 'ਚ ਜਾਣਕਾਰੀ ਮਿਲਣ ਨਾਲ ਇਲਾਜ ਦੀ ਉਮੀਦ ਵੱਧ ਜਾਂਦੀ ਹੈ।

### ਬਰੈਸਟ ਕੈਂਸਰ ਲਈ ਬਰੈਕਾ ਟੈਸਟ

ਜੇ ਮਾਂ ਜਾਂ ਭੈਣ ਨੂੰ ਬਰੈਸਟ ਕੈਂਸਰ ਹੋਇਆ ਹੈ ਤਾਂ ਧੀ ਨੂੰ ਬਰੈਸਟ ਕੈਂਸਰ ਜੀਨ ਟੈਸਟ ਕਰਾ ਲੈਣਾ ਚਾਹੀਦਾ ਹੈ। ਇਹ ਟੈਸਟ ਜੀਂਸ 'ਚ ਕਿਸੇ ਤਰ੍ਹਾਂ ਦੀ ਗੜਬੜੀ ਹੈ ਤਾਂ ਉਸ ਦੀ ਜਾਣਕਾਰੀ ਦਿੰਦਾ ਹੈ। ਇਸ ਨੂੰ ਕਿਸੇ ਵੀ ਉਮਰ 'ਚ ਕਰਾ ਸਕਦੇ ਹੋ।

ਜੇ ਬਰੇਕਾ-1 'ਚ ਗੜਬੜੀ ਨਿਕਲਦੀ ਹੈ ਤਾਂ ਜ਼ਿੰਦਗੀ 'ਚ ਕਦੇ ਵੀ ਕੈਂਸਰ ਹੋਣ ਦਾ ਸੰਦੇਹ 80 ਫ਼ੀਸਦੀ ਤਕ ਅਤੇ ਬਰੇਕਾ-2 'ਚ ਗੜਬੜੀ ਹੈ ਤਾਂ ਕੈਂਸਰ ਦਾ ਸੰਦੇਹ 50 ਫ਼ੀਸਦੀ ਤਕ ਵੱਧ ਜਾਂਦਾ ਹੈ। ਜੇ ਟੈਸਟ ਪਾਜ਼ਿਟਿਵ ਆਉਂਦਾ ਹੈ ਤਾਂ ਡਾਕਟਰ ਦੀ ਸਲਾਹ ਨਾਲ ਲਾਇਫ਼ ਸਟਾਇਲ ਸੁਧਾਰ ਕੇ ਕੈਂਸਰ ਦੀ ਸੰਦੇਹ ਨੂੰ ਘੱਟ ਕੀਤਾ ਜਾ ਸਕਦਾ ਹੈ ਜਾਂ ਇਸ ਦੇ ਹੋਣ ਵਾਲੇ ਖ਼ਤਰੇ ਨੂੰ ਟਾਲਿਆ ਜਾ ਸਕਦਾ ਹੈ।

### ਫੇਫੜਿਆਂ ਦੇ ਕੈਂਸਰ ਲਈ ਸੀਟੀ ਸਕੈਨ

ਜੇ ਕੋਈ ਬਹੁਤ ਸਿਗਰਟ ਬੀੜੀ ਪੀਂਦਾ ਹੈ। 15-20 ਸਾਲ ਤੋਂ ਸਮੋਕ ਕਰ ਰਿਹਾ ਹੈ ਅਤੇ ਖਾਂਸੀ ਵੀ ਹੈ ਤਾਂ ਉਸ ਨੂੰ ਫੇਫੜਿਆਂ ਦੀ ਸੀਟੀ ਸਕੈਨ ਕਰਾ ਲੈਣਾ ਚਾਹੀਦਾ ਹੈ। ਹੁਣ ਅਜਿਹੇ ਲੋਕਾਂ ਲਈ ਲਓ ਡੋਜ ਚੈਸਟ ਸੀਟੀ ਸਕੈਨ ਵੀ ਕੀਤਾ ਜਾਂਦਾ ਹੈ ਜਿਸ ਦੀ ਰੈਡੀਏਸ਼ਨ ਵੀ ਘੱਟ ਹੁੰਦੀ ਹੈ। ਜੇ ਰਿਸਕ ਨਹੀਂ ਹੈ ਤਾਂ ਵੀ 40 ਸਾਲ ਦੀ ਉਮਰ 'ਚ ਇਕ ਵਾਰ ਫੇਫੜਿਆਂ ਦਾ ਸੀਟੀ ਸਕੈਨ ਕਰਾ ਲੈਣਾ ਚਾਹੀਦਾ ਹੈ।

### ਪ੍ਰੋਸਟੇਟ ਕੈਂਸਰ ਲਈ

50 ਸਾਲ ਦੀ ਉਮਰ 'ਚ ਪੁਰਸ਼ਾਂ ਨੂੰ ਪੀਐਸਏ ਟੈਸਟ ਕਰਾ ਲੈਣਾ ਚਾਹੀਦਾ ਹੈ। ਜੇ ਫੈਮਿਲੀ ਹਿਸਟਰੀ ਹੈ ਤਾਂ 40 ਸਾਲ ਦੀ ਉਮਰ ਵਿਚ ਹੀ ਇਹ ਟੈਸਟ ਕਰਾ ਲਵੋ। ਇਸ ਦੇ ਇਲਾਵਾ ਫਿਜ਼ਿਕਲ ਏਗਜਾਮਨੇਸ਼ਨ ਨਾਲ ਵੀ ਪ੍ਰੋਸਟੇਟ ਦੇ ਸਾਇਜ਼ ਆਦਿ ਦਾ ਅਨੁਮਾਨ ਲਗਾਇਆ ਜਾ ਸਕਦਾ ਹੈ। ਇਸ ਨੂੰ ਡਿਜਿਟਲ ਰੇਕਟਲ ਏਗਜਾਮਿਨੇਸ਼ਨ ਕਿਹਾ ਜਾਂਦਾ ਹੈ। ਜੇ ਕੋਈ ਗੜਬੜੀ ਨਜ਼ਰ ਆਉਂਦੀ ਹੈ ਤਾਂ ਇਲਾਜ ਕੀਤਾ ਜਾ ਸਕਦਾ ਹੈ।

### ਕੋਲੋਨ ( ਅੰਤੜੀ ) ਕੈਂਸਰ ਲਈ ਸਟੂਲ ਆਕਲਟ ਬਲਡ ਟੈਸਟ

ਜੇ ਟੱਟੀ 'ਚ ਖ਼ੂਨ ਆ ਰਿਹਾ ਹੈ ਤਾਂ ਸਟੂਲ ਆਕਲਟ ਬਲਡ ਟੈਸਟ ਕਰਾਓ। ਜੇ ਕੋਈ ਗੜਬੜੀ ਨਿਕਲਦੀ ਹੈ ਤਾਂ ਕੋਲੋਨੋਸਕੋਪੀ ਕਰਾ ਸਕਦੇ ਹੋ ਜਿਸ ਦੇ ਨਾਲ ਕੈਂਸਰ ਦੀ ਜਾਣਕਾਰੀ ਮਿਲ ਜਾਂਦੀ ਹੈ। ਇਹ ਸੱਚ ਹੈ ਕਿ ਆਪਣੇ ਦੇਸ਼ 'ਚ ਹਰ ਕੋਈ ਆਪਣੇ ਸਰੀਰ ਦਾ ਟੈਸਟ ਕਰਾਉਣ ਤੋਂ ਡਰਦਾ ਹੈ ਕਿ ਕਿਤੇ ਕੁਝ ਗੜਬੜ ਨਾ ਆ ਜਾਵੇ ਅਤੇ ਇਸੇ ਡਰ ਕਾਰਨ ਬਿਮਾਰੀ ਵੱਧਦੀ ਜਾਂਦੀ ਹੈ ਅਤੇ ਅੰਤ ਖ਼ਤਰਨਾਕ ਹਾਲਤ ਹੁੰਦੀ ਹੈ। ਤੁਹਾਡੀ ਸਹਾਇਤਾ ਕਰਨ ਲਈ ਡਾਕਟਰ ਹਨ। ਤੁਹਾਡਾ ਸਮੇਂ ਸਿਰ ਇਲਾਜ ਹੋ ਜਾਵੇਗਾ ਤੇ ਤੁਸੀ ਤੰਦਰੁਸਤ ਜੀਵਨ ਜੀ ਸਕੋਗੇ। ਸਿਹਤ ਖੇਤਰ ਨਾਲ ਜੁੜ੍ਹੇ ਹਰ ਇਕ ਬੰਦਾ ਦਾ ਟੀਚਾ ਇਹੋ ਹੀ ਹੁੰਦਾ ਹੈ ਸਭ ਲਈ ਤੰਦਰੁਸਤ ਜੀਵਨ ਤੇ ਲੰਮੀ ਉਮਰ।

• ਡਾ: ਰਿਪੁਦਮਨ ਸਿੰਘ,
ਡਾ: ਹਰਪ੍ਰੀਤ ਸਿੰਘ ਕਾਲਰਾ
9815200134



## ਪਿੱਠ ਦਰਦ ਹੋ ਸਕਦਾ ਹੈ ਗੰਭੀਰ

**ਪਿੱਠ ਦਰਦ ਉਦੋਂ ਸ਼ੁਰੂ ਹੁੰਦਾ ਹੈ, ਜਦੋਂ ਜ਼ਿਆਦਾ ਦੇਰ ਤਕ ਬੈਠੇ ਰਹਿਣ ਨਾਲ ਪੱਠਿਆਂ ਉੱਪਰ ਵਧੇਰੇ ਜ਼ੋਰ ਪੈਂਦਾ ਹੈ ਅਤੇ ਉਸ ਸਮੇਂ ਨਾੜੀਆਂ ਆਦਿ 'ਚ ਖਿਚਾਅ ਵਧ ਜਾਂਦਾ ਹੈ...**

ਮਨੁੱਖੀ ਰੀੜ੍ਹ ਦੀ ਹੱਡੀ ਛੋਟੀਆਂ - ਮੋਟੀਆਂ ਹੱਡੀਆਂ ਨਾਲ ਸਬੰਧਤ ਹੈ। ਇਹ ਹੱਡੀਆਂ ਪੱਠਿਆਂ ਨਾਲ ਇਸ ਤਰ੍ਹਾਂ ਜੁੜੀਆਂ ਹੋਈਆਂ ਹਨ ਕਿ ਇਨ੍ਹਾਂ ਨੂੰ ਹਰ ਤਰ੍ਹਾਂ ਨਾਲ ਸਿੱਧਾ ਤੇ ਮਜ਼ਬੂਤ ਰੱਖਦੀਆਂ ਹਨ। ਪੱਠਿਆਂ ਦੇ ਨਾਲ-ਨਾਲ ਦੋ ਹੱਡੀਆਂ ਅਜਿਹੀਆਂ ਹੁੰਦੀਆਂ ਹਨ ਜਿਹੜੀਆਂ ਸ਼ਾਕ ਆਬਜ਼ਰਵਰਾਂ ਦਾ ਕੰਮ ਕਰਦੀਆਂ ਹਨ ਅਤੇ ਇਨ੍ਹਾਂ ਦੋਵਾਂ ਦਾ ਸਬੰਧ ਪਿੱਠ ਤੋਂ ਐਨ ਹੇਠਾਂ ਸਿੱਧਾ ਰੀੜ੍ਹ ਦੀ ਹੱਡੀ ਥੱਲੇ ਬਣੀ ਚੱਪਣੀ ਨਾਲ ਹੁੰਦਾ ਹੈ, ਜਿਸ ਨੂੰ ਡਿਸਕ ਵੀ ਆਖਦੇ ਹਨ।

### ਦਰਦ ਦੀ ਸ਼ੁਰੂਆਤ

ਪਿੱਠ ਦਰਦ ਉਦੋਂ ਸ਼ੁਰੂ ਹੁੰਦਾ ਹੈ, ਜਦੋਂ ਜ਼ਿਆਦਾ ਦੇਰ ਤਕ ਬੈਠੇ ਰਹਿਣ ਨਾਲ ਪੱਠਿਆਂ ਉੱਪਰ ਵਧੇਰੇ ਜ਼ੋਰ ਪੈਂਦਾ ਹੈ ਅਤੇ ਉਸ ਸਮੇਂ ਨਾੜੀਆਂ ਆਦਿ 'ਚ ਖਿਚਾਅ ਵਧ ਜਾਂਦਾ ਹੈ। ਕਈ ਵਾਰੀ ਇਹ ਦਰਦ ਹੱਡੀਆਂ ਦਾ ਠੀਕ ਤਰ੍ਹਾਂ ਨਾਲ ਵਿਕਾਸ ਨਾ ਹੋਣ ਕਾਰਨ ਵੀ ਹੋ ਸਕਦਾ ਹੈ। ਅਜਿਹੇ ਕੇਸ ਆਮ ਤੌਰ 'ਤੇ ਬਚਪਨ ਵਿਚ ਵੇਖਣ ਨੂੰ ਮਿਲਦੇ ਹਨ। ਹੋਰ ਕਾਰਨਾਂ ਵਿਚ ਰੀੜ੍ਹ ਦੀ ਹੱਡੀ ਜਾਂ ਇਸ ਨਾਲ ਸਬੰਧਤ ਹੋਰ ਹੱਡੀਆਂ ਉੱਪਰ ਸੱਟ ਦਾ ਲੱਗ ਜਾਣਾ ਹੈ। ਅਕਸਰ ਟੀ.ਬੀ. ਅਲਸਰ ਅਤੇ ਕਿਡਨੀ ਵਰਗੀਆਂ ਬੀਮਾਰੀਆਂ ਨਾਲ ਵੀ ਪਿੱਠ ਦਰਦ ਸ਼ੁਰੂ ਹੋ ਜਾਂਦਾ ਹੈ। ਇਹ ਦਰਦ ਸਿਰਫ਼ ਖ਼ੂਨ ਦੀ ਖ਼ਰਾਬੀ ਕਾਰਨ ਹੀ ਹੁੰਦਾ ਹੈ ਅਤੇ ਕੁਝ ਦਿਨਾਂ ਬਾਅਦ ਆਪਣੇ-ਆਪ ਠੀਕ ਹੋ ਜਾਂਦਾ ਹੈ। ਪਿੱਠ ਦਰਦ ਕੇਵਲ ਜਿਸਮਾਨੀ ਵਜ੍ਹਾ ਕਰ ਕੇ ਹੀ ਨਹੀਂ ਸਗੋਂ ਦਿਮਾਗ਼ੀ ਹਾਲਤਾਂ ਕਰ ਕੇ ਵੀ ਹੋ ਸਕਦਾ ਹੈ।ਭਾਵੇਂ ਇਸ ਨੂੰ ਬਹੁਤਾ ਗੰਭੀਰਤਾ ਨਾਲ ਨਹੀਂ ਲਿਆ ਜਾਂਦਾ, ਫਿਰ ਵੀ ਇਹ ਕਾਫ਼ੀ ਪੇਚੀਦਾ ਰੋਗ ਹੈ। ਇਕ ਜਾਣਕਾਰੀ ਅਨੁਸਾਰ ਵੱਡੀ ਉਮਰ ਦੇ ਬਹੁਤ ਸਾਰੇ ਲੋਕ ਇਸ ਰੋਗ ਤੋਂ ਪੀੜਤ ਹਨ। ਬਹੁਤੇ ਕੰਮਾਂ 'ਚ ਜਦੋਂ ਆਦਮੀ ਕੰਮ ਕਰਨ ਲੱਗਾ ਜਾਂ ਠੀਕ ਤਰੀਕੇ ਨਾਲ ਨਹੀਂ ਬੈਠਦਾ ਤਾਂ ਉਸ ਵੇਲੇ ਪਿੱਠ ਦੀਆਂ ਨਾੜਾਂ 'ਤੇ ਨਿਰੰਤਰ ਦਬਾਅ ਪੈਂਦਾ ਹੈ ਜੋ ਨਾੜਾਂ ਨੂੰ ਖਿੱਚਦਾ ਹੈ ਅਤੇ ਨਾੜਾਂ ਤਣ ਜਾਂਦੀਆਂ ਹਨ। ਜਿਹੜੇ ਲੋਕ ਦਿਮਾਗ਼ੀ ਕੰਮ ਜ਼ਿਆਦਾ ਨਹੀਂ ਕਰਦੇ ਅਤੇ ਜਿਸਮਾਨੀ ਮਜ਼ਦੂਰੀ ਕਰਦੇ ਹਨ ਉਨ੍ਹਾਂ ਨੂੰ ਵੀ ਪਿੱਠ ਦਰਦ ਦੀ ਸ਼ਿਕਾਇਤ ਰਹਿੰਦੀ ਹੈ। ਦਫ਼ਤਰਾਂ 'ਚ ਕਲਰਕਨੁਮਾ ਲੋਕ ਜਿਨ੍ਹਾਂ ਨੂੰ ਲੰਬੇ ਸਮੇਂ ਤਕ ਕੁਰਸੀ ਉੱਪਰ ਬੈਠਣਾ ਪੈਂਦਾ ਹੈ, ਉਨ੍ਹਾਂ ਨੂੰ ਵੀ ਇਹ ਰੋਗ ਅਵੇਸਲਿਆਂ ਹੀ ਹੋ ਜਾਂਦਾ ਹੈ, ਉਹ ਲਗਾਤਾਰ ਇਕ ਸ਼ਕਲ ਵਿਚ ਨਹੀਂ, ਸਗੋਂ ਵਾਰ-ਵਾਰ ਆਸਣ ਬਦਲ ਕੇ ਬੈਠਣਗੇ।

### ਉਪਾਅ

- ਜਿਸ ਮੌਕੇ ਪਿੱਠ ਦਰਦ ਸ਼ੁਰੂ ਹੋਵੇ ਉਸ ਵੇਲੇ ਸਭ ਤੋਂ ਵਧੀਆ ਤਰੀਕਾ ਹੈ ਕਿ ਰੋਗੀ ਨੂੰ ਪੂਰਾ ਆਰਾਮ ਦਿੱਤਾ ਜਾਵੇ। ਆਰਾਮ ਸਮੇਂ ਮੰਜਾ ਆਦਿ ਕੱਸਿਆ ਹੋਣਾ ਚਾਹੀਦਾ ਹੈ ਪਰ ਉਸ ਉੱਪਰ ਕੱਪੜਾ ਜ਼ਰੂਰ ਹੋਵੇ ਕਿਉਂਕਿ ਜੇ ਆਦਮੀ ਕੁਸ਼ਨ ਆਦਿ ਵਾਲੇ ਬਿਸਤਰੇ 'ਤੇ ਸੌਂਦਾ ਹੈ ਅਤੇ ਜੇ ਉਸ ਦੇ ਅਚਾਨਕ ਦਰਦ ਸ਼ੁਰੂ ਹੋਣ 'ਤੇ ਉਸ ਨੂੰ ਸਖ਼ਤ ਬੈੱਡ ਆਦਿ 'ਤੇ ਲਿਟਾਅ ਦਿੱਤਾ ਜਾਵੇ ਤਾਂ ਦਰਦ ਘਟਣ ਦੀ ਬਜਾਏ ਵਧ ਜਾਵੇਗਾ। ਇਸ ਦਾ ਮੰਤਵ ਤਾਂ ਪਿੱਠ ਨੂੰ ਸਹਾਰਾ ਦੇਣਾ ਹੁੰਦਾ ਹੈ। ਇਸ ਲਈ ਦੋ ਇੰਚ ਤੈਅ ਵਾਲਾ ਕੁਸ਼ਨ ਵਰਤਿਆ ਜਾ ਸਕਦਾ ਹੈ।
- ਜਿਨ੍ਹਾਂ ਲੋਕਾਂ ਨੂੰ ਇਹ ਦਰਦ ਵਧੇਰੇ ਹੁੰਦੀ ਹੈ, ਵਧੇਰੇ ਮਾਮਲਿਆਂ ਵਿਚ ਇਹ ਡਿਸਕ ਦੇ ਹਿੱਲ ਜਾਣ ਕਾਰਨ ਹੁੰਦੀ ਹੈ। ਇਸ ਦਾ ਇਲਾਜ ਕਰਵਾਉਣਾ ਚਾਹੀਦਾ ਹੈ। ਜੇ ਇਹ ਆਪਣੇ ਪਹਿਲੇ ਸਥਾਨ 'ਤੇ ਆ ਜਾਵੇ ਤਾਂ ਠੀਕ ਹੈ। ਨਹੀਂ ਤਾਂ ਇਸ ਨੂੰ ਕਢਵਾ ਦੇਣਾ ਹੀ ਬਿਹਤਰ ਹੈ। ਇਸ ਦੇ ਨਿਕਲ ਜਾਣ ਨਾਲ ਇਸ ਦਾ ਸਰੀਰ 'ਤੇ ਕਿਸੇ ਤਰ੍ਹਾਂ ਦਾ ਵੀ ਮਾਰੂ ਅਸਰ ਨਹੀਂ ਪੈਂਦਾ।ਉਲਟਾ ਜਾਨ ਸੁਖਾਲੀ ਰਹਿੰਦੀ ਹੈ।
- ਇਸ ਰੋਗ ਤੋਂ ਬਚਣ ਲਈ ਆਪਣੀ ਕਮਰ ਇੰਨੀ ਸਿੱਧੀ ਤੇ ਤਣੀ ਹੋਈ ਰੱਖੋ ਕਿ ਪਿੱਠ ਨੂੰ ਕਿਸੇ ਤਰ੍ਹਾਂ ਦੇ ਸਹਾਰੇ ਆਦਿ ਦੀ ਲੋੜ ਨਾ ਪਵੇ। ਨਰਮ ਬਿਸਤਰੇ ਉੱਪਰ ਸੌਣ ਤੋਂ ਸੰਕੋਚ ਕਰੋ। ਨਰਮ ਬਿਸਤਰਾ ਵੀ ਇਸ ਰੋਗ ਦਾ ਕਾਰਨ ਬਣ ਸਕਦਾ ਹੈ।
- ਜੇ ਬਹੁਤ ਸਖ਼ਤ ਕੰਮ ਨਹੀਂ ਕਰਦੇ ਤਾਂ ਸਰੀਰ ਨੂੰ ਬਹੁਤਾ ਜੰਪ ਨਾ ਕਰਵਾਓ। ਸੱਟ -ਫੇਟ ਤੋਂ ਬਚੋ। ਹੋ ਸਕੇ ਤਾਂ ਜਿਸਮਾਨੀ ਕਸਰਤ ਕਰੋ। ਸਭ ਤੋਂ ਵਧੀਆ ਕਸਰਤ ਤੈਰਾਕੀ ਹੈ।
- ਜੇ ਇਹ ਰੋਗ ਕਿਸੇ ਤਰ੍ਹਾਂ ਵੀ ਦੂਰ ਨਾ ਹੋਵੇ ਤਾਂ ਕਿਸੇ ਮਾਹਿਰ ਡਾਕਟਰ ਦੀ ਸਲਾਹ ਜ਼ਰੂਰ ਲੈਣੀ ਚਾਹੀਦੀ ਹੈ।

### ਸਾਵਧਾਨੀ

- ਕਈ ਵਾਰ ਇਹ ਰੋਗ ਇੰਨਾ ਵੱਧ ਜਾਂਦਾ ਹੈ ਕਿ ਰੋਗੀ ਬੇਹੋਸ਼ ਤਕ ਹੋ ਜਾਂਦਾ ਹੈ। ਇਸ ਸਮੇਂ ਤੁਰੰਤ ਡਾਕਟਰੀ ਸਹਾਇਤਾ ਦੀ ਲੋੜ ਪੈਂਦੀ ਹੈ। ਇਸ ਸਮੇਂ ਕੀਤੀ ਥੋੜ੍ਹੀ ਦੇਰੀ ਵੀ ਖ਼ਤਰਨਾਕ ਹੋ ਸਕਦੀ ਹੈ। ਇਸ ਲਈ ਆਪਣੀ ਸਿਹਤ ਦੀ ਤੰਦਰੁਸਤੀ ਲਈ ਇਨ੍ਹਾਂ ਸਾਵਧਾਨੀਆਂ ਨੂੰ ਜ਼ਰੂਰ ਧਿਆਨ 'ਚ ਰੱਖੋ।



## ਸੰਪਾਦਕੀ

# ਅਮਰੀਕੀ ਇਜ਼ਰਾਇਲ ਦਾ ਇਰਾਨ ਉੱਤੇ ਮਾਰੂ ਹਮਲਾ

ਆਪਣੇ ਆਪ ਨੂੰ ਖ਼ੁਦ ਹੀ ਫ਼ੌਜੀ ਮਹਾਸ਼ਕਤੀ ਐਲਾਨ ਕੇ ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਦੂਜੀ ਵਾਰ ਰਾਸ਼ਟਰਪਤੀ ਬਣਨ ਸਾਰ ਹੀ ਆਖਿਆ ਸੀ ਕਿ ਹੁਣ ਮੈਂ ਅਮਰੀਕਾ ਨੂੰ ਨੰਬਰ ਇੱਕ ਇੰਜ ਬਣਾਵਾਂਗਾ: ਮੈਂ ਕੈਨੇਡਾ (ਅਮਰੀਕਾ ਤੋਂ ਵੀ ਵੱਡੀ ਧਰਤੀ ਵਾਲਾ ਨਾਟੋ ਦਾ ਮੈਂਬਰ ਦੇਸ਼) ਉੱਤੇ ਕਬਜ਼ਾ ਕਰਕੇ ਅਮਰੀਕਾ ਦਾ ਇਕਵੰਜਵਾਂ ਸੂਬਾ ਬਣਾਵਾਂਗਾ; ਨਾਟੋ ਦੇ ਇੱਕ ਹੋਰ ਮੈਂਬਰ ਯੂਰੋਪੀ ਦੇਸ਼ ਗਰੀਨਲੈਂਡ ਨੂੰ ਅਮਰੀਕਾ ਨਾਲ ਰਲਾ ਲੈਣਾ ਹੈ। ਇਸ ਦੇ ਨਾਲ ਹੀ ਬਹੁਤ ਵੱਡੇ ਤੇਲ ਭੰਡਾਰਾਂ ਵਾਲੇ ਆਪਣੇ ਗੁਆਂਢੀ ਲਾਤੀਨੀ ਅਮਰੀਕੀ ਮੁਲਕ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਮਾਦੂਰੋ ਨੂੰ ਕਮਾਂਡੋ ਹਮਲਾ ਕਰਕੇ ਚੁੱਕ ਲਿਆਂਦਾ ਤੇ ਆਖਿਆ ਕਿ ਹੁਣ ਉਨ੍ਹਾਂ ਦੇ ਤੇਲ ਉੱਤੇ ਸਾਡਾ ਕਬਜ਼ਾ ਹੈ। ਕੋਲੰਬੀਆ ਅਤੇ ਮੈਕਸਿਕੋ ਵਿੱਚ ਫ਼ੌਜੀ ਦਖਲ ਨਾਲ ਆਪਣੇ ਪੱਖੀ ਸਰਕਾਰਾਂ ਬਣਾਉਣ ਦੀ ਯੋਜਨਾ ਦੇ ਐਲਾਨ ਕਰ ਦਿੱਤੇ। ਇੱਕ ਅਮਰੀਕੀ ਪੱਤਰਕਾਰ ਦੇ ਸਵਾਲ ਦੇ ਜਵਾਬ ਵਿੱਚ ਟਰੰਪ ਨੇ ਹੱਸਦਿਆਂ ਆਖਿਆ, ਬੇਫ਼ਿਕਰ ਰਹੋ, ਥੋੜ੍ਹੇ ਦਿਨਾਂ ਤੱਕ ਵੈਨੇਜ਼ੁਏਲਾ ਦੀ ਤਰ੍ਹਾਂ ਇਰਾਨੀ ਤੇਲ ਵੀ ਸਾਡਾ ਹੋਵੇਗਾ, ਉਸ ਤੋਂ ਬਾਅਦ ਕਿਊਬਾ ਦਾ ਨੰਬਰ ਹੈ। ਅਜਿਹੀਆਂ ਗੱਲਾਂ ਨੇ ਹੀ ਟਰੰਪ ਦੇ ਅਮਰੀਕਾ ਨੂੰ ਆਪਣੇ ਨਾਲ ਖੜ੍ਹੇ ਹੋਣ ਵਾਲੇ ਦੇਸ਼ਾਂ ਤੋਂ ਵੀ ਇੱਕ ਤਰ੍ਹਾਂ ਦੂਰ ਕਰ ਦਿੱਤਾ ਹੈ। ਦੂਰ ਕਰਨ ਦੀ ਵਜ੍ਹਾ ਤਾਂ ਕਿਸੇ ਹੋਰ ਦੇਸ਼ ਨਾਲ ਮਸ਼ਵਰਾ ਕੀਤੇ ਬਿਨਾਂ ਅਮਰੀਕਾ ਤੇ ਇਜ਼ਰਾਈਲ ਵੱਲੋਂ ਇਰਾਨ ਉੱਤੇ ਧੋਖੇ ਨਾਲ ਕੀਤਾ ਗਿਆ ਆਪਹੁਦਰਾ ਹਮਲਾ ਵੀ ਬਣਿਆ। ਅਮਰੀਕਾ ਨੇ ਇਰਾਨ ਦੁਆਲੇ ਸਮੁੰਦਰਾਂ ਵਿੱਚ ਜੰਗੀ ਬੇੜੇ ਉਤਾਰੇ। ਇਸ ਦੇ ਆਲੇ-ਦੁਆਲੇ ਦੇ ਅਰਬ ਦੇਸ਼ਾਂ (ਕਤਰ, ਸੱਤ ਦੇਸ਼ਾਂ ਦਾ ਸੰਯੁਕਤ ਅਰਬ ਅਮੀਰਾਤ, ਸਾਊਦੀ ਅਰਬ, ਬਹਿਰੀਨ, ਇਰਾਕ, ਕੁਵੈਤ, ਜਾਰਡਨ, ਓਮਾਨ ਆਦਿ) ਵਿਚਲੇ ਆਪਣੇ ਫ਼ੌਜੀ ਅੱਡਿਆਂ ਅਤੇ ਖ਼ੁਫ਼ੀਆ ਏਜੰਸੀਆਂ ਦੇ ਸਹਿਯੋਗ ਨਾਲ ਇਰਾਨ ਵਿੱਚ ਅਸਥਿਰਤਾ ਅਤੇ ਸਰਕਾਰ ਵਿਰੋਧੀ ਮੁਜ਼ਾਹਰਿਆਂ ਨੂੰ ਹਵਾ ਦਿੱਤੀ। ਲੋਕਾਂ ਨੂੰ ਆਖਿਆ ਕਿ ਸਰਕਾਰੀ ਸੰਸਥਾਵਾਂ ਉੱਤੇ ਜ਼ੋਰ ਨਾਲ ਕਬਜ਼ਾ ਕਰ ਲੈਣ, ਅਸੀਂ ਆ ਰਹੇ ਆਂ। ਜਿਵੇਂ ਇਰਾਕ ਦੇ ਹਾਕਮ ਸੱਦਾਮ ਹੁਸੈਨ ਨੂੰ ਅਮਰੀਕਾ ਨੇ ਹੁਕਮ ਦਿੱਤਾ ਸੀ ਕਿ ਤਿੰਨ ਦਿਨਾਂ ਵਿੱਚ ਅਸਤੀਫ਼ਾ ਦੇਵੇ, ਉਵੇਂ ਹੀ ਆਖਿਆ ਕਿ ਇਰਾਨ ਦੀ ਖਮੇਨੇਈ ਸਰਕਾਰ ਤੁਰੰਤ ਗੱਦੀ ਛੱਡੇ, ਨਹੀਂ ਤਾਂ ਹਮਲਾ ਕਰਕੇ ਛੁਡਵਾ ਲਈ ਜਾਵੇਗੀ। ਇਹ ਵੀ ਹੁਕਮ ਦਿੱਤਾ ਕਿ ਸਾਰਾ ਸੋਧਿਆ ਯੂਰੇਨੀਅਮ ਅਮਰੀਕਾ ਹਵਾਲੇ ਕਰ ਦਿੱਤਾ ਜਾਵੇ; ਇਰਾਨ ਪ੍ਰਮਾਣੂ ਵਿਕਾਸ ਕੇਂਦਰਾਂ ਨੂੰ ਤਾਲੇ ਲਾਉਣ ਦੇ ਨਾਲ ਨਾਲ ਦੂਰ ਮਾਰ ਕਰਨ ਵਾਲੀਆਂ ਮਿਜ਼ਾਈਲਾਂ ਉੱਤੇ ਪਾਬੰਦੀ ਲਾਵੇ; ਸਾਡੇ ਨਾਲ ਤੁਰੰਤ ਇਕਰਾਰਨਾਮਾ ਕਰੋ, ਨਹੀਂ ਤਾਂ ਹਮਲਾ ਝੱਲੋ। ਇਹ ਸਾਰੇ ਕਦਮ ਕੌਮਾਂਤਰੀ ਕਦਰਾਂ ਕਾਨੂੰਨਾਂ ਅਤੇ ਯੂ.ਐੱਨ. ਚਾਰਟਰ ਦੀ ਉਲੰਘਣਾ ਸਨ। ਇਰਾਨ ਨੇ ਮੌਕੇ ਦੀ ਨਜ਼ਾਕਤ ਵੇਖਦਿਆਂ ਪ੍ਰਮਾਣੂ ਬੰਬ ਨਾ ਬਣਾਉਣ ਉੱਤੇ ਸਮਝੌਤਾ ਕਰ ਲੈਣ ਦਾ ਇਸ਼ਾਰਾ ਦਿੱਤਾ ਕਿਉਂਕਿ ਇਹ ਜੰਗ ਟਾਲਣਾ ਚਾਹੁੰਦਾ ਸੀ। ਦੂਜੇ ਪਾਸੇ ਇਜ਼ਰਾਈਲ ਤੇ ਅਮਰੀਕਾ ਆਪਣੀ ਜੰਗੀ ਤਿਆਰੀ ਅਤੇ ਇਰਾਨ ਵਿਚਲੇ ਮੁਜ਼ਾਹਰਿਆਂ ਨੂੰ ਆਪਣੇ ਪੱਖੀ ਸਰਕਾਰ ਬਣਾ ਲੈਣ ਦਾ ਮੌਕਾ ਸਮਝ ਰਹੇ ਸਨ। ਓਮਾਨ ਨੂੰ ਵਿਚੋਲਾ ਬਣਾ ਕੇ ਇਰਾਨ ਨੂੰ ਗੱਲਬਾਤ ਦਾ ਝਾਂਸਾ ਦੇਣ ਮਗਰੋਂ ਅਮਰੀਕਾ ਇਜ਼ਰਾਈਲ ਨੇ 28 ਫਰਵਰੀ 2026 ਨੂੰ ਅਚਨਚੇਤ ਹਮਲਾ ਕਰਕੇ ਇਸ ਦੇ ਸਰਬਉੱਚ ਲੀਡਰ ਆਇਤੁੱਲਾ ਅਲੀ ਖਮੇਨੇਈ ਨੂੰ ਪਰਿਵਾਰ ਦੇ ਕਈ ਮੈਂਬਰਾਂ ਅਤੇ ਮੁੱਖ ਲੀਡਰਸ਼ਿਪ ਸਮੇਤ ਮਾਰ ਸੁੱਟਿਆ ਤੇ ਬਹੁਤ ਤਬਾਹੀ ਮਚਾਈ। ਇਉਂ ਦੁਨੀਆ ਨੇ ਨਵੇਂ ਸਾਮਰਾਜੀ ਸੰਸਾਰ ਚਲਨ ਦੇ ਦਰਸ਼ਨ ਕੀਤੇ। ਟਰੰਪ ਨੇ ਫ਼ਰਮਾਨ ਜਾਰੀ ਕੀਤਾ ਕਿ ਇਰਾਨ ਤੁਰੰਤ ਹਥਿਆਰ ਸੁੱਟ ਦੇਵੇ, ਜਿਸ ’ਤੇ ਇਰਾਨ ਨੇ ਆਖ਼ਰੀ ਦਮ ਤੱਕ ਲੜਨ ਦਾ ਅਹਿਦ ਦਰਸਾਇਆ। ਹੁਣ ਜੰਗ ਨਵੇਂ ਨਿਵੇਕਲੇ ਅੰਦਾਜ਼ ਵਿੱਚ ਭੜਕ ਉੱਠੀ ਹੈ। ਅਮਰੀਕਾ ਇਜ਼ਰਾਈਲ ਵੱਲੋਂ ਇਰਾਨ ਦੀ ਤਬਾਹੀ ਦਾ ਪੈਟਰਨ ਲਗਭਗ ਜੂਨ 2025 ਦੇ ਹਮਲੇ ਵਾਲਾ ਹੀ ਹੈ, ਜਿਵੇਂ ਆਗੂ ਅਤੇ ਅਫ਼ਸਰ ਮਾਰਨੇ, ਪ੍ਰਮਾਣੂ ਕੇਂਦਰ ਨਸ਼ਟ ਕਰਨੇ, ਫ਼ੌਜੀ ਅਤੇ ਬੁਨਿਆਦੀ ਢਾਂਚਾ ਤਬਾਹ ਕਰਨਾ, ਇਰਾਨੀ ਵਪਾਰ ਰੋਕਣਾ, ਇਰਾਨ ਵਿੱਚ ਅੰਦਰੂਨੀ ਦਖ਼ਲ ਦੇਣਾ/ ਸਾਜ਼ਿਸ਼ਾਂ ਕਰਨੀਆਂ, ਤੇਲ ਢਾਂਚਾ ਬਰਬਾਦ ਕਰਨਾ। ਖ਼ਬਰਾਂ ਇਹ ਹਨ ਕਿ ਇਰਾਨ ਵਿੱਚ 100 ਦੇ ਕਰੀਬ ਪ੍ਰਾਚੀਨ ਸੱਭਿਅਤਾ ਨਾਲ ਸਬੰਧਿਤ ਇਤਿਹਾਸਕ ਵਿਰਾਸਤੀ ਥਾਵਾਂ ਮਲੀਆਮੇਟ ਹੋ ਚੁੱਕੀਆਂ ਹਨ। ਟਰੰਪ ਤੇ ਨੇਤਨਯਾਹੂ ਵੱਡੀ ਤਬਾਹੀ ਕਰਕੇ ਬਹੁਤ ਖ਼ੁਸ਼ ਹੋ ਰਹੇ ਹਨ। ਟਰੰਪ ਨੇ ਕਿਹਾ ਕਿ ਇਰਾਨ ਹਾਰ ਚੁੱਕਾ ਤੇ ਹਥਿਆਰ ਸੁੱਟਣ ਹੀ ਵਾਲਾ ਹੈ। ਸਾਡੇ ਕੋਲ ਬਹੁਤ ਸਿਆਣੇ ਲੋਕ ਹਨ ਸਰਕਾਰ ਚਲਾਉਣ ਲਈ। ਪਰ ਇਰਾਨੀ ਲੋਕਾਂ ਦਾ ਕਹਿਣਾ ਹੈ ਕਿ ਲੁੱਟਮਾਰ, ਕਬਜ਼ੇ, ਮੁਨਾਫ਼ੇ ਤੇ ਸਵਾਰਥ ਤਹਿਤ ਨਸਲੀ ਘਾਣ ਕਰਨ ਵਰਗੇ ਪਿਛੋਕੜ ਵਾਲੇ ਅਮਰੀਕੀ ਹਮਲਾਵਰ, ਅਣਖੀਲੀ ਪੂਰਬੀ ਸੋਚ ਨੂੰ ਨਹੀਂ ਸਮਝ ਸਕਦੇ। ਇਰਾਨੀ ਲੋਕ ਤਾਂ ਕਦੇ ਕਿਸੇ ਮੁਲਕ ਦੇ ਗ਼ੁਲਾਮ ਨਹੀਂ ਰਹੇ। ਉਹ ਲੰਮਾ ਸਮਾਂ ਲੜ ਮਰਨਗੇ, ਪਰ ਹਥਿਆਰ ਨਹੀਂ ਸੁੱਟਣਗੇ। ਦੂਜੇ ਪਾਸੇ ਇਰਾਨ ਨੇ ਜਵਾਬੀ ਹਮਲਾ ਜੂਨ 2025 ਤੋਂ ਵੱਖਰੀ ਤਰ੍ਹਾਂ ਨਾਲ ਕੀਤਾ ਹੈ। ਇਰਾਨ ਨੂੰ ਗੁੱਸਾ ਹੈ ਕਿ ਆਪਣੀ ਧਰਤੀ ਉੱਤੇ ਅਮਰੀਕੀ ਫ਼ੌਜੀ ਅੱਡੇ ਬਣਵਾਈ ਬੈਠੇ ਅਰਬ ਮੁਲਕਾਂ ਨੇ ਅਮਰੀਕਾ ਨੂੰ ਹਮਲੇ ਲਈ ਇੱਕ ਤਰ੍ਹਾਂ ਸਮਰਥਨ ਹੀ ਦਿੱਤਾ ਕਿਉਂਕਿ ਇਨ੍ਹਾਂ ਦੀ ਧਰਤੀ ਤੋਂ ਹੀ ਇਰਾਨ ਉੱਤੇ ਹਮਲੇ ਕੀਤੇ ਗਏ ਅਤੇ ਹੋਰ ਲੋਕਾਂ ਦੇ ਨਾਲ ਨਾਲ 165 ਸਕੂਲੀ ਬੱਚੀਆਂ ਮਾਰ ਦਿੱਤੀਆਂ ਗਈਆਂ। ਇਸ ਸਭ ਕਾਰਨ ਇਰਾਨ ਨੇ ਹੋਰਮੁਜ਼ ਸਮੁੰਦਰੀ ਲਾਂਘਾ ਬੰਦ ਕਰ ਦਿੱਤਾ। ਅਰਬ ਦੇਸ਼ਾਂ ਵਿਚਲੇ ਅਮਰੀਕੀ ਫ਼ੌਜੀ ਅੱਡਿਆਂ, ਸਫ਼ਾਰਤਖਾਨਿਆਂ ਅਤੇ ਹੋਰ ਅਦਾਰਿਆਂ ਉੱਤੇ ਅਸਰਦਾਰ ਹਮਲਾ ਕੀਤਾ, ਜਿਸ ਨੂੰ ਅਮਰੀਕਾ ਪੂਰੀ ਤਰ੍ਹਾਂ ਨਹੀਂ ਰੋਕ ਸਕਿਆ। ਇਰਾਨ ਨੇ ਇਜ਼ਰਾਈਲ ਨੂੰ ਸਬਕ ਸਿਖਾਉਣ ਲਈ ਜਵਾਬੀ ਮਿਜ਼ਾਈਲ ਹਮਲੇ ਕੀਤੇ ਹਨ। ਰੂਸ, ਚੀਨ ਅਤੇ ਉੱਤਰੀ ਕੋਰੀਆ ਨੇ ਇਸ ਬਿਪਤਾ ਵਿੱਚ ਇਰਾਨ ਦੀ ਬਾਂਹ ਫੜੀ ਹੈ।

# ਲੁਟੇਰਿਆਂ ਦੇ ਹਮਲੇ ਵਿੱਚ ਮੌਤ, ਪਤਨੀ ਜ਼ਖ਼ਮੀ

**ਤਰਨਤਾਰਨ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਇੱਥੇ ਲੁਟੇਰਿਆਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਕੇ ਇਕ ਵਿਅਕਤੀ ਦੀ ਹੱਤਿਆ ਕਰ ਦਿੱਤੀ ਅਤੇ ਉਸ ਦੀ ਪਤਨੀ ਜ਼ਖ਼ਮੀ ਹੋ ਗਈ। ਮ੍ਰਿਤਕ ਦੀ ਪਛਾਣ ਹਰਜਿੰਦਰ ਸਿੰਘ (50) ਵਾਸੀ ਪਿੰਡ ਦਦੇਹਰ ਸਾਹਿਬ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਹਰਜਿੰਦਰ ਸਿੰਘ ਆਪਣੀ ਪਤਨੀ ਨਾਲ ਮੋਟਰਸਾਈਕਲ ’ਤੇ ਕਸਬਾ ਸਰਹਾਲੀ ਤੋਂ ਆਪਣੇ ਘਰ ਜਾ ਰਿਹਾ ਸੀ ਤਾਂ ਰਾਹ ਵਿੱਚ ਉਸ ਨੂੰ ਲੁਟੇਰਿਆਂ ਨੇ ਘੇਰ ਲਿਆ। ਇਸ ਦੌਰਾਨ ਲੁਟੇਰਿਆਂ ਨੇ ਜਦੋਂ ਹਰਜਿੰਦਰ ਸਿੰਘ ਦੀ ਪਤਨੀ ਤੋਂ ਉਸ ਦਾ ਪਰਸ ਖੋਹਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਦਾ ਮੋਟਰਸਾਈਕਲ ਬੇਕਾਬੂ ਹੋ ਕੇ ਸੜਕ ਕੰਢੇ ਖੜ੍ਹੇ ਦਰੱਖ਼ਤ ’ਚ ਵੱਜਿਆ। ਉਹ ਦੋਵੇਂ ਡਿੱਗ ਗਏ ਅਤੇ ਲੁਟੇਰਿਆਂ ਨੇ ਉਨ੍ਹਾਂ ’ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਹਰਜਿੰਦਰ ਸਿੰਘ ਅਤੇ ਉਸ ਦੀ ਪਤਨੀ ਰਣਜੀਤ ਕੌਰ ਨੂੰ ਗੰਭੀਰ ਹਾਲਤ ਵਿੱਚ ਤਰਨ ਤਾਰਨ ਦੇ ਪ੍ਰਾਈਵੇਟ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਜਿੱਥੇ ਡਾਕਟਰਾਂ ਨੇ ਹਰਜਿੰਦਰ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ। ਰਣਜੀਤ ਕੌਰ ਦੀ ਹਾਲਤ ਸਥਿਰ ਹੈ। ਥਾਣਾ ਸਰਹਾਲੀ ਦੇ ਐੱਸ ਐੱਚ ਓ ਇੰਸਪੈਕਟਰ ਬਿੰਦਰਜੀਤ ਸਿੰਘ ਨੇ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਹਰਜਿੰਦਰ ਸਿੰਘ ਤਿੰਨ ਧੀਆਂ ਅਤੇ ਇੱਕ ਪੁੱਤਰ ਦਾ ਪਿਤਾ ਸੀ ਹੈ।

# ਸ਼੍ਰੋਮਣੀ ਅਕਾਲੀ ਦਲ ਦੀ ਸਮਾਣਾ ਰੈਲੀ ਤੋਂ ਪਹਿਲਾਂ ਪੁਨਰ ਸੁਰਜੀਤੀ ਦਲ ਨੂੰ ਝਟਕਾ

**ਪਟਿਆਲਾ, 22 ਮਾਰਚ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਅਕਾਲੀ ਦਲ ਦੀ 19 ਮਾਰਚ ਨੂੰ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਦੀ ਅਗਵਾਈ ਹੇਠ ਵਿਸ਼ਾਲ ਰੈਲੀ ਰੱਖੀ ਗਈ ਹੈ ਜਿਸ ਤੋਂ ਪਹਿਲਾਂ ਹਰਿਆਊ ਦੀ ਅਣਥੱਕ ਮਿਹਨਤ ਸਦਕਾ ਪਾਰਟੀ ਦੀ ਸਾਖ ਨੂੰ ਮਜਬੂਤ ਕਰਨ ਲਈ ਟਕਸਾਲੀ ਅਕਾਲੀ ਆਗੂਆਂ ਨੂੰ ਪਾਰਟੀ ਅੰਦਰ ਸ਼ਾਮਿਲ ਕਰਨ ਦਾ ਸਿਲਸਿਲਾ ਲਗਾਤਾਰ ਤੇਜ਼ ਕਰ ਦਿੱਤਾ ਹੈ। ਜਿਸ ਤਹਿਤ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ ਜਦੋਂ ਸੀਨੀਅਰ ਆਗੂ ਗੁਰਧਿਆਨ ਸਿੰਘ ਭਾਨਰੀ ਤੇ ਸਾਬਕਾ ਸਰਪੰਚ ਮਨਪ੍ਰੀਤ ਸਿੰਘ ਸਵਾਜਪੁਰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਗਏ ਇਹਨਾਂ ਆਗੂਆਂ ਨੂੰ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਉੱਥੇ ਹੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕੀ ਅਜੀਹੇ ਸਮੇਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਵਾਲੇ ਆਗੂਆਂ ਦਾ ਭਵਿੱਖ ਵਿੱਚ ਸਰਕਾਰ ਬਣਨ ਤੇ ਜਿੱਥੇ ਮਾਨ ਸਨਮਾਨ ਕੀਤਾ ਜਾਵੇਗਾ ਉਥੇ ਹੀ ਵੱਡੀਆਂ ਨੁਮਾਇੰਦਗੀਆਂ ਵੀ ਦੇ ਕੇ ਨਿਵਾਜਿਆ ਜਾਵੇਗਾ।

ਉਨਾ ਕਿਹਾ ਕਿ ਜਗਮੀਤ ਸਿੰਘ ਹਰਿਆਊ ਵਰਗੇ ਮਿਹਨਤੀ ਅਣਥੱਕ ਨੌਜਵਾਨ ਆਗੂ ਦੀ ਬਦੌਲਤ ਸਮਾਣਾ ਹਲਕੇ ਦੇ ਵੱਖ ਹੋਏ ਟਕਸਾਲੀ ਆਗੂਆਂ ਦੀ ਘਰ ਵਾਪਸੀ ਕਰਾਉਣਾ ਇੱਕ ਵੱਡਾ ਸਲਾਘਾ ਯੋਗ ਕਦਮ ਹੈ ਉਹਨਾਂ ਕਿਹਾ ਕਿ ਇਹਨਾਂ ਆਗੂਆਂ ਦੇ ਸ਼੍ਰੋਮਣੀ ਅਕਾਲੀ ਦਲ ਵਿੱਚ ਮੁੜ ਤੋਂ ਸ਼ਾਮਿਲ ਹੋਣ ਨਾਲ ਪਾਰਟੀ ਮਜਬੂਤ ਹੋਵੇਗੀ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਡੀ ਲੀਡ ਨਾਲ ਜਿੱਤ ਕੇ ਆਪਣੀ ਸਰਕਾਰ ਬਣਾਏਗਾ ਇਸ ਮੌਕੇ ਸਮਾਣਾ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਦਾ ਧੰਨਵਾਦ ਕੀਤਾ ਅਤੇ ਉਹਨਾਂ ਨੂੰ ਪਾਰਟੀ ਵਿੱਚ ਬਣਦਾ ਮਾਨ ਸਨਮਾਨ ਦਿਵਾਉਣ ਲਈ ਵੀ ਕੋਈ ਕਸਰ ਬਾਕੀ ਨਹੀਂ ਛੱਡਾਂਗਾ ਦਾ ਪੱਕੇ ਤੌਰ ਤੇ ਐਲਾਨ ਵੀ ਕਰ ਦਿੱਤਾ ਉਨ੍ਹਾਂ ਕਿਹਾ ਕਿ ਟਕਸਾਲੀ ਆਗੂ ਪਾਰਟੀ ਦੀ ਜਿੰਦਜਾਨ ਹਨ ਜਿਨ੍ਹਾਂ ਦਾ ਮਾਨ ਸਨਮਾਨ ਸਾਡੇ ਵੱਲੋਂ ਕਰਨਾ ਮੁਢਲਾ ਫਰਜ਼ ਬਣਦਾ ਉਹਨਾਂ ਕਿਹਾ ਕਿ ਜਲਦ ਹੀ ਰੈਲੀ ਤੋਂ ਪਹਿਲਾਂ ਹੋਰ ਵੱਖ ਹੋਏ ਆਗੂਆਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਾਉਣ ਲਈ ਦਿਨ ਰਾਤ ਇੱਕ ਕਰ ਦੇਵਾਂਗਾ ਲਿਹਾਜਾ ਪਾਰਟੀ ਅੰਦਰ ਹੋਰ ਨਾ ਆਗੂਆਂ ਨੂੰ ਸ਼ਾਮਿਲ ਕਰਵਾਉਣ ਅਤੇ ਟਕਸਾਲੀ ਆਗੂਆਂ ਦੀ ਘਰ ਵਾਪਸੀ ਕਰਵਾਉਣ ਤੋਂ ਬਾਅਦ ਖੋਰਨਾ ਵਰਕਰਾਂ ਨਾਲ ਤਾਲਮੇਲ ਵਧਾਉਣ ਲਈ ਪਾਰਟੀ ਸੁਪਰੀਮੋ ਬਾਦਲ ਨੇ ਭਾਨਰੀ ਨੂੰ ਵੱਡੀ ਜਿੰਮੇਵਾਰੀ ਦਿੰਦੇ ਹੋਏ ਹਲਕਾ ਸਮਾਣਾ ਦਾ ਕੋਆਰਡੀਨੇਟਰ ਨਿਯੁਕਤ ਕਰ ਦਿੱਤਾ ਹੈ ਜਿਸ ਨਾਲ ਪਾਰਟੀ ਵਰਕਰਾਂ ਤੇ ਆਗੂਆਂ ਵਿੱਚ ਕਾਫੀ ਖੁਸ਼ੀ ਪਾਈ ਜਾ ਰਹੀ ਹੈ।

ਇਸ ਮੌਕੇ ਨਵ ਨਿਯੁਕਤ ਕੋਆਰਡੀਨੇਟਰ ਗੁਰਧਿਆਨ ਸਿੰਘ ਭਾਨਰੀ ਨੇ ਕਿਹਾ ਕਿ ਪਾਰਟੀ ਜਿੱਥੇ ਵੀ ਮੇਰੀ ਡਿਊਟੀ ਲਗਾਵੇਗੀ ਮੈਂ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗਾ ਉਹਨਾਂ ਕਿਹਾ ਕਿ ਸਮਾਣਾ ਵਿਖੇ ਜਗਮੀਤ ਸਿੰਘ ਹਰਿਆਊ ਦੀ ਅਗਵਾਈ ਹੇਠ 19 ਮਾਰਚ ਨੂੰ ਹੋਣ ਵਾਲੀ ਰੈਲੀ ਵਿੱਚ ਲਾਮਿਸਾਲ ਇਕੱਠ ਹੋਵੇਗਾ ਜਿੱਥੇ ਹੋਰਨਾ ਕਈ ਆਗੂਆਂ ਨੂੰ ਵੀ ਪਾਰਟੀ ਅੰਦਰ ਸ਼ਾਮਿਲ ਕੀਤਾ.

ਅਕਾਲੀ ਦਲ ਇਸਤਰੀ ਵਿੰਗ ਦੇ ਸੀਨੀਅਰ ਆਗੂ ਤੇ ਸਾਬਕਾ ਸਰਪੰਚ ਬੀਬੀ ਜਸਵਿੰਦਰ ਕੌਰ ਮੈਣ, ਸਾਬਕਾ ਸਰਪੰਚ ਮਨਪ੍ਰੀਤ ਸਿੰਘ ਸਵਾਜਪੁਰ, ਸਾਬਕਾ ਸਰਪੰਚ ਅਜਮੇਰ ਸਿੰਘ ਪਸਿਆਣਾ, ਸੀ ਐਸ ਏ ਪ੍ਰਧਾਨ ਗੁਰਮੀਤ ਸਿੰਘ ਭਾਨਰੀ, ਸਰਕਲ ਪ੍ਰਧਾਨ ਹਰਮਨ ਸਿੰਘ ਬੱਲ, ਸੈਂਪੀ ਖੋਖਰ ਸੂਲਰ, ਗੁਰਜੰਟ ਸਿੰਘ ਮਵੀ, ਵਰਿੰਦਰ ਸਿੰਘ ਤੇ ਗੁਰਸੇਵਕ ਸਿੰਘ ਘੁੰਮਣ, ਸ਼੍ਰੋਮਣੀ ਕਮੇਟੀ ਮੈਂਬਰ ਕੁਲਦੀਪ ਸਿੰਘ ਨੱਸੂਪੁਰ, ਸਾਬਕਾ ਚੇਅਰਮੈਨ ਅਮਰਜੀਤ ਸਿੰਘ ਟੋਡਰਪੁਰ, ਅਮਰਜੀਤ ਸਿੰਘ ਸਮਾਣਾ, ਹਰਦੀਪ ਸਿੰਘ ਭਾਨਰੀ, ਬਲਜੀਤ ਸਿੰਘ ਬੱਲੀ ਤੇ ਬਲਾਕ ਸੰਮਤੀ ਮੈਂਬਰ ਅੰਮ੍ਰਿਤਪਾਲ ਸਿੰਘ ਆਦਿ ਆਗੂ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਢੁਕਵਾ ਹੱਲ ਕੀਤਾ ਜਾਵੇਗਾ: ਸੁਖਪਾਲ ਸਿੰਘ



**ਸ੍ਰੀ ਆਨੰਦਪੁਰ ਸਾਹਿਬ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਵਪਾਰਕ ਵਰਗ ਦੀ ਸਹਾਇਤਾ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ,ਸੁਖਪਾਲ ਸਿੰਘ ਐਸ.ਡੀ.ਐਮ. ਸ੍ਰੀ ਅਨੰਦਪੁਰ ਸਾਹਿਬ ਨੇ ਕਿਹਾ ਕਿ ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਸ੍ਰੀ ਅਨੰਦਪੁਰ ਸਾਹਿਬ ਵਿੱਚ ਸਥਾਨਕ ਵਪਾਰੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਪਾਰ ਕਰਨ ਵਿੱਚ ਆਸਾਨੀ ਯਕੀਨੀ ਬਣਾਉਣਾ ਅਤੇ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ। ਇਸ ਮੀਟਿੰਗ ਨੇ ਵਪਾਰੀਆਂ ਨੂੰ ਆਪਣੇ ਮੁੱਦੇ ਪ੍ਰਸ਼ਾਸਨਿਕ ਅਧਿਕਾਰੀਆਂ ਸਾਹਮਣੇ ਖੁੱਲ੍ਹੇ ਤੌਰ ‘ਤੇ ਰੱਖਣ ਦਾ ਮੌਕਾ ਦਿੱਤਾ।

ਮੀਟਿੰਗ ਦੌਰਾਨ ਅਧਿਕਾਰੀਆਂ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਜੀ.ਐਸ.ਟੀ., ਮੈਟਰੋਲੋਜੀ, ਬਿਜਲੀ ਸਪਲਾਈ, ਮਜ਼ਦੂਰੀ ਅਤੇ ਰੋਜ਼ਗਾਰ ਨਾਲ ਸੰਬੰਧਿਤ ਮੁੱਦਿਆਂ ਦਾ ਸਮਰਥਕ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ, ਤਾਂ ਜੋ ਉਨ੍ਹਾਂ ਨੂੰ ਵੱਖ-ਵੱਖ ਦਫ਼ਤਰਾਂ ਦੇ ਚੱਕਰ ਨਾ ਲਗਾਉਣ ਪੈਣ। ਐਸ.ਡੀ.ਐਮ. ਨੇ ਦੱਸਿਆ ਕਿ ਵੱਖ-ਵੱਖ ਵਿਭਾਗ ਮਿਲਜੁਲ ਕੇ ਕੰਮ ਕਰ ਰਹੇ ਹਨ ਤਾਂ ਜੋ ਪ੍ਰਕਿਰਿਆਵਾਂ ਨੂੰ ਸਧਾਰਿਆ ਜਾ ਸਕੇ ਅਤੇ ਸਮੇਂ-ਬੱਧ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਵਪਾਰੀਆਂ ਨੇ ਇਸ ਪਹਿਲ ਦੀ ਸਰਾਹਨਾ ਕੀਤੀ ਅਤੇ ਸੇਵਾਵਾਂ ਵਿੱਚ ਸੁਧਾਰ ਅਤੇ ਪ੍ਰਕਿਰਿਆਵਾਂ ਵਿੱਚ ਦੇਰੀ ਘਟਾਉਣ ਲਈ ਆਪਣੇ ਸੁਝਾਅ ਵੀ ਸਾਂਝੇ ਕੀਤੇ।

ਇਸ ਮੌਕੇ ਇਹ ਵੀ ਫੈਸਲਾ ਕੀਤਾ ਗਿਆ ਕਿ ਜਲਦੀ ਹੀ ਜਨਤਕ ਥਾਵਾਂ ਮੀਟਿੰਗਾਂ ਕਰਕੇ ਵਪਾਰੀਆਂ ਦੀਆਂ ਸਮੱਸਿਆਵਾ ਦਾ ਢੁਕਵਾ ਹੱਲ ਕੀਤਾ ਜਾਵੇਗਾ।

ਇਨ੍ਹਾਂ ਮੀਟਿੰਗਾਂ ਵਿੱਚ ਸਾਰੇ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹਿਣਗੇ, ਜਿਸ ਨਾਲ ਸਮੱਸਿਆਵਾਂ ਦਾ ਮੌਕੇ ‘ਤੇ ਹੀ ਨਿਪਟਾਰਾ ਕੀਤਾ ਜਾਵੇਗਾ। ਅਮਨਦੀਪ ਸਿੰਘ ਚੇਅਰਮੈਨ ਟ੍ਰੇਂਡ ਕਮਿਸ਼ਨ ਰੋਪੜ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਾਂ ਦਾ ਉਦੇਸ਼ ਪ੍ਰਸ਼ਾਸਨ ਅਤੇ ਵਪਾਰਕ ਵਰਗ ਵਿਚਕਾਰ ਭਰੋਸੇ ਨੂੰ ਮਜ਼ਬੂਤ ਕਰਨਾ ਅਤੇ ਖੇਤਰ ਵਿੱਚ ਆਰਥਿਕ ਗਤੀਵਿਧੀਆਂ ਨੂੰ ਬਲ ਦੇਣਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਭਵਿੱਖ ਵਿੱਚ ਵੀ ਹਿੱਸੇਦਾਰਾਂ ਨਾਲ ਲਗਾਤਾਰ ਸੰਵਾਦ ਕਰਦਾ ਰਹੇਗਾ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਪ੍ਰਭਾਵਸ਼ਾਲੀ ਹੱਲ ਕੀਤਾ ਜਾ ਸਕੇ।

ਇਸ ਮੌਕੇ ਦਾਨਿਸ਼ਵੀਰ ਸਿੰਘ ਥਾਣਾ ਮੁਖੀ, ਦਾਰਾ ਸਿੰਘ ਜ਼ਿਲਾ ਪ੍ਰਧਾਨ ਟ੍ਰੈਡ ਵਿੰਗ ਰੋਪੜ, ਗੁਰਪ੍ਰੀਤ ਅਰੋੜਾ ਚੇਅਰਮੈਨ ਟ੍ਰੈਡ ਕਮਿਸ਼ਨ, ਇੰਦਰਜੀਤ ਅਰੋੜਾ ਪ੍ਰਧਾਨ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ,ਦੀਪਕ ਆਂਗਰਾ ਪ੍ਰਧਾਨ ਵਪਾਰ ਮੰਡਲ,ਜਪਨਜੋਤ ਸ਼ੈਫੀ, ਪ੍ਰਿਤਪਾਲ ਸ਼ੈਲੀ, ਸੋਨੂੰ ਅਰੋੜਾ, ਰਾਜਨ ਗਾਬਾ, ਮੋਹਨ ਸਿੰਘ ਭਸੀਨ, ਰਾਜੂ ਮਹਾਜਨ, ਇੰਦਰਪ੍ਰੀਤ ਸਿੰਘ, ਗਫੂਰ ਮੁਹੰਮਦ, ਜਸਵਿੰਦਰ ਸਿੰਘ, ਮੋਹਿਤ ਗਰੋਵਰ, ਹਰਪ੍ਰੀਤ ਸਿੰਘ,ਕੁਲਵੰਤ ਸਿੰਘ, ਗੁਰਨਾਮ ਸਿੰਘ, ਜਸਵਿੰਦਰ ਵਿੱਕੀ, ਤਜਿੰਦਰ ਪਾਲ ਸਿੰਘ, ਜਸਪ੍ਰੀਤ ਸਿੰਘ, ਯਸ਼ ਐਨਟਰਪ੍ਰਾਈਜ਼ਜ਼, ਮਨਪ੍ਰੀਤ ਸਿੰਘ, ਸਾਵਨ ਗੈਰੀ, ਅਰਸ਼ਦੀਪ ਸਿੰਘ, ਰਜਿੰਦਰ ਗੋਬਾ, ਰਜੀਵ ਮਲਹੋਤਰਾ, ਮਦਨ ਲਾਲ, ਕੁਲਵੰਤ ਸਿੰਘ, ਜਸਵਿੰਦਰ ਸਿੰਘ, ਗਗਨਦੀਪ, ਸੰਤੋਖ ਸਿੰਘ, ਲਖਵਿੰਦਰ ਸਿੰਘ, ਪ੍ਰਭਜੋਤ ਸਿੰਘ, ਨਵਜੋਤ ਪਾਲ, ਮੋਹਿਤ ਗਰੋਵਰ ਹਾਜ਼ਰ ਸਨ।

# ਫੂਡ ਸਪਲਾਈ ਟੀਮਾਂ ਵੱਲੋਂ 45 ਘਰੇਲੂ ਐਲਪੀਜੀ ਸਿਲੰਡਰ ਜ਼ਬਤ

**ਪਟਿਆਲਾ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਘਰੇਲੂ ਖਪਤਕਾਰਾਂ ਨੂੰ ਐਲਪੀਜੀ ਦੀ ਸੁਚਾਰੂ ਅਤੇ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਅਤੇ ਇਸਦੀ ਗ਼ੈਰਕਾਨੂੰਨੀ ਵਰਤੋਂ ਨੂੰ ਰੋਕਣ ਲਈ, ਜ਼ਿਲ੍ਹਾ ਖੁਰਾਕ ਅਤੇ ਸਪਲਾਈ ਅਫ਼ਸਰ ਅਤੇ ਸਹਾਇਕ ਖੁਰਾਕ ਸਪਲਾਈ ਅਧਿਕਾਰੀਆਂ ਦੀਆਂ ਟੀਮਾਂ ਨੇ ਜ਼ਿਲ੍ਹੇ ਭਰ ਵਿੱਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ।

ਇਸ ਦੌਰਾਨ ਖਾਣ-ਪੀਣ ਵਾਲੀਆਂ ਥਾਵਾਂ, ਰੈਸਟੋਰੈਂਟਾਂ ਅਤੇ ਹੋਟਲਾਂ @ਤੇ ਚੈਕਿੰਗ ਕੀਤੀ ਗਈ, ਜਿੱਥੇ ਵਪਾਰਕ ਉਦੇਸ਼ਾਂ ਲਈ ਘਰੇਲੂ ਐਲਪੀਜੀ ਸਿਲੰਡਰਾਂ ਦੀ ਵਰਤੋਂ ਕਰਨ ਵਾਲੇ ਅਦਾਰਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ। ਇਸ ਤੋਂ ਇਲਾਵਾ, ਗੈਸ ਏਜੰਸੀਆਂ ਦਾ ਵੀ ਨਿਰੀਖਣ ਕੀਤਾ ਗਿਆ, ਜਿੱਥੇ ਟੀਮਾਂ ਨੇ ਪਾਰਦਰਸ਼ਤਾ ਅਤੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਗੋਦਾਮਾਂ ਵਿੱਚ ਸਟਾਕ, ਸਪਲਾਈ ਪ੍ਰਣਾਲੀ ਅਤੇ ਬੁਕਿੰਗ ਰਿਕਾਰਡ ਦੀ ਜਾਂਚ ਕੀਤੀ।

ਮੁਹਿੰਮ ਦੌਰਾਨ, ਫੂਡ ਸਪਲਾਈ ਵਿਭਾਗ ਟੀਮਾਂ ਨੇ ਨਿਯਮਾਂ ਦੀ ਉਲੰਘਣਾ ਕਰਕੇ ਵਰਤੇ ਜਾ ਰਹੇ ਕੁੱਲ 45 ਘਰੇਲੂ ਐਲਪੀਜੀ ਸਿਲੰਡਰ ਜ਼ਬਤ ਕੀਤੇ। ਇਨ੍ਹਾਂ ਵਿੱਚੋਂ, ਰਾਜਪੁਰਾ ਵਿੱਚ 11, ਪਟਿਆਲਾ ਵਿੱਚ 18, ਦੇਵੀਗੜ੍ਹ ਵਿੱਚ 2 ਅਤੇ ਸਨੌਰ ਵਿੱਚ 14 ਸਿਲੰਡਰ ਜ਼ਬਤ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਘਰੇਲੂ ਐਲਪੀਜੀ ਅਸਲ ਲਾਭਪਾਤਰੀਆਂ ਤੱਕ ਪਹੁੰਚੇ ਅਤੇ ਵਪਾਰਕ ਉਦੇਸ਼ਾਂ ਲਈ ਇਸਦੀ ਦੁਰਵਰਤੋਂ ਨਾ ਕੀਤੀ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੀ ਮੁਹਿੰਮ ਨਿਯਮਿਤ ਤੌਰ @ਤੇ ਜਾਰੀ ਰਹਿਗੀ।

ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਟੀਮਾਂ ਵਪਾਰਕ ਅਦਾਰਿਆਂ ਅਤੇ ਐਲਪੀਜੀ ਵੰਡ ਪ੍ਰਣਾਲੀਆਂ ਦੋਵਾਂ ਦੀ ਸਰਗਰਮੀ ਨਾਲ ਨਿਗਰਾਨੀ ਕਰ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਖਪਤਕਾਰਾਂ ਨੂੰ ਸਹੀ ਸਟਾਕ ਪ੍ਰਬੰਧਨ ਅਤੇ ਨਿਰਪੱਖ ਸਪਲਾਈ ਨੂੰ ਯਕੀਨੀ ਬਣਾਉਣ ਲਈ ਗੈਸ ਏਜੰਸੀਆਂ ਦੀ ਜਾਂਚ ਤੇਜ਼ ਕਰ ਦਿੱਤੀ ਗਈ ਹੈ। ਉਨ੍ਹਾਂ ਵਪਾਰਕ ਅਦਾਰਿਆਂ ਨੂੰ ਸਿਰਫ਼ ਅਧਿਕਾਰਤ ਵਪਾਰਕ ਐਲਪੀਜੀ ਸਿਲੰਡਰਾਂ ਦੀ ਵਰਤੋਂ ਕਰਨ ਅਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਅਪੀਲ ਕੀਤੀ।ਉਨ੍ਹਾਂ ਨੇ ਲੋਕਾਂ ਨੂੰ ਸਹਿਯੋਗ ਕਰਨ ਅਤੇ ਘਰੇਲੂ ਐਲਪੀਜੀ ਸਿਲੰਡਰਾਂ ਦੀ ਕਿਸੇ ਵੀ ਦੁਰਵਰਤੋਂ ਦੀ ਰਿਪੋਰਟ ਕਰਨ ਦੀ ਅਪੀਲ ਕਰਦਿਆਂ ਭਰੋਸਾ ਦਿੱਤਾ ਹੈ ਕਿ ਲੋਕ ਕਿਸੇ ਕਿਸਮ ਦੀਆਂ ਅਫਵਾਹਾਂ ‘ਤੇ ਯਕੀਨ ਨਾ ਕਰਨ ਅਤੇ ਨਾ ਹੀ ਅਫ਼ਰਾ ਤਫ਼ਰੀ ਚ ਆ ਕੇ ਬਿਨਾਂ ਲੋੜ ਤੋਂ ਸਿਲੰਡਰਾਂ ਦੀ ਬੁਕਿੰਗ ਨਾ ਕਰਨ।

# ਡਿਪਟੀ ਕਮਿਸ਼ਨਰ ਨੇ 19ਵੇਂ ਵਿਰਾਸਤੀ ਤੇ ਪੰਜਾਬ ਸਖੀ ਸ਼ਕਤੀ ਮੇਲੇ ਦੀਆਂ ਅਗਾਂਊ ਤਿਆਰੀਆਂ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਬਠਿੰਡਾ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਾਲਵਾ ਹੈਰੀਟੇਜ ਫਾਊਂਡੇਸ਼ਨ ਦੇ ਸਹਿਯੋਗ ਨਾਲ 20 ਤੋਂ 22 ਮਾਰਚ ਤੱਕ ਸਥਾਨਕ ਸ਼ਹੀਦ ਭਗਤ ਸਿੰਘ ਬਹੁਮਤਵੀ ਸ਼ਹੀਦ ਖੇਡ ਸਟੇਡੀਅਮ ਵਿਖੇ ਕਰਵਾਏ ਜਾਣ ਵਾਲੇ 19ਵੇਂ ਵਿਰਾਸਤੀ ਮੇਲੇ ਅਤੇ ਪੰਜਾਬ ਸਖੀ ਸ਼ਕਤੀ ਮੇਲੇ ਦੀਆਂ ਤਿਆਰੀਆਂ ਦੇ ਅਗਾਊ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਇਸ ਮੌਕੇ ਉਨ੍ਹਾਂ ਨੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਸਾਰੇ ਪ੍ਰਬੰਧ ਨਿਧਾਰਤ ਸਮੇਂ ਅੰਦਰ ਪੂਰੇ ਕੀਤੇ ਜਾਣ ਤਾਂ ਜੋ ਆਮ ਜਨਤਾ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਜ਼ੋਰ ਦਿੱਤਾ ਕਿ ਮੇਲੇ ਦੌਰਾਨ ਸਫਾਈ, ਸੁਰੱਖਿਆ, ਟ੍ਰੈਫਿਕ ਅਤੇ ਸੁਵਿਧਾਵਾਂ ਦੇ ਖਾਸ ਪ੍ਰਬੰਧ ਕੀਤੇ ਜਾਣ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਤਿੰਨ ਦਿਨਾਂ ਤੱਕ ਚੱਲਣ ਵਾਲੇ ਇਸ ਮੇਲੇ ਵਿੱਚ ਰੰਗਲੇ ਪੰਜਾਬ ਦੀਆਂ ਰਿਵਾਇਤੀ ਝਲਕੀਆਂ ਪੁਰਾਤਨ ਪਹਿਰਾਵੇ, ਲੋਕ ਖੇਡਾਂ, ਰਿਵਾਇਤੀ ਖਾਣੇ, ਝੂਲੇ, ਗੀਤ-ਸੰਗੀਤ, ਪਤੰਗ ਬਾਜ਼ੀ, ਕਠਪੁਤਲੀ ਦਾ ਖੇਡ ਅਤੇ ਸੱਭਿਆਚਾਰਕ ਪ੍ਰੋਗਰਾਮ ਲੋਕਾਂ ਨੂੰ ਆਪਣੀ ਵਿਰਾਸਤ ਨਾਲ ਜੋੜਣਗੇ।

ਉਨ੍ਹਾਂ ਦੱਸਿਆ ਕਿ ਮੇਲੇ ਦਾ ਆਗਾਜ਼ 20 ਮਾਰਚ ਨੂੰ ਸ਼ਹਿਰ ਵਿਖੇ ਰਵਾਇਤੀ ਅਤੇ ਵਿਰਾਸਤੀ ਜਲੂਸ ਨਾਲ ਕੀਤਾ ਜਾਵੇਗਾ। ਇਸ ਵਿਚ ਮਾਲਵਾ ਹੈਰੀਟੇਜ ਫਾਊਂਡੇਸ਼ਨ, ਸਕੂਲਾਂ ਅਤੇ ਕਾਲਜਾਂ ਦੀਆਂ ਟੀਮਾਂ, ਯੂਥ ਕਲੱਬ ਆਦਿ ਭਾਗ ਲੈਣਗੇ। 20 ਮਾਰਚ ਨੂੰ ਕਲਾਕਾਰ ਕਰਮਜੀਤ ਅਨਮੋਲ ਅਤੇ ਬੀਨੂ ਢਿੱਲੋਂ ਦੇ ਨਾਲ ਨਾਲ ਗਾਇਕ ਮੰਡੇਰ ਬ੍ਰਦਰਜ਼ ਅਤੇ ਗੁਰਜੀਤ ਜੀਤੀ ਵੱਲੋਂ ਪੇਸ਼ਕਾਰੀਆਂ ਦਿੱਤੀਆਂ ਜਾਣਗੀਆਂ ।

21 ਮਾਰਚ ਨੂੰ ਵੱਖ ਵੱਖ ਟੀਮਾਂ ਵੱਲੋਂ ਗਿੱਧਾ, ਭੰਗੜਾ, ਲੁੱਡੀ, ਰਵਾਇਤੀ ਖੇਡਾਂ ਅਤੇ ਮਸਤਾਨੇ ਗਰੁੱਪ ਵੱਲੋਂ ਨਾਟਕ ਇਕ ਸੀ ਰੰਗ ਸਫੇਦ ਪੇਸ਼ ਕੀਤਾ ਜਾਵੇਗਾ। ਨਾਲ ਹੀ ਕਲਾਕਾਰ ਕੰਵਰ ਗਰੇਵਾਲ ਵੱਲੋਂ ਪੇਸ਼ਕਰੀ ਦਿੱਤੀ ਜਾਵੇਗੀ ।

22 ਮਾਰਚ ਨੂੰ ਵੀ ਵੱਖ ਵੱਖ ਟੀਮਾਂ ਵੱਲੋਂ ਸੱਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਜਾਣਗੀਆਂ । ਗਾਇਕ ਰਣਜੀਤ ਬਾਵਾ ਵੱਲੋਂ ਦਰਸ਼ਕਾਂ ਦਾ ਮਨੋਰੰਜਨ ਕੀਤਾ ਜਾਵੇਗਾ।

ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਸਿੱਧ ਪੰਜਾਬੀ ਕਲਾਕਾਰਾਂ ਦੀ ਹਾਜ਼ਰੀ ਮੇਲੇ ਦੀ ਰੌਣਕ ਵਧਾਏਗੀ। ਇਨ੍ਹਾਂ ਵਿੱਚ ਕੰਵਰ ਗਰੇਵਾਲ, ਰਣਜੀਤ ਬਾਵਾ, ਬਲਕਾਰ ਸਿੱਧੂ, ਬੀਨੂੰ ਢਿੱਲੋਂ, ਮੰਡੇਰ ਬ੍ਰਦਰਜ਼, ਦੇਵ ਖਰੌੜ, ਗੁਰਜੀਤ ਜੀਤੀ ਅਤੇ ਗੁਰ ਸਿੱਧੂ ਸ਼ਾਮਲ ਹਨ, ਜੋ ਦਰਸ਼ਕਾਂ ਦਾ ਮਨੋਰੰਜਨ ਕਰਨਗੇ।

ਇਸ ਦੇ ਨਾਲ ਹੀ ਕਰਵਾਏ ਜਾ ਰਹੇ ਪੰਜਾਬ ਸਖੀ ਸ਼ਕਤੀ ਮੇਲੇ-2026 ਦੌਰਾਨ ਉਦਯੋਗ ਅਤੇ ਵਣਜ ਵਿਭਾਗ ਪੰਜਾਬ (ਰੈਮਪ) ਅਤੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਬਠਿੰਡਾ ਦੇ ਸਹਿਯੋਗ ਨਾਲ ਜ਼ਿਲ੍ਹੇ ਦੀਆਂ ਸਵੈ-ਸਹਾਇਤਾ ਗਰੁੱਪਾਂ ਅਤੇ ਸੰਸਥਾਵਾਂ ਵੱਲੋਂ ਤਿਆਰ ਕੀਤੇ ਉਤਪਾਦਾਂ ਦੀ ਪ੍ਰਦਰਸ਼ਨੀ ਅਤੇ ਵਿਕਰੀ ਵੀ ਕੀਤੀ ਜਾਵੇਗੀ, ਜਿਸ ਨਾਲ ਮਹਿਲਾ ਸਸ਼ਕਤੀਕਰਨ ਨੂੰ ਵੱਡਾ ਬਲ ਮਿਲੇਗਾ।ਡਿਪਟੀ ਕਮਿਸ਼ਨਰ ਨੇ ਬਠਿੰਡਾ ਵਾਸੀਆਂ ਨੂੰ ਮੇਲੇ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦਾ ਨਿੱਘਾ ਸੱਦਾ ਦਿੰਦਿਆਂ ਕਿਹਾ ਕਿ ਮੇਲੇ ਵਿੱਚ ਦਾਖਲਾ ਪੂਰੀ ਤਰ੍ਹਾਂ ਮੁਫ਼ਤ ਰਹੇਗਾ। ਉਨ੍ਹਾਂ ਦੱਸਿਆ ਕਿ ਮੇਲੇ ਚ ਰਵਾਇਤੀ ਖੇਡਦਿਆਂ ਜਿਵੇਂ ਕਿ ਰੱਸਾ ਕੱਸੀ, ਦੰਗਲ ਆਦਿ ਵੀ ਕਰਵਾਏ ਜਾਣਗੇ ਤਾਂ ਜੋ ਲੋਕਾਂ ਨੂੰ ਪੰਜਾਬ ਦੇ ਅਮੀਰ ਵਿਰਸੇ ਤੋਂ ਜਾਣੂ ਕਰਵਾਇਆ ਜਾਵੇ ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਮੈਡਮ ਕੰਚਨ, ਉੱਪ ਮੰਡਲ ਮੈਜਿਸਟ੍ਰੇਟ ਸ੍ਰੀ ਬਲਕਰਨ ਸਿੰਘ, ਮੁੱਖ ਮੰਤਰੀ ਫੀਲਡ ਅਫਸਰ ਸ੍ਰੀ ਰਮਨਜੀਤ, ਮੈਡਮ ਹਰਸ਼ਿਤਾ ਸ਼ਰਮਾ ਆਈ ਏ ਐੱਸ (ਯੂ ਟੀ) ਮਾਲਵਾ ਹੈਰੀਟੇਜ ਅਤੇ ਸੱਭਿਆਚਾਰਕ ਫਾਊਂਡੇਸ਼ਨ ਦੇ ਪ੍ਰਧਾਨ ਹਰਵਿੰਦਰ ਸਿੰਘ ਖਾਲਸਾ, ਸ੍ਰੀ ਚਮਕੌਰ ਸਿੰਘ ਮਾਨ, ਡੀ.ਐਸ.ਪੀ. ਗੁਰਪ੍ਰੀਤ ਸਿੰਘ ਸਮੇਤ ਹੋਰ ਅਧਿਕਾਰੀ ਅਤੇ ਮੈਂਬਰ ਹਾਜ਼ਰ ਸਨ।

# ਜਿਲ੍ਹੇ ਦੀਆਂ ਸਮੂਹ ਗੈਸ ਏਜੰਸੀਆਂ ਨਾਲ ਕੀਤੀ ਗਈ ਮੀਟਿੰਗ

**ਬਠਿੰਡਾ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਦੇ ਦਿਸ਼ਾਂ ਨਿਰਦੇਸ਼ਾਂ ਹੇਠ ਜ਼ਿਲ੍ਹਾ ਫੂਡ ਤੇ ਸਿਵਿਲ ਸਪਲਾਈ ਕੰਟਰੋਲਰ ਸ. ਦਲਜੀਤ ਸਿੰਘ ਸੰਧੂ ਵੱਲੋਂ ਜਿਲ੍ਹੇ ਦੀਆਂ ਸਮੂਹ ਗੈਸ ਏਜੰਸੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਸ੍ਰੀ ਸੰਚਿਤ ਸ਼ਰਮਾ ਆਈ.ਓ.ਸੀ.ਐਲ. ਦੇ ਸੇਲਜ਼ ਅਫਸਰ, ਸ੍ਰੀ ਅਸ਼ਿਫ ਮੁਹੰਮਦ ਬੀ.ਪੀ.ਸੀ.ਐਲ ਅਤੇ ਸ੍ਰੀ ਆਯੂਸ਼ ਚੌਹਾਨ ਐਚ.ਪੀ.ਸੀ.ਐਲ ਦੇ ਸੇਲਜ਼ ਅਫਸਰ ਹਾਜ਼ਰ ਹੋਏ।

ਮੀਟਿੰਗ ਵਿੱਚ ਜਿਲਾ ਕੰਟਰੋਲਰ ਵੱਲੋਂ ਸਮੂਹ ਗੈਸ ਏਜੰਸੀਆਂ ਨੂੰ ਕਿਹਾ ਗਿਆ ਕਿ ਆਮ ਪਬਲਿਕ ਅਤੇ ਖਪਤਕਾਰਾਂ ਨੂੰ ਘਰੇਲੂ ਗੈਸ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਈ ਜਾਵੇ।

ਇਸ ਮੌਕੇ ਤੇ ਸੇਲਜ਼ ਅਫਸਰਾਂ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਕੋਲ ਘਰੇਲੂ ਗੈਸ ਸਬੰਧੀ ਲੋੜੀਂਦਾ ਸਟਾਕ ਉਪਲਬਧ ਹੈ ਕਿਸੇ ਵੀ ਗੈਸ ਏਜੰਸੀ ਤੇ ਗੈਸ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਗੈਸ ਦੀ ਸਪਲਾਈ ਨਿਰਵਿਘਨ ਚਲਦੀ ਰਹੇਗੀ।

ਇਸ ਦੌਰਾਨ ਜਿਲ੍ਹਾ ਕੰਟਰੋਲਰ ਵੱਲੋਂ ਇਹ ਵੀ ਕਿਹਾ ਗਿਆ ਕਿ ਸਾਰੇ ਪਿੰਡਾਂ ਵਿੱਚ ਵੀ ਜਾ ਕੇ ਰੈਗੂਲਰ ਸਪਲਾਈ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਪੇਂਡੂ ਖੇਤਰ ਵਿੱਚ ਵੀ ਗੈਸ ਦੀ ਕੋਈ ਦਿੱਕਤ ਨਾ ਆਵੇ।

ਗੈਸ ਏਜੰਸੀਆਂ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਉਨ੍ਹਾਂ ਵੱਲੋਂ ਖਪਤਕਾਰਾਂ ਨੂੰ ਪਹਿਲ ਦੇ ਆਧਾਰ ਤੇ ਨਿਰਵਿਘਨ ਸਪਲਾਈ ਦਿੱਤੀ ਜਾ ਰਹੀ ਹੈ ਅਤੇ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਬੁਕਿੰਗ ਹੋਣ ਤੋਂ ਬਾਅਦ 3-4 ਦਿਨਾਂ ਵਿੱਚ ਘਰੇਲੂ ਗੈਸ ਦੀ ਹੋਮ ਡਿਲੀਵਰੀ ਦਿੱਤੀ ਜਾ ਰਹੀ ਹੈ।

ਜਿਲ੍ਹਾ ਕੰਟਰੋਲਰ ਦਲਜੀਤ ਸਿੰਘ ਸੰਧੂ ਵੱਲੋਂ ਬਠਿੰਡਾ ਜਿਲ੍ਹੇ ਦੇ ਸਮੂਹ ਖਪਤਕਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਬਠਿੰਡੇ ਜਿਲ੍ਹੇ ਵਿੱਚ ਘਰੇਲੂ ਗੈਸ ਦੀ ਨਿਰਵਿਘਨ ਸਪਲਾਈ ਦਿੱਤੀ ਜਾ ਰਹੀ ਹੈ ਕਿਸੇ ਵੀ ਕਿਸਮ ਦੀ ਘਬਰਾਉਣ ਦੀ ਲੋੜ ਨਹੀਂ ਹੈ ਅਤੇ ਕੰਪਨੀਆਂ ਪਾਸ ਘਰੇਲੂ ਗੈਸ ਦਾ ਪ੍ਰਾਯਪਤ ਮਾਤਰਾ ਵਿੱਚ ਸਟਾਕ ਉਪਲਬਧ ਹੈ। ਉਨ੍ਹਾਂ ਵੱਲੋਂ ਦੱਸਿਆ ਗਿਆ ਹੈ ਕਿ ਕੋਈ ਵੀ ਖਪਤਕਾਰ ਡਿਲੀਵਰੀ ਤੋਂ 25 ਦਿਨ ਬਾਅਦ ਆਪਣੀ ਬੁਕਿੰਗ ਵੱਖ ਵੱਖ ਤਰੀਕਿਆਂ ਨਾਲ ਆਨਲਾਈਨ ਐਸ.ਐਮ.ਐਸ (SMS) ਅਤੇ ਓ.ਟੀ.ਪੀ. (OTP) ਰਾਹੀਂ ਕਰਵਾ ਸਕਦਾ ਹੈ।

ਜਿਹੜੇ ਖਪਤਕਾਰਾਂ ਦੀ ਈ.ਕੇ.ਵਾਈ.ਸੀ ਜਾਂ ਫੋਨ ਨੰਬਰ ਰਜਿਸਟਰਡ ਨਹੀਂ ਹੋਏ ਉਹ ਵੀ ਆਨਲਾਈਨ ਵਿਧੀ ਰਾਹੀਂ ਫੋਨ ਨੰਬਰ ਲਿੰਕ ਕਰਵਾ ਸਕਦੇ ਹਨ।

ਇਸ ਤੋਂ ਇਲਾਵਾ ਉਨ੍ਹਾਂ ਨੇ ਦੱਸਿਆ ਕਿ ਖਪਤਕਾਰਾਂ ਦੀਆਂ ਘਰੇਲੂ ਗੈਸ ਦੀਆਂ ਸਮੱਸਿਆਵਾਂ ਲਈ ਜਿਲ੍ਹਾ ਪ੍ਰਸ਼ਾਸ਼ਨ ਵਲੋਂ ਕੰਟਰੋਲ ਰੂਮ ਟੈਲੀਫੋਨ ਨੰਬਰ 01642921552 ਸਥਾਪਿਤ ਕੀਤਾ ਗਿਆ ਹੈ ਜਿਸ ਤੇ ਕੋਈ ਵੀ ਖਪਤਕਾਰ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਸ਼ਿਕਾਇਤ ਦਰਜ ਕਰਵਾ ਸਕਦਾ ਹੈ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਤਰਨ ਤਾਰਨ ਤੋਂ ਪਹਿਲੀ ਬੱਸ ਰਵਾਨਾ



**ਤਰਨਤਾਰਨ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਧਾਰਮਿਕ ਭਾਵਨਾਵਾਂ ਨਾਲ ਜੁੜੀ ਮਹੱਤਵਪੂਰਨ ਯੋਜਨਾ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਹਲਕਾ ਤਰਨ ਤਾਰਨ ਤੋਂ 40 ਸ਼ਰਧਾਲੂਆਂ ਦਾ ਜਥਾ ਰਵਾਨਾ ਹੋਇਆ। ਤਰਨ ਤਾਰਨ ਤੋਂ ਸ਼ਰਧਾਲੂਆਂ ਦੀ ਇਸ ਪਹਿਲੀ ਬੱਸ ਨੂੰ ਵਿਧਾਇਕ ਹਰਮੀਤ ਸਿੰਘ ਸੰਧੂ ਦੇ ਭਰਾਤਾ ਰਾਜਬੀਰ ਸਿੰਘ ਸੰਧੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਭੁਪਿੰਦਰ ਸਿੰਘ ਖੇੜਾ ਅਤੇ @ਆਪ@ ਦੇ ਜ਼ਿਲ੍ਹਾ ਜਰਨਲ ਸਕੱਤਰ ਅੰਜੂ ਵਰਮਾ ਨੇ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਤਿੰਨ ਰੋਜ਼ਾ ਯਾਤਰਾ ਦੌਰਾਨ ਸ਼ਰਧਾਲੂ, ਸ੍ਰੀ ਅਨੰਦਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਨਗੇ। ਉਨ੍ਹਾਂ ਨੇ ਤੀਰਥ ਯਾਤਰਾ ’ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ, ਖਾਸ ਕਰਕੇ ਉਹ ਲੋਕ ਜੋ ਆਰਥਿਕ ਕਾਰਨਾਂ ਜਾਂ ਵਢੇਰੀ ਉਮਰ ਕਰਕੇ ਯਾਤਰਾ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰ ਰਹੀ ਹੈ ਅਤੇ ਤੀਰਥ ਯਾਤਰਾ ਸਕੀਮ ਇਸ ਦੀ ਇਕ ਸ਼ਾਨਦਾਰ ਮਿਸਾਲ ਹੈ। ਇਸ ਯੋਜਨਾ ਤਹਿਤ ਯਾਤਰੀਆਂ ਨੂੰ ਆਉਣ-ਜਾਣ, ਰਹਿਣ ਅਤੇ ਭੋਜਨ ਦੀ ਪੂਰੀ ਸੁਵਿਧਾ ਮੁਫ਼ਤ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾ ਸਿਰਫ਼ ਧਾਰਮਿਕ ਨਹੀਂ, ਸਗੋਂ ਸਮਾਜਿਕ ਸਾਂਝ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਵੀ ਇਕ ਮਾਧਿਅਮ ਹੈ।

ਇਸ ਮੌਕੇ ਤੀਰਥ ਯਾਤਰਾ ’ਤੇ ਜਾਣ ਵਾਲੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਹਰਮੀਤ ਸਿੰਘ ਸੰਧੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਲਈ ਜੀਵਨ ਭਰ ਦੀ ਯਾਦਗਾਰ ਯਾਤਰਾ ਹੋਵੇਗੀ।

# ਜਨਗਣਨਾ 2027 ਸਬੰਧੀ ਜ਼ਿਲ੍ਹਾ ਫਾਜ਼ਿਲਕਾ ਵਿੱਚ ਪਹਿਲੇ ਫੇਜ਼ ਦੀ ਦੋ ਦਿਨਾਂ ਵਿਸ਼ੇਸ਼ ਟ੍ਰੇਨਿੰਗ ਕਰਵਾਈ



**ਫਾਜ਼ਿਲਕਾ, 22 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜਨਗਣਨਾ 2027 ਦੇ ਸਫਲ ਆਯੋਜਨ ਲਈ ਜ਼ਿਲ੍ਹਾ ਫਾਜ਼ਿਲਕਾ ਵਿੱਚ ਪਹਿਲੇ ਫੇਜ਼ ਤਹਿਤ ਦੋ ਦਿਨਾਂ ਵਿਸ਼ੇਸ਼ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਟ੍ਰੇਨਿੰਗ ਵਿੱਚ ਜ਼ਿਲ੍ਹੇ ਨਾਲ ਸਬੰਧਤ ਚਾਰਜ ਅਫ਼ਸਰਾਂ ਅਤੇ ਟੈਕਨੀਕਲ ਅਸਿਸਟੈਂਟਾਂ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਟਰੇਨਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਮਨਦੀਪ ਕੌਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ,ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਮਨਦੀਪ ਕੌਰ ਵੱਲੋਂ ਸਾਰੇ ਚਾਰਜ ਅਫ਼ਸਰਾਂ, ਤਹਿਸੀਲਦਾਰਾਂ, ਕਾਰਜ ਸਾਧਕ ਅਫ਼ਸਰਾਂ ਅਤੇ ਟੈਕਨੀਕਲ ਅਸਿਸਟੈਂਟਾਂ ਨੂੰ ਹਦਾਇਤ ਕੀਤੀ ਗਈ ਕਿ ਜਨਗਣਨਾ 2027 ਦੇ ਕੰਮ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਸਾਰੀਆਂ ਡਿਊਟੀਆਂ ਪੂਰੀ ਨਿਸ਼ਠਾ, ਜਿੰਮੇਵਾਰੀ ਅਤੇ ਸਮੇਂ-ਸਿਰ ਨਿਭਾਈਆਂ ਜਾਣ।

ਸੈਂਸਜ਼ ਵਿਭਾਗ ਪੰਜਾਬ ਚੰਡੀਗੜ ਵੱਲੋਂ ਆਏ ਮਾਸਟਰ ਟ੍ਰੇਨਰ ਪੰਕਜ ਅਤੇ ਜ਼ਿਲ੍ਹਾ ਕੋਆਰਡੀਨੇਟਰ ਫਾਜ਼ਿਲਕਾ ਕਾਰਤਿਕ ਆਰਿਆ ਵੱਲੋਂ ਜਨਗਣਨਾ 2027 ਸਬੰਧੀ ਵੱਖ-ਵੱਖ ਤਕਨੀਕੀ ਅਤੇ ਪ੍ਰਸ਼ਾਸਕੀ ਪੱਖਾਂ ਬਾਰੇ ਵਿਸਥਾਰਪੂਰਵਕ ਪਰੈਕਟੀਕਲ ਤੌਰ ਤੇ ਟ੍ਰੇਨਿੰਗ ਦਿੱਤੀ ਗਈ।

ਟ੍ਰੇਨਿੰਗ ਦੌਰਾਨ ਦੱਸਿਆ ਗਿਆ ਕਿ ਪੰਜਾਬ ਰਾਜ ਵਿੱਚ ਹਾਊਸ ਲਿਸਟਿੰਗ ਦੀ ਪ੍ਰਕਿਰਿਆ 15 ਮਈ ਤੋਂ 13 ਜੂਨ 2026 ਤੱਕ ਕੀਤੀ ਜਾਵੇਗੀ ਅਤੇ ਸੈਲਫ਼-ਇਨਯੂਮਰੇਸ਼ਨ ਦੀ ਸੁਵਿਧਾ ਵੀ ਉਪਲਬਧ ਰਹੇਗੀ।

ਜਨਗਣਨਾ ਦੀ ਪੂਰੀ ਕਾਰਵਾਈ ਡਿਜੀਟਲ ਮੋਡ ਰਾਹੀਂ ਸੰਪੰਨ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਭਾਰਤ ਸਰਕਾਰ ਵੱਲੋਂ 30 ਅਪ੍ਰੈਲ ਤੋਂ 14 ਮਈ 2026 ਤੱਕ 15 ਦਿਨ ਲਈ ਪੋਰਟਲ ਖੋਲ੍ਹਿਆ ਜਾਵੇਗਾ, ਜਿਸ ਰਾਹੀਂ ਹਰ ਵਿਅਕਤੀ ਆਪਣੇ ਪਰਿਵਾਰ ਦੀ ਜਾਣਕਾਰੀ ਖੁਦ ਆਨਲਾਈਨ ਦਰਜ ਕਰ ਸਕੇਗਾ।

ਇਸ ਮੌਕੇ ਹਰਜਿੰਦਰ ਸਿੰਘ ਡਿਪਟੀ ਈ.ਐਸ.ਏ-ਕਮ-ਵਧੀਕ ਜ਼ਿਲ੍ਹਾ ਸੈਂਸਜ਼ ਅਫਸਰ ਅਤੇ ਉਹਨਾਂ ਦਾ ਦਫਤਰੀ ਸਟਾਫ, ਜ਼ਿਲ੍ਹਾ ਸੈਂਸਜ਼ ਸੈਲ ਤੋਂ ਵਿਵੇਕ ਕਟਾਰੀਆ, ਅਸ਼ੀਸ਼ ਗੁੰਬਰ, ਵਰਿੰਦਰ ਨਾਰੰਗ,ਕਾਰਜ ਸਾਧਕ ਅਫ਼ਸਰ ਵਿਕਰਮ ਧੁੜੀਆ ਅਤੇ ਹੋਰ , ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

## ਤੁਹਾਡੀ ਸਿਹਤ

# ਕੈਂਸਰ ਤੋਂ ਛੁਟਕਾਰਾ ਚਾਹੀਦੈ ਤਾਂ ਅਜ਼ਮਾਓ ਇਹ ਉਪਾਅ

ਸਰਦੀਆਂ 'ਚ ਅਕਸਰ ਇਸ ਦੀ ਕਾਫ਼ੀ ਵਰਤੋਂ ਕੀਤੀ ਜਾਂਦੀ ਹੈ। ਸਬਜ਼ੀਆਂ 'ਚ ਮਸਾਲੇ ਵਜੋਂ ਇਸ ਨੂੰ ਖ਼ੂਬ ਪਸੰਦ ਵੀ ਕੀਤਾ ਜਾਂਦਾ ਹੈ ਅਤੇ ਆਮ ਤੌਰ 'ਤੇ ਇਹ ਹਰੇਕ ਘਰ ਦੀ ਰਸੋਈ 'ਚ ਹੁੰਦਾ ਹੈ। ਜੀ ਹਾਂ, ਲਸਣ, ਜਿਸ ਦੀ ਇਕ ਕਲੀ ਦੇ ਰੋਜ਼ਾਨਾ ਸੇਵਨ ਨਾਲ ਪੇਟ ਦੀਆਂ ਬੀਮਾਰੀਆਂ ਦੂਰ ਹੁੰਦੀਆਂ ਹਨ। ਮੱਧ ਯੁੱਗ 'ਚ ਮਹਾਮਾਰੀ ਬਣ ਚੁੱਕੀ ਪਲੇਗ ਤੋਂ ਬਚਣ ਲਈ ਵੀ ਲਸਣ ਦੀ ਵਰਤੋਂ ਕੀਤੀ ਗਈ ਸੀ। ਲਸਣ 'ਚ ਏਲੀਅਨ ਨਾਮੀ ਐਂਟੀਬਾਇਓਟਿਕ ਪਾਇਆ ਜਾਂਦਾ ਹੈ, ਜੋ ਹੋਰ ਵੀ ਬਹੁਤ ਸਾਰੇ ਰੋਗਾਂ ਤੋਂ ਬਚਾਅ ਕਰਦਾ ਹੈ। ਇਸ ਦੇ ਰੋਜ਼ਾਨਾ ਸੇਵਨ ਨਾਲ ਬਲੱਡ ਪ੍ਰੈਸ਼ਰ ਨਾਰਮਲ ਰਹਿੰਦਾ ਹੈ। ਜ਼ੁਕਾਮ ਅਤੇ ਸਰਦੀ 'ਚ ਇਹ ਰਾਮਬਾਣ ਵਾਂਗ ਕਰਦਾ ਹੈ। ਜਾਣਦੇ ਹਾਂ ਕਿ ਲਸਣ 'ਚ ਹੋਰ ਕਿਹੜੇ ਗੁਣ ਹਨ ਅਤੇ ਇਹ ਕਿਵੇਂ ਕੈਂਸਰ ਤੋਂ ਤੁਹਾਡੀ ਰੱਖਿਆ ਕਰ ਸਕਦਾ ਹੈ।



'ਏਨਲਸ ਆਫ਼ ਇੰਟਰਨਲ ਮੈਡੀਸਨ' ਦੀ ਰਿਪੋਰਟ ਅਨੁਸਾਰ ਹਰ ਹਫ਼ਤੇ ਲਸਣ ਦੀਆਂ ਪੰਜ ਕਲੀਆਂ ਖਾਣ ਨਾਲ ਕੈਂਸਰ ਦਾ ਖਤਰਾ 30 ਤੋਂ 40 ਫ਼ੀਸਦੀ ਘੱਟ ਜਾਂਦਾ ਹੈ।

ਇਸ ਦੇ ਰੋਜ਼ਾਨਾ ਸੇਵਨ ਨਾਲ ਬਲੱਡ ਪ੍ਰੈਸ਼ਰ ਨਾਰਮਲ ਰਹਿੰਦਾ ਹੈ।

ਇਹ ਪੇਟ 'ਚ ਐਸੀਡਿਟੀ ਨਹੀਂ ਹੋਣ ਦਿੰਦਾ।

'ਜਰਨਲ ਆਫ਼ ਨਿਊਟ੍ਰੀਸ਼ਨ' ਅਨੁਸਾਰ ਇਸ ਦੇ ਰੋਜ਼ਾਨਾ ਸੇਵਨ ਨਾਲ 10 ਫ਼ੀਸਦੀ ਕੋਲੈਸਟ੍ਰਾਲ ਘਟਦਾ ਹੈ, ਜਿਸ ਨਾਲ ਦਿਲ ਦੇ ਰੋਗਾਂ ਦਾ ਖਦਸ਼ਾ ਘੱਟ ਜਾਂਦਾ ਹੈ।

ਇਸ ਨੂੰ ਪੀਸ ਕੇ ਚਮੜੀ 'ਤੇ ਲੇਪ ਕਰਨ ਨਾਲ ਜ਼ਹਿਰੀਲੇ ਕੀੜਿਆਂ ਦੇ ਡੰਗਣ ਨਾਲ ਹੋਣ ਵਾਲੀ ਜਲਨ ਘੱਟ ਜਾਂਦੀ ਹੈ।

ਸਰਦੀ-ਜ਼ੁਕਾਮ ਹੋਵੇ ਤਾਂ ਇਸ ਨੂੰ ਦੁੱਧ 'ਚ ਉਬਾਲ ਕੇ ਪਿਲਾਉਣ ਨਾਲ ਬੱਚਿਆਂ ਦੀ ਰੋਗ ਪ੍ਰਤੀਰੋਧਕ ਸਮਰੱਥਾ ਵਧਦੀ ਹੈ।

ਇਸ ਨੂੰ ਭੁੰਨ ਕੇ ਵੀ ਖਾਧਾ ਜਾ ਸਕਦਾ ਹੈ, ਜਿਸ ਨਾਲ ਸਾਹ ਚੜ੍ਹਣ ਦੀ ਸਮੱਸਿਆ ਖਤਮ ਹੋ ਜਾਂਦੀ ਹੈ।

ਗਠੀਏ ਸਮੇਤ ਜੋੜਾਂ ਦੇ ਹੋਰ ਰੋਗਾਂ 'ਚ ਵੀ ਇਹ ਲਾਭਦਾਇਕ ਹੈ। ਇਸ ਨੂੰ ਖਾਣ ਨਾਲ ਜੋੜਾਂ ਦੇ ਦਰਦ ਤੋਂ ਰਾਹਤ ਮਿਲਦੀ ਹੈ

ਇਸ ਦੇ ਸੇਵਨ ਨਾਲ ਖ਼ੂਨ ਦੀਆਂ ਨਾੜੀਆਂ 'ਚ ਖ਼ੂਨ ਜਮ੍ਹਾ ਹੋਣ ਨਾਲ ਥੱਕਾ ਪੈਦਾ ਹੋਣ ਦੀ ਸੰਭਾਵਨਾ ਘੱਟ ਹੁੰਦੀ ਹੈ, ਜਿਸ ਨਾਲ ਹਾਰਟ ਅਟੈਕ ਦਾ ਖਤਰਾ ਘੱਟ ਰਹਿੰਦਾ ਹੈ।

ਲਸਣ 'ਚ ਆਇਰਨ ਲੋੜੀਂਦੀ ਮਾਤਰਾ 'ਚ ਪਾਇਆ ਜਾਂਦਾ ਹੈ, ਜੋ ਖ਼ੂਨ ਦੇ ਨਿਰਮਾਣ 'ਚ ਸਹਾਇਕ ਹੁੰਦਾ ਹੈ।

ਲਸਣ 'ਚ ਵਿਟਾਮਿਨ ਸੀ ਪਾਇਆ ਜਾਂਦਾ ਹੈ, ਜੋ ਸਕਰਵੀ ਰੋਗ ਤੋਂ ਤੁਹਾਡਾ ਬਚਾਅ ਕਰਦਾ ਹੈ।

# ਕੈਂਸਰ ਪੀੜਤਾਂ ਲਈ ਵਰਦਾਨ ਹਨ ਕੀੜੀਆਂ



ਲੰਡਨ- ਕੀੜੀਆਂ ਤੋਂ ਕੈਂਸਰ 'ਤੇ ਕਾਬੂ ਪਾਉਣ ਬਾਰੇ ਰੋਚਕ ਤੱਥ ਸਾਹਮਣੇ ਆਏ ਹਨ। ਅਧਿਐਨ ਮੁਤਾਬਕ ਕੀੜੀਆਂ 'ਚ ਪਾਏ ਜਾਣ ਵਾਲਾ ਰਸਾਇਣ ਕੈਂਸਰ ਦੀ ਦਵਾਈ ਦਾ ਪ੍ਰਭਾਵ 50 ਫ਼ੀਸਦੀ ਤੱਕ ਵਧਾ ਦਿੰਦਾ ਹੈ। ਇਹ ਵਿਸ਼ੇਸ਼ ਰਸਾਇਣ ਕੀੜੀਆਂ ਤੋਂ ਇਲਾਵਾ 'ਬਿੱਛੂ ਘਾਸ' ਨਾਮ ਦੇ ਪੌਦੇ 'ਚ ਵੀ ਪਾਇਆ ਜਾਂਦਾ ਹੈ। ਇਸ ਅਧਿਐਨ ਨੂੰ ਵਿਗਿਆਨ ਖੋਜ ਮੈਗਜ਼ੀਨ 'ਨੇਚਰ ਕਮਿਊਨੀਕੇਸ਼ਨ' ਦੇ ਤਾਜ਼ਾ ਅੰਕ 'ਚ ਪ੍ਰਕਾਸ਼ਿਤ ਕੀਤਾ ਗਿਆ ਹੈ। ਇਸ 'ਚ ਕਿਹਾ ਗਿਆ ਹੈ ਕਿ ਕੀੜੀਆਂ ਜਾਂ ਬਿੱਛੂ ਘਾਸ 'ਚ ਪਾਇਆ ਜਾਣ ਵਾਲਾ ਰਸਾਇਣ 'ਸੋਡੀਅਮ ਫ਼ਾਸਫ਼ੇਟ' ਕੈਂਸਰ ਦੀ ਦਵਾਈ ਦਾ ਅਸਰ ਕਈ ਗੁਣਾ ਤੱਕ ਵਧਾ ਦਿੰਦਾ ਹੈ। ਜੇਕਰ ਇਸ ਰਸਾਇਣ ਨੂੰ ਕੈਂਸਰ ਦੇ ਇੱਕ ਵਿਸ਼ੇਸ਼ ਇਲਾਜ 'ਚ ਸ਼ਾਮਲ ਕੀਤਾ ਜਾਵੇ ਤਾਂ ਦਵਾਈ ਦਾ ਅਸਰ ਬਹੁਤ ਵਧ ਜਾਂਦਾ ਹੈ।

ਕੈਂਸਰਗ੍ਰਸਤ ਕੋਸ਼ਿਕਾਵਾਂ 'ਤੇ ਪ੍ਰਯੋਗਸ਼ਾਲਾ 'ਚ ਹੋਏ ਪ੍ਰੀਖਣ ਮੁਤਾਬਕ ਸੋਡੀਅਮ ਫ਼ਾਸਫ਼ੇਟ ਨਾਲ ਕੈਂਸਰ 'ਤੇ ਕਾਬੂ ਪਾਉਣ ਲਈ ਮਦਦ ਮਿਲਦੀ ਹੈ। ਕੈਂਸਰ ਵਰਗੀ ਭਿਆਨਕ ਬਿਮਾਰੀ 'ਤੇ ਕਾਬੂ ਪਾਉਣ ਲਈ ਇਹ ਖੋਜ ਕਾਰਗਰ ਸਾਬਤ ਹੋ ਸਕਦੀ ਹੈ।

# ਦਫ਼ਤਰੀ ਮਾਹੌਲ ਤੇ ਮਾਨਸਿਕ ਸਿਹਤ



**ਮਾਨਸਿਕ ਰੋਗਾਂ ਤੋਂ ਪੀੜਤ ਵਿਅਕਤੀਆਂ ਲਈ ਸਭ ਤੋਂ ਵੱਡੀ ਸਮੱਸਿਆ ਹੈ ਵਿਤਕਰਾ। ਜਾਣਕਾਰੀ ਦੀ ਘਾਟ ਕਾਰਨ ਮਾਨਸਿਕ ਰੋਗ ਤੋਂ ਪੀੜਤ ਵਿਅਕਤੀ ਨੂੰ ਕਈ ਵਾਰੀ ਉਸ ਦੇ ਸਹਿਯੋਗੀ ਬਣਦਾ ਮਾਣ-ਸਨਮਾਨ ਨਹੀਂ ਦਿੰਦੇ। ਕੰਮ ਦੀ ਵੰਡ ਵਿੱਚ ਵੀ ਉਨ੍ਹਾਂ ਨਾਲ ਵਿਤਕਰਾ ਕੀਤਾ ਜਾਂਦਾ ਹੈ। ਇਹ ਮਾਨਸਿਕ ਰੋਗ ਤੋਂ ਪੀੜਤ ਵਿਅਕਤੀ ਲਈ ਘਾਤਕ ਹੁੰਦਾ ਹੈ। ਜਾਣਕਾਰੀ ਦੀ ਘਾਟ ਕਾਰਨ ਕਈ ਵਾਰ ਕੰਮ 'ਤੇ ਸਹਿਯੋਗੀ ਇਨ੍ਹਾਂ ਮਰੀਜ਼ਾਂ ਨੂੰ ਮਜ਼ਾਕ ਦਾ ਪਾਤਰ ਬਣਾ ਦਿੰਦੇ ਹਨ। ਪਾਗਲ (ਮੈਂਟਲ) ਆਦਿ ਭੱਦੇ ਸ਼ਬਦਾਂ ਦੀ ਵਰਤੋਂ ਕਰਦੇ ਹਨ, ਜਿਹੜਾ ਇਨ੍ਹਾਂ ਮਰੀਜ਼ਾਂ ਦਾ ਹੌਸਲਾ ਹੋਰ ਥੱਲੇ ਸੁੱਟ ਦਿੰਦਾ ਹੈ।**

**ਡਾ. ਸੰਦੀਪ ਕੁਮਾਰ×**

ਅਸੀਂ ਜਾਗਦੇ ਸਮੇਂ ਵਿੱਚੋਂ ਅੱਧੇ ਨਾਲੋਂ ਵੱਧ ਸਮਾਂ ਕੰਮ 'ਤੇ ਬਿਤਾਉਂਦੇ ਹਾਂ। ਉਥੇ ਨਾ ਕੇਵਲ ਅਸੀਂ ਕੰਮ ਕਰਦੇ ਹਾਂ, ਸਗੋਂ ਸਾਡਾ ਆਪਣੇ ਸਹਿਯੋਗੀ ਕਰਮਚਾਰੀਆਂ ਅਤੇ ਗਾਹਕਾਂ ਨਾਲ ਵੀ ਵਾਹ ਪੈਂਦਾ ਰਹਿੰਦਾ ਹੈ। ਇਸ ਕਾਰਨ ਕੰਮ ਵਾਲੀ ਜਗ੍ਹਾ ਦਾ ਮਾਹੌਲ ਮਾਨਸਿਕ ਸਿਹਤ ਨੂੰ ਬਹੁਤ ਨੇੜੇ ਤੋਂ ਪ੍ਰਭਾਵਿਤ ਕਰਦਾ ਹੈ। ਅਣਸੁਖਾਵਾਂ ਮਾਹੌਲ ਨਾ ਸਿਰਫ ਤਣਾਅ ਬਣਾਉਂਦਾ ਹੈ, ਸਗੋਂ ਕਈ ਵਾਰੀ ਮਾਨਸਿਕ ਬਿਮਾਰੀਆਂ ਨੂੰ ਵੀ ਜਨਮ ਦੇ ਸਕਦਾ ਹੈ। ਇਸ ਸਬੰਧ ਨੂੰ ਉਚੇਚ ਦੇਣ ਲਈ ਵਿਸ਼ਵ ਸਿਹਤ ਸੰਸਥਾ ਨੇ ਇਹ ਵਰ੍ਹਾ ਦਫਤਰੀ ਮਾਹੌਲ ਅਤੇ ਮਾਨਸਿਕ ਸਿਹਤ ਨੂੰ ਸਮਰਪਿਤ ਕੀਤਾ ਹੈ। 10 ਅਕਤੂਬਰ ਨੂੰ ਮਾਨਸਿਕ ਸਿਹਤ ਦਿਵਸ ਦੇ ਮੌਕੇ 'ਤੇ ਇਸ ਪ੍ਰਤੀ ਚੇਤਨਾ ਲਿਆਉਣ ਲਈ ਪੂਰੀ ਦੁਨੀਆਂ ਵਿੱਚ ਇਕ ਮੁਹਿੰਮ ਸ਼ੁਰੂ ਕੀਤੀ ਗਈ ਹੈ।

ਦਫਤਰ ਦਾ ਸੁਖਾਵਾਂ ਮਾਹੌਲ ਜਿੱਥੇ ਮਨ ਨੂੰ ਸ਼ਾਂਤ ਰੱਖਣ ਵਿੱਚ ਮਦਦਗਾਰ ਹੁੰਦਾ ਹੈ, ਉਥੇ ਅਣਸੁਖਾਵਾਂ ਮਾਹੌਲ ਬੇਲੋੜਾ ਤਣਾਅ ਪੈਦਾ ਕਰਦਾ ਹੈ। ਅਣਸੁਖਾਵਾਂ ਮਾਹੌਲ ਪੈਦਾ ਕਰਨ ਲਈ ਮੁਲਾਜ਼ਮ ਤੋਂ ਯੋਗਤਾ ਤੋਂ ਵੱਧ ਜਾਂ ਘੱਟ ਕੰਮ ਲੈਣਾ, ਬੇਲੋੜੀ ਘੂਰ-ਘੱਪ, ਯੋਜਨਾ ਰਹਿਤ ਕੰਮ, ਕਰਮਚਾਰੀਆਂ 'ਤੇ ਕੰਮ ਦਾ ਦਬਾਅ ਨੌਕਰੀ ਦੀ ਅਸੁਰੱਖਿਆ ਅਤੇ ਮਾਨਸਿਕ ਜਾਂ ਸਰੀਰਕ ਸੋਸ਼ਣ ਕਾਰਨ ਜ਼ਿੰਮੇਵਾਰ ਹੁੰਦੇ ਹਨ। ਦੂਜੇ ਪਾਸੇ ਸੁਖਾਵਾਂ ਮਾਹੌਲ ਦੇਣ ਵਿੱਚ ਯੋਜਨਾਬੱਧ ਤਰੀਕੇ ਨਾਲ ਕੰਮ ਲੈਣਾ, ਯੋਗਤਾ ਤੇ ਸਮਰੱਥਾ ਅਨੁਸਾਰ ਕੰਮ ਦੇਣਾ, ਲੋੜ ਅਨੁਸਾਰ ਛੁੱਟੀ, ਸਮਰੱਥਾ ਅਨੁਸਾਰ ਕੰਮ ਦੇ ਸਮੇਂ, ਇਕ-ਦੂਜੇ ਦੀ ਸਹਾਇਤਾ ਅਤੇ ਮਨੋਰੰਜਕ ਸਰਗਰਮੀਆਂ ਆਦਿ ਕਾਰਨ ਸਹਾਈ ਹੁੰਦੇ ਹਨ। ਜਿਵੇਂ-ਜਿਵੇਂ ਕਿਸੇ ਕਰਮਚਾਰੀ ਦੀ ਮਾਨਸਿਕ ਸਿਹਤ ਖਰਾਬ ਹੁੰਦੀ ਹੈ, ਉਸ ਵਿੱਚ ਕੁਝ ਚਿਤਾਵਨੀ ਚਿੰਨ੍ਹ ਸਾਹਮਣੇ ਆਉਣ ਲੱਗਦੇ ਹਨ, ਜਿਵੇਂ ਆਤਮ-ਵਿਸ਼ਵਾਸ ਖੋਹ ਦੇਣਾ, ਸਮੇਂ ਸਿਰ ਕੰਮ ਪੂਰਾ ਨਾ ਕਰ ਸਕਣਾ, ਘਬਰਾਹਟ, ਗੱਲਾਂ ਜਲਦੀ ਭੁੱਲ ਜਾਣਾ, ਸਹਿਯੋਗੀ ਕਰਮਚਾਰੀਆਂ ਤੋਂ ਦੂਰੀ, ਗਲਤੀਆਂ ਵਿੱਚ ਵਾਧਾ ਅਤੇ ਸ਼ਰਾਬ, ਸਿਗਰਟ ਆਦਿ ਨਸ਼ਿਆਂ ਦਾ ਸੇਵਨ। ਜਿਵੇਂ-ਜਿਵੇਂ ਸਮੱਸਿਆ ਵਧਦੀ ਹੈ, ਸਰੀਰਕ ਲੱਛਣ ਵੀ ਸਾਹਮਣੇ ਆਉਣ ਲੱਗਦੇ ਹਨ ਜਿਵੇਂ ਹਰ ਵਕਤ ਥਕਾਵਟ ਰਹਿਣਾ, ਸਿਰਦਰਦ, ਭੁੱਖ ਨਾ ਲੱਗਣਾ, ਨੀਂਦ ਦੀ ਕਮੀ ਅਤੇ ਬਿਨਾਂ ਗੱਲੋਂ ਭਾਰ ਵਧ ਜਾਂ ਘਟ ਜਾਣਾ ਆਦਿ। ਕੰਮ ਵਾਲੀ ਜਗ੍ਹਾ 'ਤੇ ਵਧ ਰਿਹਾ ਤਣਾਅ ਕਈ ਕਿਸਮ ਦੇ ਮਾਨਸਿਕ ਰੋਗਾਂ ਨੂੰ ਜਨਮ ਦੇ ਸਕਦਾ ਹੈ, ਜਿਵੇਂ ਉਦਾਸੀ ਅਤੇ ਘਬਰਾਹਟ ਦੇ ਰੋਗ।

ਮਾਨਸਿਕ ਸਿਹਤ ਵਿਗੜਨ ਨਾਲ ਕੰਮ ਕਰਨ ਦੀ ਸਮਰੱਥਾ ਘਟ ਜਾਂਦੀ ਹੈ। ਕਈ ਵਾਰ ਤਾਂ ਮਨੁੱਖ ਉਹ ਕੰਮ ਤੋਂ ਗੈਰ-ਹਾਜ਼ਰ ਵੀ ਰਹਿਣ ਲੱਗ ਜਾਂਦਾ ਹੈ। ਮੁਲਾਜ਼ਮ ਦੀ ਇਹ ਸਮਰੱਥਾ ਘਟਣ ਦਾ ਸਿੱਧਾ ਪ੍ਰਭਾਵ ਕੰਪਨੀ ਦੀ ਵਿੱਤੀ ਸਥਿਤੀ ਉਪਰ ਪੈਂਦਾ ਹੈ। ਉਸ ਦਾ ਉਤਪਾਦਨ ਘਟ ਜਾਂਦਾ ਹੈ ਜਾਂ ਉਸ ਨੂੰ ਇਕੋ ਕੰਮ ਲਈ ਹੋਰ ਮੁਲਾਜ਼ਮ ਰੱਖਣੇ ਪੈਂਦੇ ਹਨ।

ਅੱਜ ਦੇ ਦਿਨ ਉਦਾਸੀ ਅਤੇ ਘਬਰਾਹਟ ਰੋਗ ਮਿਲ ਕੇ ਦੁਨੀਆਂ ਵਿੱਚ ਸਭ ਤੋਂ ਵੱਧ ਵਿੱਤੀ ਨੁਕਸਾਨ ਦਾ ਕਾਰਨ ਬਣ ਰਹੇ ਹਨ। ਵਿਸ਼ਵ ਸਿਹਤ ਸੰਸਥਾ ਦੇ ਇਕ ਅਨੁਮਾਨ ਅਨੁਸਾਰ ਪੂਰੀ ਦੁਨੀਆਂ ਨੂੰ ਲਗਪਗ 650 ਖਰਬ ਰੁਪਏ ਉਦਾਸੀ ਅਤੇ ਘਬਰਾਹਟ ਰੋਗਾਂ ਦਾ ਮੁੱਲ ਤਾਰਨਾ ਪੈਂਦਾ ਹੈ। ਇਹ ਰਕਮ ਭਾਰਤ ਦੇ ਬਜਟ ਤੋਂ ਲਗਪਗ ਤਿੰਨ ਗੁਣਾਂ ਹੈ।

ਮਾਨਸਿਕ ਬਿਮਾਰੀ ਤੋਂ ਪੀੜਤ ਲੋਕਾਂ ਨੂੰ ਸਭ ਤੋਂ ਵੱਡੀ ਜ਼ਰੂਰਤ ਪਿਆਰ ਭਰਪੂਰ ਅਤੇ ਦੋਸਤਾਨਾ ਰਵੱਈਏ ਦੀ ਹੁੰਦੀ ਹੈ। ਤਰਸਪੂਰਨ ਜਾਂ ਨਫ਼ਰਤ ਦੀ ਨਜ਼ਰ ਨਾਲ ਦੇਖਣਾ, ਦੋਵੇਂ ਹੀ ਬਹੁਤ ਦੁਖਦਾਇਕ ਹੁੰਦੇ ਹਨ। ਇਹ ਇਨਸਾਨ ਵੀ ਉਸੇ ਤਰ੍ਹਾਂ ਕੰਮ ਕਰਨ ਦੇ ਕਾਬਲ ਹੁੰਦੇ ਹਨ ਜਿਵੇਂ ਕੋਈ ਸਰੀਰਕ ਬਿਮਾਰੀ ਵਾਲਾ ਇਨਸਾਨ ਹੋਵੇ। ਪ੍ਰੰਤੂ ਜ਼ਰੂਰਤ ਅਨੁਸਾਰ ਇਨ੍ਹਾਂ ਲਈ ਕੰਮ ਦੇ ਸਮੇਂ ਵਿੱਚ ਛੋਟ ਦਿੱਤੀ ਜਾ ਸਕਦੀ ਹੈ। ਇਸੇ ਤਰ੍ਹਾਂ ਜੇ ਸੰਸਥਾ ਦੇ ਨਿਯਮ ਆਗਿਆ ਦਿੰਦੇ ਹੋਣ ਤਾਂ ਘਰੋਂ ਕੰਮ ਕਰਨ ਲਈ ਪ੍ਰੇਰਿਤ ਕੀਤਾ ਜਾ ਸਕਦਾ ਹੈ। ਕੀਤੇ ਕੰਮ ਲਈ ਸਾਬਾਸ਼ ਦੇਣਾ ਅਤੇ ਇਨ੍ਹਾਂ ਦੇ ਹੋਰ ਗੁਣਾਂ ਨੂੰ ਤਵੱਜੋਂ ਦੇਣਾ ਵੀ ਲਾਭਕਾਰੀ ਹੁੰਦਾ ਹੈ। ਇਨ੍ਹਾਂ ਕਰਮਚਾਰੀਆਂ ਦੀ ਹੋਰ ਕਰਮਚਾਰੀਆਂ ਨਾਲ ਤੁਲਨਾ ਕਰਨਾ ਮਾਨਸਿਕ ਬਿਮਾਰੀ ਨੂੰ ਹੋਰ ਵਧਾ ਦਿੰਦਾ ਹੈ।

ਜੇ ਬਹੁਤ ਨੇੜੇ ਦੇ ਦੋਸਤ ਜਾਂ ਸਾਥੀ ਮਾਨਸਿਕ ਤੌਰ 'ਤੇ ਬਿਮਾਰ ਹੋਣ ਤਾਂ ਤੁਸੀਂ ਸਿੱਧੇ ਉਸ ਨਾਲ ਗੱਲ ਕਰ ਸਕਦੇ ਹੋ, ਪਰ ਧਿਆਨ ਰਹੇ ਕਿ ਇਹ ਗੱਲ ਬਹੁਤ ਸੰਵੇਦਨਸ਼ੀਲ ਢੰਗ ਨਾਲ ਹੋਵੇ। ਜੇ ਤੁਹਾਨੂੰ ਚਿੰਤਾ ਹੋਵੇ ਤਾਂ ਤੁਸੀਂ ਆਪਣੇ ਅਫਸਰ ਦੇ ਧਿਆਨ ਵਿੱਚ ਲਿਆ ਸਕਦੇ ਹੋ। ਪੀੜਤ ਇਨਸਾਨ ਨੂੰ ਯੋਗ ਡਾਕਟਰ ਜਾ ਕਾਊਂਸਲਰ ਨੂੰ ਮਿਲਣ ਦੀ ਸਲਾਹ ਦੇ ਸਕਦੇ ਹੋ।

ਮਾਨਸਿਕ ਰੋਗਾਂ ਤੋਂ ਪੀੜਤ ਵਿਅਕਤੀਆਂ ਲਈ ਸਭ ਤੋਂ ਵੱਡੀ ਸਮੱਸਿਆ ਹੈ ਵਿਤਕਰਾ। ਜਾਣਕਾਰੀ ਦੀ ਘਾਟ ਕਾਰਨ ਮਾਨਸਿਕ ਰੋਗ ਤੋਂ ਪੀੜਤ ਵਿਅਕਤੀ ਨੂੰ ਕਈ ਵਾਰੀ ਉਸ ਦੇ ਸਹਿਯੋਗੀ ਬਣਦਾ ਮਾਣ-ਸਨਮਾਨ ਨਹੀਂ ਦਿੰਦੇ। ਕੰਮ ਦੀ ਵੰਡ ਵਿੱਚ ਵੀ ਉਨ੍ਹਾਂ ਨਾਲ ਵਿਤਕਰਾ ਕੀਤਾ ਜਾਂਦਾ ਹੈ। ਇਹ ਮਾਨਸਿਕ ਰੋਗ ਤੋਂ ਪੀੜਤ ਵਿਅਕਤੀ ਲਈ ਘਾਤਕ ਹੁੰਦਾ ਹੈ। ਜਾਣਕਾਰੀ ਦੀ ਘਾਟ ਕਾਰਨ ਕਈ ਵਾਰ ਕੰਮ 'ਤੇ ਸਹਿਯੋਗੀ ਇਨ੍ਹਾਂ ਮਰੀਜ਼ਾਂ ਨੂੰ ਮਜ਼ਾਕ ਦਾ ਪਾਤਰ ਬਣਾ ਦਿੰਦੇ ਹਨ। ਪਾਗਲ (ਮੈਂਟਲ) ਆਦਿ ਭੱਦੇ ਸ਼ਬਦਾਂ ਦੀ ਵਰਤੋਂ ਕਰਦੇ ਹਨ, ਜਿਹੜਾ ਇਨ੍ਹਾਂ ਮਰੀਜ਼ਾਂ ਦਾ ਹੌਸਲਾ ਹੋਰ ਥੱਲੇ ਸੁੱਟ ਦਿੰਦਾ ਹੈ।

ਕਰਮਚਾਰੀਆਂ ਵੱਲੋਂ ਕੀਤੇ ਕੰਮ ਦੀ ਪ੍ਰਸੰਸਾ ਕਰਨੀ ਅਤੇ ਉਨ੍ਹਾਂ ਨੂੰ, ਉਨ੍ਹਾਂ ਦੀ ਪ੍ਰਤਿਭਾ ਲਈ ਸਨਮਾਨਿਤ ਕਰਨਾ ਮਾਨਸਿਕ ਤਣਾਅ ਘਟਾਉਣ ਵਿੱਚ ਮਦਦ ਕਰਦਾ ਹੈ। ਉਹ ਸੰਸਥਾਵਾਂ, ਜੋ ਆਪਣੇ ਕਰਮਚਾਰੀਆਂ ਉਪਰ ਆਪਣੀਆਂ ਯੋਜਨਾਵਾਂ ਥੋਪਦੀਆਂ ਨਹੀਂ, ਸਗੋਂ ਉਨ੍ਹਾਂ ਨੂੰ ਟੀਮ ਦਾ ਹਿੱਸਾ ਬਣਾ ਕੇ ਕੰਮ ਕਰਦੀਆਂ ਹਨ, ਖੁਸ਼ਗਵਾਰ ਹੁੰਦੀਆਂ ਹਨ।

ਕੰਮ ਵਿੱਚ ਗਲਤੀ ਹਰ ਕਿਸੇ ਤੋਂ ਹੁੰਦੀ ਹੈ। ਜ਼ਰੂਰਤ ਹੁੰਦੀ ਹੈ ਕਿ ਧੱਕੇਸ਼ਾਹੀ ਨਾ ਕੀਤੀ ਜਾਵੇ। ਜਿੱਥੋਂ ਤੱਕ ਹੋ ਸਕੇ ਕਰਮਚਾਰੀ ਦੀ ਬੇਇੱਜ਼ਤੀ ਨਾ ਕੀਤੀ ਜਾਵੇ। ਨੁਕਸ ਕੀਤੇ ਕੰਮ ਵਿੱਚ ਕੱਢਣੇ ਚਾਹੀਦੇ ਹਨ ਨਾ ਕਿ ਕੰਮ ਕਰਨ ਵਾਲੇ ਇਨਸਾਨ ਵਿੱਚ। ਤਣਾਅ ਨੂੰ ਜਲਦੀ ਪਹਿਚਾਨਣ ਵਾਲੀਆਂ ਸੰਸਥਾਵਾਂ ਉਸ ਪ੍ਰਤੀ ਕਾਰਗਰ ਕਦਮ ਵੀ ਚੁੱਕਦੀਆਂ ਹਨ। ਇਹ ਸਭ ਕਦਮ ਮਾਨਸਿਕ ਤਣਾਅ ਅਤੇ ਮਾਨਸਿਕ ਰੋਗ ਤੋਂ ਬਚਣ ਵਿੱਚ ਸਹਾਈ ਹੋ ਸਕਦੇ ਹਨ।

ਜਿਸ ਤਰ੍ਹਾਂ ਇਨਸਾਨ ਕਿਸੇ ਵੀ ਸਰੀਰਕ ਬਿਮਾਰੀ ਦੇ ਠੀਕ ਹੋਣ ਤੋਂ ਬਾਅਦ ਕੰਮ ਕਰਨ ਦੇ ਸਮਰੱਥ ਹੋ ਜਾਂਦਾ ਹੈ, ਉਸੇ ਤਰ੍ਹਾਂ ਮਾਨਸਿਕ ਤੌਰ 'ਤੇ ਪੀੜਤ ਵਿਅਕਤੀ ਵੀ ਕੰਮ ਕਰਨ ਦੀ ਪੂਰੀ ਸਮਰੱਥਾ ਵਾਪਸ ਪ੍ਰਾਪਤ ਕਰ ਲੈਂਦੇ ਹਨ। ਜੇ ਜ਼ਰੂਰਤ ਹੋਵੇ ਤਾਂ ਇਨ੍ਹਾਂ ਕਰਮਚਾਰੀਆਂ ਨੂੰ ਹੌਲੀ-ਹੌਲੀ ਪੂਰੀ ਤਰ੍ਹਾਂ ਕੰਮ ਦਿੱਤਾ ਜਾ ਸਕਦਾ ਹੈ, ਅਰਥਾਤ ਪਹਿਲਾਂ ਥੋੜ੍ਹੇ ਸਮੇਂ ਲਈ ਕੰਮ ਲੈਣਾ ਅਤੇ ਸਮਾਂ ਪੈਣ 'ਤੇ ਕੰਮ ਦੇ ਘੰਟਿਆਂ ਦੀ ਗਿਣਤੀ ਵਧਾ ਦੇਣਾ।

×ਲੇਖਕ ਮਾਨਸਿਕ ਰੋਗਾਂ ਦੇ ਮਾਹਿਰ ਹੈ।
ਸੰਪਰਕ: 98144-44267

# ਪੇਟ ਦੀਆਂ ਬੀਮਾਰੀਆਂ ਤੋਂ ਪਰਵਲ ਇੰਝ ਦਿੰਦੈ ਛੁਟਕਾਰਾ



ਪਰਵਲ ਇਕ ਇਹੋ ਜਿਹੀ ਸਬਜ਼ੀ ਹੈ, ਜੋ ਦੇਖਣ ਨੂੰ ਕੁੰਦਰੂ ਵਰਗੀ ਹੈ ਪਰ ਉਸ ਤੋਂ ਥੋੜ੍ਹੀ ਵੱਡੀ ਹੁੰਦੀ ਹੈ। ਮੰਡੀ ਤੋਂ ਜਾਂ ਬਾਜ਼ਾਰੋਂ ਲੱਗਭਗ ਹਰ ਮੌਸਮ 'ਚ ਇਹ ਮਿਲ ਜਾਂਦੀ ਹੈ। ਆਦਵਾਸੀਆਂ ਲਈ ਕੁੰਦਰੂ ਵਾਂਗ ਹੀ ਪਰਵਲ ਵੀ ਕਿਸੇ ਦਵਾਈ ਤੋਂ ਘੱਟ ਨਹੀਂ। ਸ਼ਹਿਰੀ ਲੋਕ ਸ਼ਾਇਦ ਇਸ ਦੇ ਔਸ਼ਧੀ ਗੁਣਾਂ ਨੂੰ ਨਹੀਂ ਜਾਣਦੇ। ਇਸ ਦਾ ਬਨਸਪਤੀ ਨਾਂ 'ਟ੍ਰਾਇਕੋਸੇਂਥਸ ਡਾਇਓਕਾ' ਹੈ ਅਤੇ ਅੰਗਰੇਜ਼ੀ 'ਚ ਇਸ ਨੂੰ 'ਬਰਜਅਵਕਦ ਪਰਚਗਦ' ਕਹਿੰਦੇ ਹਨ। ਹੋਰ ਫ਼ਲਾਂ ਜਾਂ ਸਬਜ਼ੀਆਂ ਦੀ ਤੁਲਨਾ 'ਚ ਇਸ ਦਾ ਸੇਵਨ ਸਾਰਾ ਸਾਲ ਕੀਤਾ ਜਾ ਸਕਦਾ ਹੈ। ਜਾਣਦੇ ਹਾਂ ਇਸ ਦੇ ਔਸ਼ਧੀ ਗੁਣਾਂ ਬਾਰੇ।

**ਪੇਟ ਦੀਆਂ ਬੀਮਾਰੀਆਂ ਦਾ ਸਟੀਕ ਉਪਾਅ**

ਜੇਕਰ ਤੁਸੀਂ ਪੇਟ ਦੀ ਸੋਜ ਤੋਂ ਪੀੜਤ ਹੋ ਤਾਂ ਪਰਵਲ ਦੀ ਸਬਜ਼ੀ ਤੁਹਾਡੀ ਇਹ ਸਮੱਸਿਆ ਦੂਰ ਕਰ ਸਕਦੀ ਹੈ। ਜਿਨ੍ਹਾਂ ਲੋਕਾਂ ਨੂੰ ਪੇਟ 'ਚ ਪਾਣੀ ਭਰ ਜਾਣ ਦੀ ਸ਼ਿਕਾਇਤ ਹੁੰਦੀ ਹੈ, ਉਨ੍ਹਾਂ ਲਈ ਇਹ ਕਿਸੇ ਵਰਦਾਨ ਤੋਂ ਘੱਟ ਨਹੀਂ। ਆਦੀਵਾਸੀ ਹਰਬਲ ਜਾਣਕਾਰਾਂ ਅਨੁਸਾਰ ਇਸ ਦੀ ਸਬਜ਼ੀ ਖਾਂਦੇ ਰਹਿਣ ਨਾਲ ਪੇਟ ਦੀਆਂ ਬਹੁਤ ਸਾਰੀਆਂ ਬੀਮਾਰੀਆਂ ਤੋਂ ਰਾਹਤ ਮਿਲਦੀ ਹੈ।

**ਪੇਟ ਦੇ ਕੀੜਿਆਂ ਤੋਂ ਛੁਟਕਾਰਾ**

ਜੇਕਰ ਪਰਵਲ ਅਤੇ ਹਰੇ ਧਨੀਏ ਦਾ ਇਕੱਠਿਆਂ ਸੇਵਨ ਕੀਤਾ ਜਾਵੇ ਤਾਂ ਇਸ ਨਾਲ ਪੇਟ ਦੇ ਕੀੜੇ ਖਤਮ ਹੋ ਜਾਂਦੇ ਹਨ। ਇਸ ਦੇ ਲਈ ਪਰਵਲ ਅਤੇ ਹਰੇ ਧਨੀਏ ਦੀਆਂ ਪੱਤੀਆਂ ਦੀ ਬਰਾਬਰ ਮਾਤਰਾ ਲੈ ਕੇ (20 ਗ੍ਰਾਮ ਹਰੇਕ), ਪੀਸ ਕੇ ਜਾਂ ਕੁੱਟ ਕੇ ਸਾਰੀ ਰਾਤ ਪਾਣੀ 'ਚ ਭਿਓਂ ਦਿਓ ਅਤੇ ਸਵੇਰੇ ਇਸ ਨੂੰ ਪੁਣ ਕੇ ਤਿੰਨ ਹਿੱਸਿਆਂ 'ਚ ਕਰ ਲਓ। ਦਿਨ 'ਚ ਤਿੰਨ ਵਾਰ ਇਸ ਨੂੰ ਥੋੜ੍ਹਾ ਜਿਹਾ ਸ਼ਹਿਦ ਮਿਲਾ ਕੇ ਪੀ ਲਓ ਤਾਂ ਪੇਟ ਦੇ ਕੀੜੇ ਮਰ ਜਾਣਗੇ।

**ਮੋਟਾਪੇ ਤੋਂ ਰਾਹਤ**

ਆਦੀਵਾਸੀ ਮੰਨਦੇ ਹਨ ਕਿ ਪਰਵਲ ਦੇ ਪੱਤਿਆਂ ਦਾ ਜੂਸ ਤਿਆਰ ਕਰਕੇ ਇਸ 'ਚ ਥੋੜ੍ਹੀ ਜਿਹੀ ਸੌਂਫ਼ ਤੇ ਹਿੰਗ ਦਾ ਚੂਰਨ ਮਿਲਾ ਕੇ ਸੇਵਨ ਕਰੋ ਤਾਂ ਮੋਟਾਪਾ ਦੂਰ ਹੁੰਦਾ ਹੈ। ਇਸ ਦਾ ਤਾਜ਼ਾ ਜੂਸ ਤਾਕਤ ਤੇ ਊਰਜਾ ਦਿੰਦਾ ਹੈ।

**ਸਿਰਦਰਦ ਤੋਂ ਮੁਕਤੀ**

ਜਦੋਂ ਸਿਰ ਦਰਦ ਨਾਲ ਫ਼ਟਦਾ ਜਾਵੇ ਤਾਂ ਪਰਵਲ ਨੂੰ ਲੇਪ ਦੇ ਰੂਪ 'ਚ ਤਿਆਰ ਕਰ ਲਓ। ਇਸ ਦੇ ਲਈ ਇਸ ਨੂੰ ਬਲੈਂਡ ਕਰਕੇ ਇਸ ਦਾ ਰਸ ਕੱਢੋ ਅਤੇ ਚੰਗੀ ਤਰ੍ਹਾਂ ਮੱਥੇ 'ਤੇ ਲਗਾਓ ਲਓ। ਜੇਕਰ ਸਿਰਦਰਦ ਬਹੁਤ ਜ਼ਿਆਦਾ ਹੋ ਰਿਹਾ ਹੋਵੇ ਤਾਂ ਪਰਵਲ ਦੀਆਂ ਪੱਤੀਆਂ ਤੋੜ ਕੇ ਉਨ੍ਹਾਂ ਦਾ ਰਸ ਵੀ ਵਰਤਿਆ ਜਾ ਸਕਦਾ ਹੈ। ਇਸ ਦੀਆਂ ਜੜ੍ਹਾਂ ਦਾ ਰਸ ਵੀ ਸਿਰਦਰਦ ਤੋਂ ਰਾਹਤ ਦਿਵਾਉਂਦਾ ਹੈ।

**ਜ਼ਖਮ ਸੁਕਾਉਣ 'ਚ ਪੱਤੇ ਵੀ ਹਨ ਸਹਾਇਕ**

ਜੇਕਰ ਸਰੀਰ 'ਤੇ ਕਿਸੇ ਥਾਂ ਫ਼ੋੜੇ-ਫ਼ਿਨਸੀਆਂ ਜਾਂ ਜ਼ਖਮ ਹੋ ਗਏ ਹੋਣ ਤਾਂ ਪਰਵਲ ਦੇ ਪੱਤਿਆਂ ਨੂੰ ਪੀਸ ਕੇ ਇਸ ਦਾ ਲੇਪ ਉਸ ਥਾਂ 'ਤੇ ਲਗਾਉਣ ਨਾਲ ਜ਼ਖਮ ਛੇਤੀ ਸੁੱਕ ਜਾਂਦਾ ਹੈ। ਜੇਕਰ ਫ਼ੋੜੇ-ਫ਼ਿਨਸੀਆਂ ਬਹੁਤ ਜ਼ਿਆਦਾ ਹੋ ਜਾਣ ਤਾਂ ਘੱਟ ਮਸਾਲਿਆਂ ਨਾਲ ਬਣਾਈ ਗਈ ਪਰਵਲ ਦੀ ਸਬਜ਼ੀ ਨੂੰ 15 ਦਿਨਾਂ ਤੱਕ ਲਗਾਤਾਰ ਖਾਣ ਨਾਲ ਕਾਫ਼ੀ ਅਰਾਮ ਮਿਲਦਾ ਹੈ ਕਿਉਂਕਿ ਆਦੀਵਾਸੀਆਂ ਦਾ ਮੰਨਣੈ ਕਿ ਇਸ ਨਾਲ ਖ਼ੂਨ ਸਾਫ਼ ਹੁੰਦਾ ਹੈ, ਜਿਸ ਕਾਰਨ ਜ਼ਖਮ ਛੇਤੀ ਭਰ ਜਾਂਦੇ ਹਨ।

**ਚਮੜੀ ਦੇ ਰੋਗ ਤੋਂ ਮੁਕਤੀ ਲਈ ਖਾਓ ਪੱਕਿਆ ਹੋਇਆ ਪਰਵਲ**

ਆਦਵਾਸੀਆਂ ਦਾ ਇਹ ਵੀ ਮੰਨਣੈ ਕਿ ਪੱਕਿਆ ਹੋਇਆ ਪਰਵਲ ਖਾਣ ਨਾਲ ਚਮੜੀ ਸੰਬੰਧੀ ਰੋਗ ਦੂਰ ਹੁੰਦੇ ਹਨ। ਮੱਧ ਭਾਰਤ 'ਚ ਆਦੀਵਾਸੀ ਪਰਵਲ ਦਾ ਅਚਾਰ ਬਣਾਉਂਦੇ ਸਨ। ਇਹ ਸਵਾਦ ਤਾਂ ਹੁੰਦਾ ਹੀ ਹੈ, ਨਾਲ ਹੀ ਸਿਹਤ ਲਈ ਵੀ ਕਾਫ਼ੀ ਫ਼ਾਇਦੇਮੰਦ ਹੁੰਦਾ ਹੈ।

**ਪਰਵਲ ਦੀਆਂ ਜੜ੍ਹਾਂ ਨਾਲ ਸਾਫ਼ ਹੋਵੇ ਪੇਟ**

ਬਦਹਜ਼ਮੀ, ਕਬਜ਼ ਜਾਂ ਹੋਰ ਕਿਸੇ ਕਾਰਨ ਕਰਕੇ ਪੇਟ ਦੀ ਸਫ਼ਾਈ ਜ਼ਰੂਰੀ ਹੋਵੇ ਤਾਂ ਪਰਵਲ ਦੀਆਂ ਜੜ੍ਹਾਂ ਨੂੰ ਪਾਣੀ 'ਚ ਉਬਾਲ ਕੇ ਇਕ ਇਕ ਗਲਾਸ ਪਾਣੀ ਨਾਲ ਪੇਟ ਦੀ ਸਫ਼ਾਈ ਹੋ ਜਾਂਦੀ ਹੈ। ਆਦੀਵਾਸੀਆਂ ਅਨੁਸਾਰ ਇਸ ਫ਼ਾਰਮੂਲੇ ਦਾ ਸੇਵਨ ਰਾਤ ਨੂੰ ਸੌਣ ਤੋਂ ਪਹਿਲਾਂ ਕਰਨਾ ਚਾਹੀਦੈ।

####

# ਕਲੌਂਜੀ ਦੇ ਤੇਲ ਦੀ ਵਰਤੋਂ ਨਾਲ ਸ਼ਰੀਰ ਨੂੰ ਹੁੰਦੇ ਹਨ ਕਈ ਫ਼ਾਇਦੇ

ਜਦੋਂ ਸਾਡੀ ਸਿਹਤ ਖਰਾਬ ਹੁੰਦੀ ਹੈ ਤਾਂ ਅਸੀਂ ਠੀਕ ਹੋਣ ਲਈ ਡਾਕਟਰ ਅਤੇ ਦਵਾਈਆਂ ਦਾ ਸਹਾਰਾ ਲੈਂਦੇ ਹਾਂ। ਇਨ੍ਹਾਂ ਦਵਾਈਆਂ ਨਾਲ ਹੋਰ ਕਈ ਤਰ੍ਹਾਂ ਦੇ ਨੁਕਸਾਨ ਵੀ ਹੋ ਸਕਦੇ ਹਨ। ਇਕ ਇਸ ਤਰ੍ਹਾਂ ਦਾ ਤੇਲ ਹੈ ਜਿਸ ਦੀ ਵਰਤੋਂ ਨਾਲ ਕਈ ਤਰ੍ਹਾਂ ਦੀਆਂ ਬੀਮਾਰੀਆਂ ਦਾ ਇਲਾਜ ਹੋ ਸਕਦਾ ਹੈ।ਕਲੌਂਜੀ ਦੀ ਵਰਤੋਂ ਸਦੀਆਂ ਤੋਂ ਮਸਾਲੇ ਅਤੇ ਦਵਾਈਆਂ ਦੇ ਰੂਪ ਵਿੱਚ ਕੀਤੀ ਜਾਂਦੀ ਰਹੀ ਹੈ।ਇਸੇ ਤਰ੍ਹਾਂ ਹੀ ਕਲੌਂਜੀ ਦਾ ਤੇਲ ਵੀ ਬਹੁਤ ਸਾਰੀਆਂ ਬੀਮਾਰੀਆਂ ਤੋਂ ਬਚਾ ਸਕਦਾ ਹੈ।ਆਓ ਜਾਣਦੇ ਹਾਂ ਇਸ ਦੇ ਫ਼ਾਇਦਿਆਂ ਬਾਰੇ...



1. ਕੈਂਸਰ

ਅੱਧਾ ਚਮਚ ਕਲੌਂਜੀ ਦੇ ਤੇਲ ਨੂੰ ਇਤ ਗਲਾਸ ਅੰਗੂਰ ਦੇ ਜੂਸ 'ਚ ਮਿਲਾ ਕੇ ਦਿਨ 'ਚ ਤਿੰਨ ਵਾਰ ਪੀਣ ਨਾਲ ਕੈਂਸਰ ਦੀ ਬੀਮਾਰੀ ਤੋਂ ਰਾਹਤ ਮਿਲਦੀ ਹੈ।

2. ਐਚ. ਆਈ. ਵੀ.

ਐਚ. ਆਈ. ਵੀ ਪੀੜਤ ਵਿਅਕਤੀ ਨੂੰ ਰੋਜ਼ ਕਲੌਂਜੀ, ਲਸਣ ਅਤੇ ਸ਼ਹਿਦ ਮਿਲਾਕੇ ਖਾਣ ਨਾਲ ਸਰੀਰ ਦੀ ਰੱਖਿਆ ਕਰਨ ਵਾਲੀ ਟੀ-4, ਟੀ-8 ਲਿੰਫ਼ੇਟਿਕ ਕੋਸ਼ਿਕਾਵਾਂ ਦੀ ਗਿਣਤੀ ਵਧ ਜਾਂਦੀ ਹੈ।

3. ਖਾਂਸੀ ਅਤੇ ਦਮਾ

ਖਾਂਸੀ ਅਤੇ ਦਮੇ ਦੀ ਸ਼ਿਕਾਇਤ ਹੋਣ 'ਤੇ ਛਾਤੀ ਅਤੇ ਪਿੱਠ 'ਤੇ ਕਲੌਂਜੀ ਦੇ ਤੇਲ ਨਾਲ ਮਾਲਿਸ਼ ਕਰਨ ਨਾਲ ਅਰਾਮ ਮਿਲਦਾ ਹੈ। ਤਿੰਨ ਚਮਚ ਕਲੌਂਜੀ ਦਾ ਤੇਲ ਰੋਜ਼ ਪੀ ਵੀ ਸਕਦੇ ਹੋ।

4. ਸ਼ੂਗਰ

ਇਕ ਕੱਪ ਕਲੌਂਜੀ ਦੇ ਬੀਜ, ਇਕ ਕੱਪ ਰਾਈ, ਅੱਧਾ ਕੱਪ ਅਨਾਰ ਦੇ ਛਿਲਕੇ ਨੂੰ ਪੀਸ ਕੇ ਚੂਰਣ ਬਣਾ ਲਓ। ਇਸ ਚੂਰਣ ਨੂੰ ਨਾਸ਼ਤਾ ਕਰਨ ਤੋਂ ਪਹਿਲਾਂ ਅੱਧਾ ਚਮਚ ਕਲੌਂਜੀ ਦੇ ਤੇਲ ਦੇ ਨਾਲ ਲੈਣ ਨਾਲ ਸ਼ੂਗਰ ਦੀ ਸਮੱਸਿਆਂ ਦੂਰ ਹੋ ਜਾਂਦੀ ਹੈ।

5. ਕਿਡਨੀ ਦੀ ਪੱਥਰੀ

ਪਿਸੀ ਹੋਈ ਕਲੌਂਜੀ ਨੂੰ ਸ਼ਹਿਦ 'ਚ ਚੰਗੀ ਤਰ੍ਹਾਂ ਮਿਲਾ ਕੇ, ਇਕ ਚਮਚ ਕਲੌਂਜੀ ਦੇ ਤੇਲ ਨਾਲ ਮਿਲਾ ਕੇ ਰੋਜ਼ ਸਵੇਰੇ ਇਸ ਦੀ ਵਰਤੋਂ ਕਰਨ ਨਾਲ ਫ਼ਾਇਦਾ ਮਿਲਦਾ ਹੈ।

6. ਦਿਲ ਦੇ ਰੋਗ ਅਤੇ ਬਲੱਡ ਪ੍ਰੈਸ਼ਰ

ਤਰਲ ਪਦਾਰਥ 'ਚ ਇਕ ਚਮਚ ਕਲੌਂਜੀ ਦਾ ਤੇਲ ਮਿਲਾ ਕੇ ਤਿੰਨ ਦਿਨ 'ਚ ਇਕ ਵਾਰ ਪੂਰੇ ਸਰੀਰ 'ਤੇ ਮਾਲਿਸ਼ ਕਰਕੇ ਅੱਧਾ ਘੰਟਾ ਧੁੱਪ ਲੈਣ ਨਾਲ ਫ਼ਾਇਦਾ ਹੁੰਦਾ ਹੈ।

7. ਸਫ਼ੈਦ ਦਾਗ

ਸਰੀਰ 'ਤੇ ਸਫ਼ੈਦ ਦਾਗ ਅਤੇ ਕੁਸ਼ਠ ਰੋਗ ਹੋ ਜਾਣ ਤੇ 15 ਦਿਨ ਤਕ ਰੋਜ਼, ਪਹਿਲਾਂ ਸੇਬ ਦਾ ਸਿਰਕਾ ਸਰੀਰ 'ਤੇ ਮਲੋ, ਫ਼ਿਰ ਕਲੌਂਜੀ ਦਾ ਤੇਲ ਲਗਾਉਣ ਨਾਲ ਰਾਹਤ ਮਿਲਦੀ ਹੈ।

8. ਕਮਰ ਦਰਦ ਅਤੇ ਗਠੀਆ

ਕਲੌਂਜੀ ਦੇ ਤੇਲ ਨੂੰ ਹਲਕਾ ਗਰਮ ਕਰਕੇ ਜਿੱਥੇ ਦਰਦ ਹੋਵੇ ਉਥੇ ਮਾਲਿਸ਼ ਕਰੋ। ਇੰਝ ਕਰਨ ਨਾਲ ਅਰਾਮ ਮਿਲੇਦਾ।


9. ਸਿਰ ਦਰਦ

ਸਿਰਦਰਦ ਹੋਣ 'ਤੇ ਮੱਥੇ ਅਤੇ ਸਿਰ ਦੇ ਦੋਨੋਂ ਪਾਸੇ ਕਲੌਂਜੀ ਦਾ ਤੇਲ ਲਗਾਕੇ ਮਾਲਿਸ਼ ਕਰਨ ਨਾਲ ਅਰਾਮ ਮਿਲਦਾ ਹੈ।

10. ਅੱਖਾਂ ਦੀ ਸਮੱਸਿਆ

ਰੋਜ਼ ਸੋਣ ਤੋਂ ਪਹਿਲਾਂ ਪਲਕਾਂ ਅਤੇ ਅੱਖਾਂ ਦੇ ਆਲੇ-ਦੁਆਲੇ ਕਲੌਂਜੀ ਦਾ ਤੇਲ ਲਗਾਉਣ ਨਾਲ ਅੱਖਾਂ ਦੀ ਹਰ ਤਰ੍ਹਾਂ ਦੀ ਸਮੱਸਿਆ ਦੂਰ ਹੋ ਜਾਂਦੀ ਹੈ।

# ਡਾਕਟਰ-ਮਰੀਜ਼ ਦੇ ਸਬੰਧ ਕਿਹੋ ਜਿਹੇ ਹੋਣ



ਜਿਥੋਂ ਤੱਕ ਮਰੀਜ਼ਾਂ ਦਾ ਸਵਾਲ ਹੈ ਤਾਂ ਉਹ ਡਾਕਟਰ ਦੇ ਕੋਲ ਜਾਣ ਤੋਂ ਪਹਿਲਾਂ ਇਹ ਜ਼ਰੂਰ ਵਿਚਾਰ ਕਰੇਗਾ ਕਿ ਡਾਕਟਰ ਕਿਸ ਪੱਧਰ ਦਾ ਹੈ, ਉਸ ਦਾ ਵਰਤਾਓ ਕਿਹੋ ਜਿਹਾ ਹੈ, ਉਹ ਕਿੰਨਾ ਯੋਗ ਅਤੇ ਤਜਰਬੇਕਾਰ ਹੈ। ਹੁਣ ਇਹ ਤੁਹਾਡੇ 'ਤੇ ਨਿਰਭਰ ਕਰਦਾ ਹੈ ਕਿ ਤੁਸੀਂ ਮਰੀਜ਼ਾਂ ਨੂੰ ਆਪਣੇ ਵੱਲ ਆਕਰਸ਼ਤ ਕਰਨ ਵਿਚ ਕਿੰਨੇ ਸਫ਼ਲ ਰਹਿੰਦੇ ਹੋ। ਜ਼ਿਆਦਾਤਰ ਮਰੀਜ਼ ਆਪਣਾ ਇਲਾਜ ਕਰਾਉਣ ਤੋਂ ਪਹਿਲਾਂ ਡਾਕਟਰਾਂ ਦਾ ਵਿਵਹਾਰ ਅਤੇ ਗੱਲਬਾਤ ਕਰਨ ਦਾ ਢੰਗ ਦੇਖਦੇ ਹਨ ਪਰ ਜ਼ਿਆਦਾਤਰ ਡਾਕਟਰ ਇਥੇ ਹੀ ਮਾਤ ਖਾ ਜਾਂਦੇ ਹਨ ਕਿ ਮਰੀਜ਼ਾਂ ਨਾਲ ਗੱਲ ਕਰਨ ਤੋਂ ਪਹਿਲਾਂ ਹੀ ਆਪਣੀ ਫੀਸ ਦੱਸ ਦਿੰਦੇ ਹਨ।

ਜਿਥੋਂ ਤੱਕ ਸੰਭਵ ਹੋਵੇ, ਡਾਕਟਰ ਮਰੀਜ਼ਾਂ ਦੇ ਨਾਲ ਪਿਆਰ ਨਾਲ ਪੇਸ਼ ਆਉਣ ਅਤੇ ਜੇ ਮਰੀਜ਼ ਨੂੰ ਗੰਭੀਰ ਬਿਮਾਰੀ ਹੈ ਤਾਂ ਉਸ ਦੇ ਨਾਲ ਅਜਿਹਾ ਵਿਵਹਾਰ ਕਰਨ ਕਿ ਉਸ ਨੂੰ ਬਿਮਾਰੀ ਦੇ ਬਾਰੇ ਵਿਚ ਪਤਾ ਨਾ ਲੱਗੇ। ਸਮੇਂ-ਸਮੇਂ 'ਤੇ ਮਰੀਜ਼ਾਂ ਦੇ ਕੋਲ ਬੈਠ ਕੇ ਭਰੋਸਾ ਦਿੰਦੇ ਰਹਿਣ ਅਤੇ ਛੇਤੀ ਠੀਕ ਹੋਣ ਦੀ ਆਸ ਵਧਾਉਂਦੇ ਰਹਿਣ।

**ਤੁਹਾਡਾ ਮਰੀਜ਼ ਕਿਸ ਪੱਧਰ ਦਾ ਹੈ :** ਹੇਠਲੇ ਪੱਧਰ ਅਤੇ ਸੰਪੰਨ ਪਰਿਵਾਰ ਦਾ ਮਰੀਜ਼ ਜ਼ਿਆਦਾਤਰ ਛੋਟੇ-ਛੋਟੇ ਡਾਕਟਰਾਂ ਦੇ ਕੋਲ ਜਾਣਾ ਪਸੰਦ ਕਰਦਾ ਹੈ, ਕਿਉਂਕਿ ਉੱਚ ਵਰਗ ਦੇ ਡਾਕਟਰਾਂ ਦਾ ਵਰਤਾਓ ਚੰਗਾ ਨਹੀਂ ਰਹਿੰਦਾ। ਉਹ ਪੈਸੇ ਨੂੰ ਜ਼ਿਆਦਾ ਮਹੱਤਵ ਦਿੰਦੇ ਹਨ। ਅਕਸਰ ਦੇਖਿਆ ਗਿਆ ਹੈ ਕਿ ਜੋ ਡਾਕਟਰ ਜਿੰਨਾ ਉੱਚਾ ਹੋਵੇਗਾ, ਉਸ ਦੇ ਹਾਵ-ਭਾਵ ਵੀ ਉਸੇ ਤਰ੍ਹਾਂ ਦੇ ਹੀ ਹੋਣਗੇ।

ਡਾਕਟਰਾਂ ਨੂੰ ਚਾਹੀਦਾ ਹੈ ਕਿ ਉਹ ਹੇਠਲੇ ਪੱਧਰ ਦੇ ਮਰੀਜ਼ਾਂ ਦੇ ਨਾਲ ਉਦਾਰ ਭਾਵਨਾ ਨਾਲ ਪੇਸ਼ ਆਉਣ। ਜਿਥੋਂ ਤੱਕ ਸੰਭਵ ਹੋਵੇ, ਪੈਸੇ ਦਾ ਲਾਲਚ ਸਾਹਮਣੇ ਨਹੀਂ ਆਉਣਾ ਚਾਹੀਦਾ। ਜੇ ਡਾਕਟਰ ਚਾਹੁਣ ਤਾਂ ਆਪਣੇ ਵਰਤਾਓ ਨਾਲ ਮਰੀਜ਼ਾਂ ਦਾ ਦਿਲ ਜਿੱਤ ਸਕਦੇ ਹਨ।

**ਤੁਸੀਂ ਕਿਸ ਬਿਮਾਰੀ ਦੇ ਚੰਗੇ ਜਾਣਕਾਰ ਹੋ :** ਅੱਜਕਲ੍ਹ ਦੇਖਿਆ ਗਿਆ ਹੈ ਕਿ ਚੰਗੇ ਤੋਂ ਚੰਗੇ ਤਜਰਬੇਕਾਰ ਡਾਕਟਰ ਪੈਸੇ ਦੇ ਲਾਲਚ ਵਿਚ ਮਰੀਜ਼ਾਂ ਦੀ ਭਰਮਾਰ ਕਰ ਲੈਂਦੇ ਹਨ। ਪੈਸਾ ਚੰਗਾ ਕਮਾਉਣ ਜਾ ਸਕੇ, ਇਸੇ ਭਾਵਨਾ ਨੂੰ ਲੈ ਕੇ ਉਹ ਸਾਰੇ ਤਰ੍ਹਾਂ ਦੀਆਂ ਬਿਮਾਰੀਆਂ ਦੇ ਮਰੀਜ਼ਾਂ ਦੀ ਭੀੜ ਜਮ੍ਹਾਂ ਕਰ ਲੈਂਦੇ ਹਨ। ਨਤੀਜੇ ਵਜੋਂ ਜਿਸ ਬਿਮਾਰੀ ਦਾ ਇਲਾਜ ਕਰਨ ਦੀ ਉਨ੍ਹਾਂ ਵਿਚ ਸਮਰੱਥਾ ਹੁੰਦੀ ਹੈ, ਉਸ ਨੂੰ ਵੀ ਖਤਮ ਕਰ ਲੈਂਦੇ ਹਨ ਅਤੇ ਮਰੀਜ਼ਾਂ ਨੂੰ ਨਿਰਾਸ਼ ਕਰ ਦਿੰਦੇ ਹਨ।

ਡਾਕਟਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਉਸ ਬਿਮਾਰੀ ਦਾ ਇਲਾਜ ਕਰਨ, ਜਿਸ ਵਿਚ ਉਨ੍ਹਾਂ ਦਾ ਚੰਗਾ ਤਜਰਬਾ ਹੋਵੇ। ਗਿਆਨ ਅਤੇ ਤਜਰਬੇ ਦੇ ਆਧਾਰ 'ਤੇ ਇਲਾਜ ਕਰਨ ਨਾਲ ਜਿਥੇ ਡਾਕਟਰ ਇਕ ਚੰਗੇ ਰੋਗ ਮਾਹਿਰ ਦੇ ਰੂਪ ਵਿਚ ਉੱਭਰ ਕੇ ਸਾਹਮਣੇ ਆਵੇਗਾ, ਉਥੇ ਕੰਮ ਵੀ ਚੰਗਾ ਚੱਲੇਗਾ।

**ਮਰੀਜ਼ਾਂ ਨੂੰ ਗੁਮਰਾਹ ਨਾ ਕਰੋ :** ਅੱਜਕਲ੍ਹ ਦੇਖਣ ਵਿਚ ਆਇਆ ਹੈ ਕਿ ਜ਼ਿਆਦਾਤਰ ਡਾਕਟਰ ਪੈਸਾ ਕਮਾਉਣ ਦੇ ਲਾਲਚ ਵਿਚ ਠੀਕ ਵਿਅਕਤੀ ਨੂੰ ਬਿਮਾਰ ਅਤੇ ਮਾਮੂਲੀ ਜਿਹੀ ਬਿਮਾਰੀ ਨੂੰ ਗੰਭੀਰ ਬਿਮਾਰੀ ਦੱਸ ਦਿੰਦੇ ਹਨ। ਇਸ ਨਾਲ ਡਾਕਟਰਾਂ ਦੁਆਰਾ ਮਰੀਜ਼ਾਂ ਨੂੰ ਗੁਮਰਾਹ ਕਰਨ ਦੀ ਨੀਤੀ ਸਾਹਮਣੇ ਆਉਂਦੀ ਹੈ ਅਤੇ ਵਿਅਕਤੀ ਫਿਰ ਕਦੇ ਅਜਿਹੇ ਡਾਕਟਰਾਂ ਦੇ ਕੋਲ ਜਾਣਾ ਪਸੰਦ ਨਹੀਂ ਕਰਦਾ, ਜੋ ਝੂਠ ਬੋਲਦੇ ਹਨ। ਡਾਕਟਰਾਂ ਨੂੰ ਚਾਹੀਦਾ ਹੈ ਕਿ ਉਹ ਹਮੇਸ਼ਾ ਸੱਚ ਬੋਲਣ ਅਤੇ ਵਿਅਕਤੀਆਂ ਨੂੰ ਗੁਮਰਾਹ ਨਾ ਕਰਨ।

**ਬਿਮਾਰੀ ਦੇ ਅਨੁਰੂਪ ਹੀ ਦਵਾਈ ਦਿੱਤੀ ਜਾਵੇ :** ਡਾਕਟਰਾਂ ਨੂੰ ਸੁਝਾਅ ਦਿੱਤਾ ਜਾਂਦਾ ਹੈ ਕਿ ਉਹ ਮਰੀਜ਼ ਨੂੰ ਬਿਮਾਰੀ ਦੇ ਅਨੁਰੂਪ ਹੀ ਦਵਾਈ ਦੇਣ, ਕਿਉਂਕਿ ਕੁਝ ਡਾਕਟਰ ਛੋਟੀ ਜਿਹੀ ਬਿਮਾਰੀ ਹੋਣ 'ਤੇ ਵੀ ਢੇਰ ਸਾਰੀਆਂ ਦਵਾਈਆਂ ਲਿਆਉਣ ਨੂੰ ਕਹਿ ਦਿੰਦੇ ਹਨ। ਜ਼ਿਆਦਾ ਦਵਾਈਆਂ ਖਾਣ ਨਾਲ ਮਰੀਜ਼ ਦੀ ਸਿਹਤ 'ਤੇ ਗ਼ਲਤ ਅਸਰ ਪੈ ਸਕਦਾ ਹੈ।

ਅੰਤ ਵਿਚ ਡਾਕਟਰਾਂ ਨੂੰ ਸਲਾਹ ਦੇਣੀ ਚਾਹਾਂਗਾ ਕਿ ਜਿਥੋਂ ਤੱਕ ਸੰਭਵ ਹੋਵੇ, ਮਰੀਜ਼ਾਂ ਨੂੰ ਖੁਸ਼ ਰੱਖੋ।


**-ਗੋਵਿੰਦ ਕ੍ਰਿਸ਼ਨ ਗਰਗ**

ਕੌਮੀ ਪਤ੍ਰਿਕਾ

ਕਲਕੱਤਾ ਦੇ ਬਨਸਪਤ ਵਿਗਿਆਨ ਬਾਗ਼ ਵਿਚ ਮੱਛੀ-ਪੂਛਲ ਤਾੜ ਸਭ ਤੋਂ ਪਹਿਲਾਂ ਇਸ ਬਾਗ਼ ਦੇ ਬਾਨੀ ਕਰਨਲ ਆਰ.ਕਿੱਡ ਨੇ ਲਗਾਇਆ ਸੀ। ਉਦੋਂ ਤੋਂ ਲੈ ਕੇ ਅੱਜ ਤਕ ਇਹ ਰੁੱਖ ਇਸ ਬਾਗ਼ ਦਾ ਅਨਿੱਖੜਵਾਂ ਅੰਗ ਹੈ...

# ਜਾਣੇ-ਪਛਾਣੇ ਰੁੱਖ

## ਮੱਛੀ-ਪੂਛਲ ਤਾੜ





ਇਸ ਰੁੱਖ ਨੂੰ ਮੱਛੀ-ਪੂਛਲ ਤਾੜ ਇਸ ਲਈ ਕਿਹਾ ਜਾਂਦਾ ਹੈ ਕਿਉਂਕਿ ਇਸ ਦੇ ਪੱਤੇ ਮੱਛੀ ਦੀ ਪੂਛ ਵਰਗੇ ਹੁੰਦੇ ਹਨ। ਇਸ ਨੂੰ 'ਭਾਰਤੀ ਸਾਗੋ ਤਾੜ' ਵੀ ਆਖਦੇ ਹਨ। ਇਹ ਬਾਗ਼-ਬਗ਼ੀਚਿਆਂ ਵਿਚ ਲਗਾਏ ਜਾਣ ਵਾਲੇ ਸਜਾਵਟੀ ਰੁੱਖ ਦੇ ਨਾਲ-ਨਾਲ ਵਪਾਰਕ ਪੱਖ ਤੋਂ ਵੀ ਕਈ ਅਹਿਮ ਗੁਣਾਂ ਵਾਲਾ ਹੈ। ਇਸ ਰੁੱਖ ਦਾ ਮੂਲ ਸਥਾਨ ਭਾਰਤ ਹੈ ਅਤੇ ਇਹ ਉਪ-ਹਿਮਾਲਿਆਈ ਇਲਾਕਿਆਂ ਤੋਂ ਲੈ ਕੇ ਭਾਰਤ ਦੇ ਦੱਖਣ ਅਤੇ ਪੱਛਮੀਂ ਘਾਟਾਂ 'ਤੇ ਜੰਗਲੀ ਰੂਪ ਵਿਚ ਵੀ ਪਾਇਆ ਜਾਂਦਾ ਹੈ। ਕਲਕੱਤਾ ਦੇ ਬਨਸਪਤ ਵਿਗਿਆਨ ਬਾਗ਼ ਵਿਚ ਇਸ ਨੂੰ ਸਭ ਤੋਂ ਪਹਿਲਾਂ ਇਸ ਬਾਗ਼ ਦੇ ਬਾਨੀ ਕਰਨਲ ਆਰ.ਕਿੱਡ ਨੇ ਲਗਾਇਆ ਸੀ ਅਤੇ ਉਦੋਂ ਤੋਂ ਲੈ ਕੇ ਅੱਜ ਤਕ ਇਹ ਇਸ ਬਾਗ਼ ਦਾ ਅਨਿੱਖੜਵਾਂ ਅੰਗ ਹੈ।

### ਵਿਸ਼ੇਸ਼ ਵਰਨਣ

ਇਸ ਤਾੜ ਦਾ ਤਣਾ ਆਮ ਤੌਰ 'ਤੇ 6-10 ਮੀਟਰ ਉੱਚਾ ਹੁੰਦਾ ਹੈ ਪਰ ਕਦੇ-ਕਦੇ ਇਹ 30 ਮੀਟਰ ਤੋਂ ਵੀ ਉੱਚਾ ਹੋ ਜਾਂਦਾ ਹੈ। ਇਸ ਦਾ ਵਿਆਸ 30-35 ਸੈਂਟੀਮੀਟਰ ਹੁੰਦਾ ਹੈ ਅਤੇ ਇਹ ਕਾਫ਼ੀ ਨਰਮ ਹੁੰਦਾ ਹੈ। ਮੱਛੀ-ਪੂਛਲ ਤਾੜ ਦੇ ਪੱਤੇ ਕਿਸੇ ਵੀ ਭਾਰਤੀ ਤਾੜ ਨਾਲੋਂ ਸਭ ਤੋਂ ਵੱਡੇ ਹੁੰਦੇ ਹਨ। ਇਹ ਦੋ-ਪੱਤੀਏ ਹੁੰਦੇ ਹਨ, ਜੋ 5 ਮੀਟਰ ਲੰਬੇ ਅਤੇ 3-4 ਮੀਟਰ ਤਕ ਚੌੜੇ ਹੁੰਦੇ ਹਨ। ਪੱਤੀਆਂ ਦਾ ਆਕਾਰ ਮੱਛੀ ਦੀ ਪੂਛ ਵਰਗਾ ਹੋਣ ਕਾਰਨ ਇਸ ਦਾ ਨਾਂ ਮੱਛੀ-ਪੂਛਲ ਤਾੜ ਪਿਆ ਹੈ। ਪੱਤਿਆਂ ਦੀਆਂ ਰਗ਼ਾਂ ਬੇਹੱਦ ਮਜ਼ਬੂਤ ਅਤੇ ਇਕ ਦੂਸਰੀ ਦੇ ਸਮਾਨਾਂਤਰ ਹੁੰਦੀਆਂ ਹਨ, ਜੋ ਸਿਰਿਆਂ ਤੋਂ ਦੰਦੇਦਾਰ ਹੁੰਦੀਆਂ ਹਨ। ਇਸ ਦੇ ਫਲ਼ ਲਗਪਗ 2 ਸੈਂਟੀਮੀਟਰ ਆਕਾਰ ਦੇ ਅਤੇ ਗਿਟਕਦਾਰ ਹੁੰਦੇ ਹਨ।

### ਨਾਂ

ਇਸ ਰੁੱਖ ਦਾ ਵਿਗਿਆਨਕ ਨਾਂ 'ਕੈਰੀਓਟਾ ਯੂਰੈਂਸ' ਹੈ, ਜਦਕਿ ਅੰਗਰੇਜ਼ੀ ਵਿਚ ਇਸ ਨੂੰ 'ਫਿਸ਼-ਟੇਲ ਪਾਮ', ਹਿੰਦੀ ਵਿਚ 'ਮਾੜੀ', ਮਰਾਠੀ ਵਿਚ 'ਬਿਰਲੀ ਮਹੱਦ', ਹਿੰਦੀ ਅਤੇ ਪੰਜਾਬੀ ਵਿਚ 'ਮੱਠੀ-ਪੂਛਲ ਤਾੜ' ਆਖਦੇ ਹਨ। ਇਸ ਦਾ ਵਿਗਿਆਨਕ ਨਾਂ 'ਕੈਰੀਓਟਾ' ਯੂਨਾਨੀ ਭਾਸ਼ਾ ਤੋਂ ਲਿਆ ਗਿਆ ਹੈ, ਜਿਸ ਦਾ ਅਰਥ ਹੁੰਦਾ ਹੈ – ਅਖਰੋਟ ਨੁਮਾ, ਜਦਕਿ 'ਯਰੈਂਸ' ਦਾ ਅਰਥ ਹੈ – ਜਲਨ ਪੈਦਾ ਕਰਨ ਵਾਲਾ, ਕਿਉਂਕਿ ਇਸ ਦੇ ਫਲ਼ ਤੋੜਨ ਵੇਲੇ ਚਮੜੀ ਨੂੰ ਛੂਹ ਜਾਣ 'ਤੇ ਇਹ ਕਾਫ਼ੀ ਸਮੇਂ ਲਈ ਸਰੀਰ ਉੱਪਰ ਜਲਨ ਪੈਦਾ ਕਰਨ ਲਗਦੇ ਹਨ।

### ਗੁਣ

ਇਸ ਰੁੱਖ ਤੋਂ ਕਈ ਮਹੱਤਵਪੂਰਨ ਵਸਤਾਂ ਪ੍ਰਾਪਤ ਹੁੰਦੀਆਂ ਹਨ। ਇਸ ਦੇ ਰੇਸ਼ੇ ਖ਼ਾਸ ਤੌਰ 'ਤੇ ਪੱਤਿਆਂ ਅਤੇ ਫੁੱਲ-ਡੰਡੀਆਂ ਦੇ ਰੇਸ਼ੇ ਵਪਾਰਕ ਵਰਤੋਂ ਵਿਚ ਆਉਂਦੇ ਹਨ। ਇਨ੍ਹਾਂ ਤੋਂ ਹੰਢਣਸਾਰ ਰੱਸੀਆਂ ਬਣਦੀਆਂ ਹਨ ਅਤੇ ਕਈ ਪ੍ਰਕਾਰ ਦੇ ਬੁਰਸ਼ ਵੀ ਬਣਦੇ ਹਨ। ਇਸ ਦੇ ਗੁੱਦੇ ਤੋਂ ਇਕ ਖ਼ਾਸ ਕਿਸਮ ਦਾ ਆਟਾ ਵੀ ਤਿਆਰ ਹੁੰਦਾ ਹੈ, ਜਿਸ ਨੂੰ ਭਾਰਤ ਦੇ ਕਈ ਕਬੀਲੇ ਰੋਟੀ ਤੇ ਹੋਰ ਖ਼ੁਰਾਕੀ ਪਦਾਰਥ ਤਿਆਰ ਕਰਨ ਲਈ ਵਰਤਦੇ ਹਨ। ਇਸ ਤੋਂ ਇਲਾਵਾ ਇਸ ਦੇ ਰਸ ਤੋਂ ਪੀਣਯੋਗ ਇਕ ਤਰਲ ਪਦਾਰਥ 'ਤਾੜੀ' ਵੀ ਤਿਆਰ ਕੀਤੀ ਜਾਂਦੀ ਹੈ। ਇਸ ਦੇ ਫੁੱਲ ਦੇ ਸਿਰੇ ਉੱਪਰ ਉੱਗੀ ਛੋਟੀ ਜਿਹੀ ਕਲੀ ਕਈ ਖਣਿਜ ਤੱਤਾਂ ਅਤੇ ਵਿਟਾਮਿਨਾਂ ਨਾਲ ਭਰਪੂਰ ਹੋਣ ਕਾਰਨ ਖਾਣਯੋਗ ਹੁੰਦੀ ਹੈ। ਲੱਕੜ ਕਾਫ਼ੀ ਹੰਢਣਸਾਰ ਹੁੰਦੀ ਹੈ।

### ਖੇਤੀ

ਬਾਗ਼-ਬਗ਼ੀਚਿਆਂ ਵਿਚ ਉੱਗਿਆ ਮੱਛੀ-ਪੂਛਲ ਤਾੜ ਦਾ ਰੁੱਖ ਬੇਹੱਦ ਦਿਲਕਸ਼ ਨਜ਼ਾਰਾ ਪੇਸ਼ ਕਰਦਾ ਹੈ। ਇਹ ਲਗਪਗ ਹਰ ਤਰ੍ਹਾਂ ਦੀ ਜ਼ਮੀਨ ਵਿਚ ਉਗਾਇਆ ਜਾ ਸਕਦਾ ਹੈ। ਇਸ ਨੂੰ ਗਮਲਿਆਂ ਵਿਚ ਵੀ ਉਗਾਇਆ ਜਾ ਸਕਦਾ ਹੈ ਅਤੇ ਜ਼ਮੀਨ 'ਚ ਲਗਾਇਆ ਗਿਆ ਮੱਛੀ-ਪੂਛਲ ਤਾੜ ਦਾ ਰੁੱਖ 15 ਸਾਲਾਂ ਵਿਚ ਆਪਣਾ ਪੂਰਾ ਆਕਾਰ ਗ੍ਰਹਿਣ ਕਰ ਲੈਂਦਾ ਹੈ ਅਤੇ ਫੁੱਲ ਧਾਰਣ ਕਰਨ ਲਈ ਉਸ ਨੂੰ ਲਗਪਗ ਸੱਤ ਸਾਲ ਦਾ ਹੋਰ ਸਮਾਂ ਲਗਦਾ ਹੈ। ਪਹਿਲੇ ਫੁੱਲ-ਫਲਾਕੇ ਸਮੇਂ ਫੁੱਲਾਂ ਦੇ ਬੇਹੱਦ ਵੱਡੇ ਆਕਾਰ ਦੇ ਗੁੱਛੇ ਨਿਕਲਦੇ ਹਨ, ਜੋ ਰੁੱਖ ਦੇ ਸਿਰੇ ਤੋਂ ਹੇਠਾਂ ਵੱਲ ਨੂੰ ਲਮਕਦੇ ਰਹਿੰਦੇ ਹਨ। ਫੁੱਲਾਂ ਦੇ ਅਜਿਹੇ ਗੁੱਛੇ ਰੁੱਖ ਦੇ ਸਿਰੇ ਤੋਂ ਸ਼ੁਰੂ ਹੋ ਕੇ ਹੇਠਾਂ ਤੋਂ ਹੇਠਾਂ ਅਖ਼ੀਰ ਤਕ ਨਿਕਲਦੇ ਹਨ

• ਫੀਚਰ ਡੈਸਕ

---

# ਧਰਤੀ ਦਾ ਸਰਮਾਇਆ ਰੁੱਖ



• ਸੰਦੀਪ ਆਰੀਆ
98775-61880

ਭਾਰਤੀ ਸੱਭਿਆਚਾਰ ਵਿਚ ਰੁੱਖਾਂ ਨੂੰ ਬੇਹੱਦ ਪੂਜਣਯੋਗ ਮੰਨਿਆ ਜਾਂਦਾ ਹੈ। ਧਰਮ ਗ੍ਰੰਥਾਂ ਵਿਚ ਰੁੱਖਾਂ ਦੀ ਮੌਜੂਦਗੀ ਨੂੰ ਬੇਹੱਦ ਅਹਿਮ ਮੰਨਿਆ ਗਿਆ ਹੈ। ਆਯੁਰਵੇਦ ਪ੍ਰਸੰਨਤਾ ਨੂੰ ਚੰਗੀ ਸਿਹਤ ਦਾ ਆਧਾਰ ਮੰਨਦਾ ਹੈ। ਰੁੱਖ ਜ਼ਮਨ ਨੂੰ ਪ੍ਰਸੰਨ ਤੇ ਸ਼ਾਂਤ ਰੱਖਦੇ ਹਨ। ਆਯੁਰਵੇਦ ਵਿਚ ਰੁੱਖਾਂ ਦੀ ਮੱਹਤਤਾ ਦਾ ਵਿਸਥਾਰ ਨਾਲ ਵਰਨਣ ਸ਼ਾਮਲ ਹੈ। ਰੁੱਖ ਨਕਾਰਾਤਮਕ ਊਰਜਾ ਨੂੰ ਸੋਖ ਕੇ ਮਨ ਨੂੰ ਸ਼ਾਂਤੀ ਪ੍ਰਦਾਨ ਕਰਦੇ ਹਨ। ਜੇ ਰੁੱਖਾਂ ਨੂੰ 'ਨੈਚੁਰਲ ਹੀਲਰ' ਆਖਿਆ ਜਾਵੇ ਤਾਂ ਅਤਿਕਥਨੀ ਨਹੀਂ ਹੋਵੇਗੀ।

### ਧਰਮ ਤੇ ਵਿਗਿਆਨ ਦੀ ਨਜ਼ਰ 'ਚ ਰੁੱਖ

ਐਕਸਟਰ ਯੂਨੀਵਰਸਿਟੀ ਦੇ ਵਿਗਿਆਨੀਆਂ ਅਨੁਸਾਰ ਰੁੱਖ ਮਨੁੱਖ ਨੂੰ ਸਿਹਤਮੰਦ ਤੇ ਖ਼ੁਸ਼ ਰੱਖਣ 'ਚ ਮਦਦਗਾਰ ਹਨ। ਇਹ 'ਅਵਸਾਦ', ਚਿੰਤਾ ਤੇ ਹੋਰ ਮਾਨਸਿਕ ਵਿਕਾਰਾਂ ਨੂੰ ਦੂਰ ਕਰਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ। ਜਾਪਾਨੀ ਲੋਕ ਜੰਗਲਾਂ 'ਚ ਜਾ ਕੇ 'ਫਾਰੈਸਟ ਬਾਥਿੰਗ' ਕਰਦੇ ਹਨ। ਉਹ ਰੋਜ਼ਾਨਾ ਜੀਵਨ ਦੇ ਕੁਝ ਪਲ ਜੰਗਲਾਂ 'ਚ ਰੁੱਖਾਂ ਅਤੇ ਪੌਦਿਆਂ ਨਾਲ ਬਿਤਾਉਂਦੇ ਹਨ। ਤਾਓਵਾਦ ਵਿਚ ਵੀ ਰੁੱਖਾਂ ਦੀ ਵਡਿਆਈ ਕੀਤੀ ਗਈ ਹੈ। ਤਾਓਵਾਦ ਵਿਚ ਰੁੱਖਾਂ ਤੇ ਪੇੜ-ਪੌਦਿਆਂ ਦਰਮਿਆਨ ਬੈਠ ਕੇ ਧਿਆਨ ਲਗਾਉਣ ਦੀ ਪਰੰਪਰਾ ਹੈ। ਅਮਰੀਕੀ ਵਿਗਿਆਨੀ ਜਿਓਫਰੀ ਡੋਨੋਵਨ ਨੇ ਸਿੱਧ ਕੀਤਾ ਹੈ ਕਿ ਜਿਨ੍ਹਾਂ ਖੇਤਰਾਂ ਵਿਚ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਕੀਤੀ ਗਈ ਹੈ ਉੱਥੇ ਦਿਲ ਤੇ ਸਾਹ ਦੇ ਰੋਗਾਂ ਨਾਲ ਹੋਣ ਵਾਲੀਆਂ ਮੌਤਾਂ ਦੀ ਦਰ 'ਚ ਭਾਰੀ ਵਾਧਾ ਹੋਇਆ ਹੈ। ਅਮਰੀਕੀ ਖੇਤੀਬਾੜੀ ਵਿਭਾਗ ਅਨੁਸਾਰ, 'ਜੰਗਲ ਦਾ ਇਕ ਏਕੜ ਇਲਾਕਾ 6 ਟਨ ਕਾਰਬਨ ਡਾਈਆਕਸਾਈਡ ਗੈਸ ਨੂੰ ਜਜ਼ਬ ਕਰ ਲੈਂਦਾ ਹੈ ਤੇ 4 ਟਨ ਆਕਸੀਜਨ ਪੈਦਾ ਕਰਦਾ ਹੈ। ਆਕਸੀਜਨ ਦੀ ਇਹ ਮਾਤਰਾ 18 ਵਿਅਕਤੀਆਂ ਦੀ ਸਾਲਾਨਾ ਜ਼ਰੂਰਤ ਪੂਰੀ ਕਰਨ ਲਈ ਕਾਫ਼ੀ ਹੈ।

### ਰੁੱਖਾਂ ਦਾ ਕੋਈ ਬਦਲ ਨਹੀਂ

ਰੁੱਖਾਂ ਕਰਕੇ ਹੀ ਵਾਤਾਵਰਨ ਸੰਤੁਲਨ ਬਣਿਆ ਹੋਇਆ ਹੈ। ਮਨੁੱਖ ਦੀ ਚੰਗੀ ਸਿਹਤ ਵੀ ਰੁੱਖਾਂ 'ਤੇ ਨਿਰਭਰ ਹੈ। ਰੁੱਖਾਂ ਦੀ ਅਣਹੋਂਦ ਧਰਤੀ 'ਤੇ ਤਬਾਹੀ ਦਾ ਕਾਰਨ ਬਣ ਜਾਏਗੀ। ਅੱਜ ਵਿਕਾਸ ਦੇ ਨਾਂ 'ਤੇ ਜਿਸ ਅਨੁਪਾਤ 'ਚ ਰੁੱਖ ਵੱਢੇ ਜਾ ਰਹੇ ਹਨ ਜੇ ਇਹ ਵਰਤਾਰਾ ਜਾਰੀ ਰਿਹਾ ਤਾਂ ਧਰਤੀ ਉੱਪਰ ਸਮੁੱਚੇ ਜੀਵਾਂ ਦਾ ਜੀਵਨ ਖ਼ਤਮ ਹੋ ਜਾਣ ਦੀ ਸੰਭਾਵਨਾਵਾਂ ਪੈਦਾ ਹੋ ਜਾਵੇਗੀ। ਰੁੱਖ ਕੁਦਰਤ ਦੀ ਅਜਿਹੀ ਦਾਤ ਹਨ ਜਿਨ੍ਹਾਂ ਦਾ ਹੋਰ ਕੋਈ ਬਦਲ ਸਾਡੇ ਕੋਲ ਨਹੀਂ ਹੈ।

### ਇਕ ਰੁੱਖ ਸੌ ਸੁੱਖ

ਸਾਡੇ ਦੁਆਰਾ ਲਗਾਇਆ ਗਿਆ ਇਕ ਰੁੱਖ ਸਿਰਫ਼ ਸਾਨੂੰ ਹੀ ਨਹੀਂ, ਸਗੋਂ ਆਉਣ ਵਾਲੀਆਂ ਕਈ ਪੀੜ੍ਹੀਆਂ ਨੂੰ ਫ਼ਾਇਦਾ ਦਿੰਦਾ ਹੈ। ਸ਼ਾਇਦ ਇਸੇ ਲਈ ਇਹ ਕਹਾਵਤ ਬਣੀ ਹੈ ਕਿ 'ਇਕ ਰੁੱਖ ਸੌ ਸੁੱਖ।' ਇਨ੍ਹਾਂ ਤੋਂ ਸਾਨੂੰ ਸਾਫ਼ ਹਵਾ, ਬਾਲਣ, ਖਾਣਯੋਗ ਪਦਾਰਥ, ਕੱਪੜੇ, ਜਾਨਵਰਾਂ ਲਈ ਚਾਰਾ ਤੇ ਇਮਾਰਤੀ ਲੱਕੜੀ ਆਦਿ ਵਸਤਾਂ ਪ੍ਰਾਪਤ ਹੁੰਦੀਆਂ ਹਨ।।ਇਹ ਵਾਤਾਵਰਨ ਵਿਚੋਂ ਕਾਰਬਨ ਡਾਈਆਕਸਾਈਡ ਲੈ ਕੇ ਸਾਨੂੰ ਆਕਸੀਜਨ ਦਿੰਦੇ ਹਨ, ਜੋ ਸਭ ਜੀਵਾਂ ਦੇ ਜ਼ਿੰਦਾ ਰਹਿਣ ਲਈ ਬੁਨਿਆਦੀ ਲੋੜ ਹੈ। ਰੁੱਖ ਅਤੇ ਜੰਗਲ ਪੰਛੀਆਂ ਤੇ ਜੰਗਲੀ-ਜੀਵਾਂ ਦੇ ਵੀ ਰੈਣ-ਬਸੇਰੇ ਹਨ। ਇਨ੍ਹਾਂ ਦੀ ਅਣਹੋਂਦ ਕਾਰਨ ਅੱਜ ਜੰਗਲੀ ਜੀਵਾਂ ਦੀਆਂ ਸੈਂਕੜੇ ਪ੍ਰਜਾਤੀਆਂ ਖ਼ਤਮ ਹੋਣ ਕੰਢੇ ਆਣ ਪੁੱਜੀਆਂ ਹਨ।

### ਜ਼ਰੂਰੀ ਹੈ ਜਾਗਰੂਕਤਾ

ਰੁੱਖਾਂ ਤੇ ਜੰਗਲਾਂ ਤੋਂ ਮਿਲਣ ਵਾਲੇ ਇਨ੍ਹਾਂ ਕੁਦਰਤੀ ਵਸੀਲਿਆਂ ਦੇ ਨਿਰੰਤਰ ਲਾਭ ਲਈ ਇਨ੍ਹਾਂ ਦੀ ਸਾਂਭ-ਸੰਭਾਲ ਪ੍ਰਤੀ ਜਾਗਰੂਕਤਾ ਦੀ ਲੋੜ ਹੈ। ਅਸੀਂ ਰੁੱਖਾਂ ਨੂੰ ਬਚਾਉਣਾ ਤਾਂ ਚਾਹੁੰਦੇ ਹਾਂ ਪਰ ਜਿਸ ਪੱਧਰ 'ਤੇ ਉਪਰਾਲੇ ਕੀਤੇ ਜਾਣ ਦੀ ਲੋੜ ਹੈ, ਉਹ ਨਹੀਂ ਕੀਤੇ ਜਾ ਰਹੇ। ਰੁੱਖਾਂ ਦੀ ਅਣਹੋਂਦ ਕਾਰਨ ਜ਼ਮੀਨਦੋਜ਼ ਪਾਣੀ ਜ਼ਹਿਰੀਲਾ ਹੋ ਰਿਹਾ ਹੈ, ਕੁਦਰਤ ਦਾ ਸੰਤੁਲਨ ਵਿਗੜ ਰਿਹਾ ਹੈ, ਮੌਸਮੀ ਤਬਦੀਲੀਆਂ ਖੇਤੀ ਤੇ ਮਨੁੱਖੀ ਜੀਵਨ ਨੂੰ ਪ੍ਰਭਾਵਿਤ ਕਰ ਰਹੀਆਂ ਹਨ, ਜੜ੍ਹੀ-ਬੂਟੀਆਂ ਦੇ ਰੂਪ 'ਚ ਮੌਜੂਦ ਅਣਮੁੱਲੇ ਖ਼ਜ਼ਾਨਿਆਂ ਤੋਂ ਅਸੀਂ ਵਾਂਝੇ ਹੋ ਰਹੇ ਹਾਂ, ਕਈ ਜੀਵਾਂ ਦੀਆਂ ਪ੍ਰਜਾਤੀਆਂ ਖ਼ਤਮ ਹੋਣ ਵੱਲ ਵਧ ਰਹੀਆਂ ਹਨ। ਰੁੱਖਾਂ ਦੀ ਇਸ ਅਹਿਮੀਅਤ ਕਾਰਨ ਹੀ ਇਨ੍ਹਾਂ ਨੂੰ 'ਹਰਾ ਸੋਨਾ' ਆਖਿਆ ਜਾਂਦਾ ਹੈ। ਸਨਅਤੀ ਖੇਤਰ ਵਿਚ ਵੀ ਰੁੱਖਾਂ ਦਾ ਮਹੱਤਵਪੂਰਨ ਯੋਗਦਾਨ ਹੈ। ਘਰ ਦੇ ਨਿਰਮਾਣ ਲਈ ਉਪਯੋਗੀ ਵਸਤਾਂ ਤੋਂ ਲੈ ਕੇ ਬਹੁਤ ਸਾਰੀਆਂ ਮਨੁੱਖੀ ਲੋੜਾਂ ਦੀ ਪੂਰਤੀ ਰੁੱਖਾਂ ਤੋਂ ਹੀ ਹੁੰਦੀ ਹੈ। ਇਸ ਲਈ ਮਨੁੱਖ ਦਾ ਫ਼ਰਜ਼ ਹੈ ਕਿ ਉਹ ਵੱਧ ਤੋਂ ਵੱਧ ਰੁੱਖ ਲਗਾਏ ਤੇ ਕੁਦਰਤੀ ਵਸੀਲਿਆਂ ਦੀ ਸੰਭਾਲ ਕਰੇ। ਰੁੱਖਾਂ ਦੀ ਧੜਾਧੜ ਕਟਾਈ ਕਾਰਨ ਹਵਾ ਪ੍ਰਦੂਸ਼ਣ ਵਧਣ ਨਾਲ ਸਾਹ ਸਬੰਧੀ ਅਤੇ ਕਈ ਹੋਰ ਗਹਿਰ-ਗੰਭੀਰ ਬਿਮਾਰੀਆਂ ਮਨੁੱਖਾਂ ਤੇ ਦੂਸਰੇ ਜੀਵਾਂ ਨੂੰ ਆਪਣੀ ਜਕੜ 'ਚ ਲੈ ਰਹੀਆਂ ਹਨ।

### ਲਾਭ ਹੀ ਲਾਭ

ਰੁੱਖ ਧਰਤੀ ਦਾ ਸਰਮਾਇਆ ਹਨ।।ਇਹ ਜੀਵਨ ਦਾ ਆਧਾਰ ਹਨ। ਰੁੱਖਾਂ ਬਗ਼ੈਰ ਧਰਤੀ ਉੱਤੇ ਜੀਵਨ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਰੁੱਖਾਂ ਕਾਰਨ ਮਨੁੱਖ ਅਤੇ ਦੂਸਰੇ ਜੀਵ-ਜੰਤੂਆਂ ਦੀਆਂ ਅਨੇਕਾਂ ਜ਼ਰੂਰਤਾਂ ਦੀ ਪੂਰਤੀ ਹੁੰਦੀ ਹੈ। ਰੁੱਖ ਸਾਨੂੰ ਛਾਂ, ਹਵਾ, ਫਲ਼, ਫੁੱਲ, ਲੱਕੜ, ਕਾਗ਼ਜ਼, ਰਬੜ, ਆਯੁਰਵੈਦਿਕ ਦਵਾਈਆਂ ਆਦਿ ਦਿੰਦੇ ਹਨ ਤੇ ਵਾਤਾਵਰਨ ਨੂੰ ਸ਼ੁੱਧ ਰੱਖਣ 'ਚ ਬੇਹੱਦ ਅਹਿਮ ਭੂਮਿਕਾ ਅਦਾ ਕਰਦੇ ਹਨ। ਪਿੱਪਲ, ਬੋਹੜ, ਕਿੱਕਰ, ਅੰਬ, ਟਾਹਲੀ, ਸਫ਼ੈਦਾ, ਅਰਜੁਨ, ਫਲਾਹੀ, ਪਿਲਕਣ, ਪਾਪਲਰ ਆਦਿ ਸੈਂਕੜੇ ਰੁੱਖ ਮਨੁੱਖ ਨੂੰ ਕਈ ਲਾਭ ਦੇ ਰਹੇ ਹਨ। ਰੁੱਖਾਂ ਉੱਤੇ ਕੀਟਾਂ ਅਤੇ ਸੈਂਕੜੇ ਹੋਰ ਜੀਵਾਂ ਦੀਆਂ ਲੱਖਾਂ ਪ੍ਰਜਾਤੀ ਆਪਣਾ ਜੀਵਨ ਬਸਰ ਕਰਦੀਆਂ ਹਨ। ਇਸ ਤਰ੍ਹਾਂ ਰੁੱਖਾਂ ਨਾਲ ਜੀਵ-ਜੰਤੂਆਂ ਦਾ ਜੀਵਨ-ਚੱਕਰ ਵੀ ਜੁੜਿਆ ਹੋਇਆ ਹੈ।ਰੁੱਖ ਲਗਾਉਣ ਨਾਲ ਏਅਰ-ਕੰਡੀਸ਼ਨਰਾਂ, ਮੋਟਰ ਗੱਡੀਆਂ ਅਤੇ ਹੋਰ ਵਸੀਲਿਆਂ ਤੋਂ ਪੈਦਾ ਹੋਣ ਵਾਲੀਆਂ ਹਾਨੀਕਾਰਕ ਗੈਸਾਂ ਦੇ ਬੁਰੇ ਪ੍ਰਭਾਵ ਤੋਂ ਅਸੀਂ ਬਚੇ ਰਹਿ ਸਕਦੇ ਹਾਂ। ਸਾਨੂੰ ਕੁਦਰਤੀ ਰੂਪ ਵਿਚ ਸਾਫ਼ ਤੇ ਸ਼ੁੱਧ ਹਵਾ ਪ੍ਰਾਪਤ ਹੋਵੇਗੀ। ਰੁੱਖਾਂ ਦੀਆਂ ਜੜ੍ਹਾਂ ਮਿੱਟੀ ਨੂੰ ਮਜ਼ਬੂਤੀ ਨਾਲ ਬੰਨ੍ਹ ਕੇ ਰੱਖਦੀਆਂ ਹਨ ਤੇ ਭੂਮੀ-ਖੋਰ ਨੂੰ ਰੋਕਣ 'ਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਰੁੱਖਾਂ ਨਾਲੋਂ ਟੁੱਟੇ ਪੱਤੇ ਮਿੱਟੀ ਵਿਚ ਮਿਲ ਕੇ ਕੁਦਰਤੀ ਖਾਦ ਦਾ ਕੰਮ ਕਰਦੇ ਹਨ ਤੇ ਮਿੱਟੀ ਨੂੰ ਸਿਹਤਮੰਦ ਤੇ ਉਪਜਾਊ ਬਣਾਉਂਦੇ ਹਨ। ਰੁੱਖਾਂ ਦੀ ਧੜਾਧੜ ਕਟਾਈ ਅਤੇ ਰਸਾਇਣਾਂ ਦੇ ਮਾੜੇ ਪ੍ਰਭਾਵ ਕਾਰਨ ਅੱਜ ਪੰਜਾਬ ਦੀ ਜ਼ਮੀਨ ਵੀ ਰੇਗਿਸਤਾਨੀ ਮਿੱਟੀ 'ਚ ਤਬਦੀਲ ਹੋਣ ਵੱਲ ਵਧ ਰਹੀ ਹੈ।

ਰੁੱਖ ਵਰਖਾ ਦਾ ਸੰਤੁਲਨ ਬਣਾਈ ਰੱਖਣ 'ਚ ਮਦਦ ਕਰਦੇ ਹਨ। ਸਾਨੂੰ ਛਾਂ ਦਿੰਦੇ ਹਨ ਤੇ ਗਰਮੀ ਦੇ ਪ੍ਰਭਾਵ ਨੂੰ ਘੱਟ ਕਰਦੇ ਹਨ। ਜੇ ਧਰਤੀ ਉੱਤੋਂ ਰੁੱਖਾਂ ਦਾ ਇਹ ਖ਼ਜ਼ਾਨਾ ਇਸੇ ਦਰ ਨਾਲ ਘਟਦਾ ਗਿਆ ਤਾਂ ਗਲੋਬਲ ਵਾਰਮਿੰਗ ਅਤੇ ਸੋਕੇ ਵਰਗੀਆਂ ਸਮੱਸਿਆਵਾਂ ਹੋਰ ਭਿਆਨਕ ਰੂਪ ਲੈ ਲੈਣਗੀਆਂ। ਘਰ ਵਿਚ ਆਪਣੇ ਅਤੇ ਕਿਸੇ ਵੀ ਪਰਿਵਾਰਕ ਮੈਂਬਰ ਦੇ ਜਨਮ ਦਿਨ ਅਤੇ ਖ਼ੁਸ਼ੀ ਦੇ ਦੂਸਰੇ ਮੌਕਿਆਂ 'ਤੇ ਰੁੱਖ ਲਗਾ ਕੇ ਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰ ਕੇ ਮਨੁੱਖਤਾ ਦੀ ਵੱਡੀ ਸੇਵਾ ਕਰ ਸਕਦੇ ਹਾਂ।

ਧਰਤੀ ਉੱਪਰ ਮਨੁੱਖੀ ਹੋਂਦ ਨੂੰ ਬਚਾਉਣ ਲਈ ਧਰਤੀ ਦੇ ਇਸ ਬਹੁਮੁੱਲੇ ਸਰਮਾਏ ਦੀ ਸੰਭਾਲ ਕਰਨੀ ਬੇਹੱਦ ਜ਼ਰੂਰੀ ਹੈ। ਜੇ ਮਨੁੱਖ ਨੇ ਸਮਾਂ ਰਹਿੰਦਿਆਂ ਇਸ ਦਿਸ਼ਾ 'ਚ ਆਪਣੇ ਫਰਜ਼ ਨਾ ਪਛਾਣੇ ਤਾਂ ਇਸ ਧਰਤੀ ਉੱਪਰ ਸਮੁੱਚਾ ਜੀਵਨ ਖ਼ਤਰੇ 'ਚ ਪੈ ਜਾਵੇਗਾ। •

---



ਪੰਜਾਬ ਵਿਚ ਪਿਆਜ਼ ਦੀ 450–500 ਕਰੋੜ ਰੁਪਏ ਦੀ ਮੰਗ ਹੈ ਪਰ ਸੂਬੇ ਵਿਚ ਸਿਰਫ਼ 100 ਤੋਂ 125 ਕਰੋੜ ਰੁਪਏ ਦੇ ਪਿਆਜ਼ ਦੀ ਪੈਦਾਵਾਰ ਹੁੰਦੀ ਹੈ। ਬਾਕੀ ਖ਼ਰੀਦ ਦੂਜੇ ਸੂਬਿਆਂ ਤੋਂ ਕੀਤੀ ਜਾਂਦੀ ਹੈ...

# ਪਿਆਜ਼ ਦਾ ਮਿਆਰੀ ਬੀਜ ਤਿਆਰ ਕਰਨ ਦੇ ਅਹਿਮ ਨੁਕਤੇ

• ਅਮਰਜੀਤ ਸਿੰਘ, ਅੰਜੂ ਬਾਲਾ

ਪਿਆਜ਼ ਪੰਜਾਬ ਦੀ ਮਹੱਤਵਪੂਰਨ ਫ਼ਸਲ ਹੈ। ਇਸ ਵਿਚ ਪਾਏ ਜਾਣ ਵਾਲੇ ਐਲੀਸਿਨ, ਐਲੀਨਥਾਇਓਸਲਫੇਟ, ਸਲਫਾਈਟ ਆਦਿ ਤੱਤ ਕੈਂਸਰ, ਸ਼ੂਗਰ ਰੋਗ, ਕੋਲੈਸਟਰੋਲ ਤੇ ਜਿਗਰ ਦੀਆਂ ਬਿਮਾਰੀਆਂ ਨਾਲ ਲੜਨ ਦੀ ਸਮਰਥਾ ਰੱਖਦੇ ਹਨ। ਪੰਜਾਬ ਦੀਆਂ ਮੰਡੀਆਂ ਵਿਚ ਪਿਆਜ਼ ਦੀ 450-500 ਕਰੋੜ ਰੁਪਏ ਦੀ ਮੰਗ ਹੈ ਪਰ ਸੂਬੇ ਵਿਚ ਸਿਰਫ਼ 100 ਤੋਂ 125 ਕਰੋੜ ਰੁਪਏ ਦੇ ਪਿਆਜ਼ ਦੀ ਹੀ ਪੈਦਾਵਾਰ ਹੁੰਦੀ ਹੈ। ਬਾਕੀ ਖ਼ਰੀਦ ਮਹਾਰਾਸ਼ਟਰ, ਆਂਧਰ ਪ੍ਰਦੇਸ਼ ਤੇ ਦੂਜੇ ਸੂਬਿਆਂ ਤੋਂ ਕੀਤੀ ਜਾਂਦੀ ਹੈ। ਕਿਸਾਨਾਂ ਨੂੰ ਪਿਆਜ਼ ਦੇ ਉੱਤਮ ਬੀਜ ਦੀ ਉਪਲਬਧੀ ਤੇ ਪੌਦ ਸੁਰੱਖਿਆ ਤਕਨੀਕਾਂ ਦੀ ਜਾਣਕਾਰੀ ਦੀ ਘਾਟ ਇਸ ਦੀ ਘੱਟ ਪੈਦਾਵਾਰ ਦਾ ਮੁੱਖ ਕਾਰਨ ਹੈ। ਸੰਗਠਿਤ ਖੇਤਰ ਦੁਆਰਾ ਪਿਆਜ਼ ਦੇ ਬੀਜ ਦੀ ਕੇਵਲ 54 ਫ਼ੀਸਦੀ ਲੋੜ ਪੂਰੀ ਕੀਤੀ ਜਾ ਸਕਦਾ ਹੈ। ਬਾਕੀ ਰਹਿੰਦੀ ਲੋੜ ਕਿਸਾਨਾਂ ਦੁਆਰਾ ਆਪਣੇ ਤੌਰ 'ਤੇ ਬੀਜ ਪੈਦਾ ਕਰ ਕੇ ਪੂਰੀ ਕੀਤੀ ਜਾਂਦੀ ਹੈ। ਪੌਦ ਸੁਰੱਖਿਆ ਦੀ ਬਿਹਤਰ ਜਾਣਕਾਰੀ ਨਾਲ ਤਿਆਰ ਕੀਤਾ ਗਿਆ ਮਿਆਰੀ ਬੀਜ ਬਾਜ਼ਾਰੀ ਮੰਗ ਦੀ ਪੂਰਤੀ ਲਈ ਸਮੇਂ ਦੀ ਮੁੱਖ ਲੋੜ ਹੈ। ਪਿਆਜ਼ ਦੀ ਬੀਜ ਵਾਲੀ ਫ਼ਸਲ ਅਤੇ ਅਨੁਕੂਲ ਮੌਸਮ ਦੌਰਾਨ ਬਿਮਾਰੀਆਂ ਦਾ ਹਮਲਾ ਵਧੇਰੇ ਹੁੰਦਾ ਹੈ। ਆਓ, ਜਾਣਦੇ ਹਾਂ ਪਿਆਜ਼ ਦੇ ਬੀਜ ਦੀ ਪੈਦਾਵਾਰ 'ਤੇ ਮਾੜਾ ਅਸਰ ਪਾਉਣ ਵਾਲੀਆਂ ਕੁਝ ਮੁੱਖ ਬਿਮਾਰੀਆਂ ਬਾਰੇ :

### ਜਾਮਣੀ ਧੱਬਿਆਂ ਦਾ ਰੋਗ

ਇਹ ਇਕ ਉੱਲੀ ਨਾਲ ਰੋਗ ਹੈ, ਜੋ ਲਸਣ ਅਤੇ ਪਿਆਜ਼ ਦੋਵਾਂ ਫ਼ਸਲਾਂ 'ਤੇ ਹਮਲਾ ਕਰਦਾ ਹੈ। ਬੀਜ ਵਾਲੀ ਫ਼ਸਲ 'ਤੇ ਇਸ ਹਮਲਾ ਜ਼ਿਆਦਾ ਹੁੰਦਾ ਹੈ। ਆਮ ਤੌਰ 'ਤੇ ਇਹ ਬਿਮਾਰੀ ਫ਼ਸਲ ਦੇ ਕਿਸੇ ਵੀ ਹਿੱਸੇ 'ਤੇ ਆ ਸਕਦੀ ਹੈ ਪਰ ਫੁੱਲਾਂ ਵਾਲੀਆਂ ਟਹਿਣੀਆਂ 'ਤੇ ਇਸ ਦਾ ਹਮਲਾ ਵਧੇਰੇ ਨੁਕਸਾਨ ਕਰਦਾ ਹੈ। ਬਿਮਾਰੀ ਦੇ ਸ਼ੁਰੂਆਤੀ ਹਮਲੇ ਵੇਲੇ ਪੱਤਿਆਂ ਉੱਪਰ ਪਾਣੀ ਭਿੱਜੇ ਧੱਬੇ ਪੈ ਜਾਂਦੇ ਹਨ। ਜਿਵੇਂ-ਜਿਵੇਂ ਬਿਮਾਰੀ ਵਧਦੀ ਜਾਂਦੀ ਹੈ, ਧੱਬੇ ਅੰਡਾਕਾਰ ਤੇ ਫਿਰ ਅੱਖ ਦੀ ਸ਼ਕਲ ਵਰਗੇ ਹੋ ਕੇ ਜਾਮਣੀ ਰੰਗ ਦੇ ਹੋ ਜਾਂਦੇ ਹਨ। ਸਿੱਲ੍ਹੇ ਮੌਸਮ ਦੌਰਾਨ ਕੁਝ ਦਿਨਾਂ ਵਿਚ ਬਿਮਾਰੀ ਵਾਲੇ ਧੱਬਿਆਂ ਉੱਪਰ ਕਾਲੇ ਰੰਗ ਦੀ ਉੱਲੀ ਦੇ ਕਣ ਪੈਦਾ ਹੋ ਜਾਂਦੇ ਹਨ ਤੇ ਇਹ ਕਣ ਫੁੱਲਾਂ ਵਾਲੀਆਂ ਡੰਡੀਆਂ ਤਕ ਬਿਮਾਰੀ ਨੂੰ ਫੈਲਾ ਦਿੰਦੇ ਹਨ। ਫੁੱਲਾਂ ਵਾਲੀਆਂ ਟਹਿਣੀਆਂ ਭੂਰੀਆਂ ਜਾਂ ਪੀਲੀਆਂ ਪੈ ਜਾਂਦੀਆਂ ਹਨ ਤੇ ਬੀਜ ਬਣਨ ਤੋਂ ਪਹਿਲਾਂ ਹੀ ਮੁਰਝਾ ਜਾਂਦੀਆਂ ਹਨ। ਜੇ ਬੀਜ ਵਾਲੀਆਂ ਟਹਿਣੀਆਂ 'ਤੇ ਬਿਮਾਰੀ ਦਾ ਹਮਲਾ ਬੀਜ ਬਣਨ ਤੋਂ ਬਾਅਦ ਹੋਵੇ ਤਾਂ ਇਹ ਟਹਿਣੀਆਂ ਟੁੱਟ ਜਾਂਦੀਆਂ ਹਨ। ਬੀਜਾਂ ਵਾਲਾ ਫੁੱਲਾਂ ਦਾ ਗੁੱਛਾ ਬੂਟੇ ਤੋਂ ਵੱਖ ਹੋ ਜਾਂਦਾ ਹੈ ਅਤੇ ਬੀਜ ਬੇਜਾਨ ਤੇ ਸੁੰਗੜਿਆ ਹੋਇਆ ਪੈਦਾ ਹੁੰਦਾ ਹੈ। ਥਰਿੱਪ ਦਾ ਹਮਲਾ ਬਿਮਾਰੀ ਨੂੰ ਤੇਜ਼ੀ ਨਾਲ ਵਧਾਉਂਦਾ ਹੈ ਜਿਸ ਨਾਲ ਫ਼ਸਲ ਦਾ 80-85 ਫ਼ੀਸਦੀ ਤਕ ਨੁਕਸਾਨ ਹੋ ਸਕਦਾ ਹੈ। ਇਸ ਬਿਮਾਰੀ ਦੇ ਵਧਣ-ਫੁੱਲਣ ਲਈ 25-28 ਡਿਗਰੀ ਤਾਪਮਾਨ ਤੇ ਸਿੱਲ੍ਹਾ ਮੌਸਮ ਬਹੁਤ ਢੁੱਕਵਾਂ ਹੁੰਦਾ ਹੈ। ਇਸ ਬਿਮਾਰੀ ਦੇ ਕੀਟਾਣੂ ਬੀਜ ਵਿਚ ਚਲੇ ਜਾਂਦੇ ਹਨ ਤੇ ਬਿਮਾਰ ਬੀਜ ਜਲਦੀ ਮਰ ਜਾਂਦਾ ਹੈ।

### ਰੋਕਥਾਮ

ਇਨ੍ਹਾਂ ਬਿਮਾਰੀਆਂ ਤੋਂ ਬਚਣ ਲਈ ਬਿਮਾਰੀ ਰਹਿਤ ਬੀਜ ਤੇ ਗੰਢਿਆਂ ਦੀ ਵਰਤੋਂ ਕਰੋ। ਬਿਜਾਈ ਤੋਂ ਪਹਿਲਾਂ ਬੀਜ ਨੂੰ ਕੈਪਟਾਨ ਜਾਂ ਥੀਰਮ ਦਵਾਈ ਨਾਲ 3 ਗ੍ਰਾਮ ਪ੍ਰਤੀ ਕਿੱਲੋ ਬੀਜ ਦੇ ਹਿਸਾਬ ਨਾਲ ਸੋਧ ਲਵੋ। ਬਿਮਾਰੀ ਨਜ਼ਰ ਆਉਣ 'ਤੇ ਫ਼ਸਲ ਉੱਪਰ 600 ਗ੍ਰਾਮ ਇੰਡੋਫਿਲ ਐੱਮ-45 ਤੇ 200 ਮਿਲੀਲਿਟਰ ਟਰਾਈਟੋਨ ਜਾਂ ਅਲਸੀ ਦਾ ਤੇਲ 200 ਲਿਟਰ ਪਾਣੀ ਵਿਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। ਇਸ ਤੋਂ ਬਾਅਦ 10 ਦਿਨਾਂ ਦੇ ਵਕਫ਼ੇ 'ਤੇ 3 ਛਿੜਕਾਅ ਹੋਰ ਕਰੋ। ਜ਼ਿਕਰਯੋਗ ਹੈ ਕਿ ਪਿਆਜ਼ ਦੇ ਪੱਤੇ ਵੈਕਸੀ ਜਾਂ ਮੋਮੀ ਹੁੰਦੇ ਹਨ ਜਿਸ ਉੱਪਰ ਉੱਲੀਨਾਸ਼ਕ ਚੰਗੀ ਤਰ੍ਹਾਂ ਚਿਪਕਦੇ ਨਹੀਂ, ਇਸ ਲਈ ਇਨ੍ਹਾਂ ਉੱਲੀਨਾਸ਼ਕਾਂ ਵਿਚ ਟਰਾਈਟੋਨ ਜਾਂ ਅਲਸੀ ਦਾ ਤੇਲ ਮਿਲਾ ਕੇ ਛਿੜਕਾਅ ਕਰਨਾ ਚਾਹੀਦਾ ਹੈ ਤਾਂ ਜੋ ਇਨ੍ਹਾਂ ਬਿਮਾਰੀਆਂ ਉੱਪਰ ਚੰਗੀ ਤਰ੍ਹਾਂ ਕਾਬੂ ਪਾਇਆ ਜਾ ਸਕੇ। ਥਰਿੱਪ ਦੇ ਹਮਲੇ ਤੋਂ ਬਚਾਅ ਲਈ 250 ਮਿਲੀਲਿਟਰ ਮੈਲਾਥਿਓਨ 50 ਈਸੀ ਨੂੰ 80 ਲੀਟਰ ਪਾਣੀ ਵਿਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। •

### ਪੀਲੇ ਧੱਬਿਆਂ ਦਾ ਰੋਗ

ਇਹ ਇਕ ਉੱਲੀ ਰੋਗ ਹੈ। ਅਨੁਕੂਲ ਮੌਸਮ ਵਿਚ ਇਹ ਰੋਗ ਫ਼ਸਲ ਨੂੰ ਤੇਜ਼ੀ ਨਾਲ ਤਬਾਹ ਕਰ ਦਿੰਦਾ ਹੈ। ਇਹ ਬਿਮਾਰੀ ਧੌੜੀਆਂ ਵਿਚ ਸ਼ੁਰੂ ਹੁੰਦੀ ਹੈ ਤੇ ਸਿੱਲ੍ਹ ਵਾਲੇ ਮੌਸਮ 'ਚ ਇਸ ਦਾ ਵਾਧਾ ਜਿਆਦਾ ਹੁੰਦਾ ਹੈ। ਇਸ ਦੇ ਹਮਲੇ ਨਾਲ 30–45 ਦਿਨ ਵਿਚ ਹੀ ਫ਼ਸਲ ਨਸ਼ਟ ਹੋ ਜਾਂਦੀ ਹੈ। ਸਵੇਰ ਸਮੇਂ ਪੱਤਿਆਂ ਉੱਪਰ ਜਾਮਣੀ ਸਲੇਟੀ, ਮਖਮਲੀ ਉੱਲੀ ਦਿਖਾਈ ਦਿੰਦੀ ਹੈ। ਬਿਮਾਰੀ ਵਾਲੇ ਪੱਤੇ ਤੇਜ਼ੀ ਨਾਲ ਪੀਲੇ ਪੈ ਜਾਂਦੇ ਹਨ। ਇਹ ਪੀਲੇ ਧੱਬੇ ਅੰਡਾਕਾਰ ਹੁੰਦੇ ਹਨ ਤੇ ਇਨ੍ਹਾਂ ਉੱਪਰ ਜਾਮਣੀ ਧੱਬਿਆਂ ਦਾ ਰੋਗ ਅਤੇ ਸਟੈਮਫਿਲਿਅਮ ਬਲਾਈਟ ਦਾ ਵੀ ਹਮਲਾ ਹੋ ਜਾਂਦਾ ਹੈ। ਅੰਡਾਕਾਰ ਪੀਲੇ ਧੱਬੇ ਫੁੱਲਾਂ ਦੀਆਂ ਡੰਡੀਆਂ 'ਤੇ ਵੀ ਦਿਖਾਈ ਦਿੰਦੇ ਹਨ। ਇਨ੍ਹਾਂ ਧੱਬਿਆਂ 'ਤੇ ਜਾਮਣੀ ਰੰਗ ਦੀ ਉੱਲੀ ਵੀ ਦਿਖਾਈ ਦਿੰਦੀ ਹੈ। ਡੰਡੀਆਂ ਉੱਤੇ ਇਹ ਧੱਬੇ ਬਾਅਦ 'ਚ ਭੂਰੇ ਰੰਗ ਦੇ ਹੋ ਜਾਂਦੇ ਹਨ। ਬਿਮਾਰੀ ਵਾਲੀ ਫੁੱਲਾਂ ਦੀ ਡੰਡੀ ਕਮਜ਼ੋਰ ਹੋ ਕੇ ਟੁੱਟ ਜਾਂਦੀ ਹੈ ਤੇ ਫ਼ਸਲ ਸੜੀ ਹੋਈ ਨਜ਼ਰ ਆਉਂਦੀ ਹੈ।



### ਸਟੈਸਫਿਲਿਅਮ ਬਲਾਈਟ

ਇਸ ਬਿਮਾਰੀ ਨਾਲ ਪੱਤਿਆਂ ਉੱਪਰ ਪੀਲੇ ਭੂਰੇ ਪਾਣੀ ਭਿੱਜੇ ਲੰਬੂਤਰੇ ਧੱਬੇ ਪੈ ਜਾਂਦੇ ਹਨ, ਜੋ ਕਿ ਬਾਅਦ ਵਿਚ ਗੂੜ੍ਹੇ ਭੂਰੇ ਤੇ ਕਾਲੇ ਰੰਗ ਦੇ ਹੋ ਜਾਂਦੇ ਹਨ। ਇਹ ਧੱਬੇ ਆਪਸ 'ਚ ਮਿਲ ਕੇ ਪੱਤੇ ਨੂੰ ਸਾੜ ਦਿੰਦੇ ਹਨ। ਦੂਰੋਂ ਵੇਖਣ 'ਤੇ ਇਹ ਧੱਬੇ ਜਾਮਣੀ ਧੱਬਿਆਂ ਦੇ ਰੋਗ ਵਾਂਗ ਹੀ ਲਗਦੇ ਹਨ। ਇਹ ਬਿਮਾਰੀ ਜਿਆਦਾਤਰ ਪੱਤਿਆਂ 'ਤੇ ਹੀ ਸੀਮਿਤ ਰਹਿੰਦੀ ਹੈ। ਲੰਬੇ ਸਮੇਂ ਤਕ ਗਰਮ ਤੇ ਸਿਲ੍ਹਾ ਮੌਸਮ ਇਸ ਬਿਮਾਰੀ ਦੇ ਵਾਧੇ ਲਈ ਅਨੁਕੂਲ ਹੁੰਦਾ ਹੈ। ਥਰਿੱਪ ਦਾ ਹਮਲਾ ਵੀ ਇਸ ਦੇ ਹਮਲੇ 'ਚ ਵਾਧਾ ਕਰਦਾ ਹੈ।



---



# ਪਰਾਲੀ ਵਾਲੇ ਕਣਕ ਦੇ ਖੇਤਾਂ 'ਚ ਕੀੜਿਆਂ ਦੀਆਂ ਸਮੱਸਿਆਵਾਂ

• ਬੇਅੰਤ ਸਿੰਘ, ਕਮਲਜੀਤ ਸਿੰਘ ਸੂਰੀ
99880-95878

ਕਣਕ ਹਾੜੀ ਰੁੱਤ ਦੀ ਮੁੱਖ ਫ਼ਸਲ ਹੈ। ਲਗਪਗ 35 ਲੱਖ ਹੈਕਟੇਅਰ ਰਕਬੇ 'ਚ ਇਸ ਦੀ ਕਾਸ਼ਤ ਕੀਤੀ ਜਾਂਦੀ ਹੈ। ਝੋਨੇ ਦੀ ਕਟਾਈ ਤੇ ਕਣਕ ਦੀ ਬਿਜਾਈ ਦਰਮਿਆਨ ਘੱਟ ਵਕਫ਼ਾ ਹੋਣ ਕਰਕੇ, ਆਮ ਤੌਰ ਤੇ ਪਰਾਲੀ ਨੂੰ ਸਾੜ ਕੇ ਕਣਕ ਦੀ ਬਿਜਾਈ ਕੀਤੀ ਜਾਂਦੀ ਸੀ ਪਰ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਇਸ ਸਾਲ ਵੱਡੇ ਰਕਬੇ ਵਿਚ ਕਣਕ ਦੀ ਬਿਜਾਈ ਪਰਾਲੀ ਨੂੰ ਖੇਤ ਵਿਚ ਵਾਹ ਕੇ ਹੀ ਕੀਤੀ ਗਈ ਹੈ। ਭਾਵੇਂ ਕੁਝ ਕਿਸਾਨ ਬੀਤੇ 6-7 ਸਾਲ ਤੋਂ ਇਸ ਤਰੀਕੇ ਨਾਲ ਕਣਕ ਦੀ ਬਿਜਾਈ ਕਰ ਰਹੇ ਸਨ ਪਰ ਸਰਕਾਰ ਪਾਸੋਂ ਮਿਲੀ ਮਾਲੀ ਮਦਦ ਕਾਰਨ ਇਸ ਸਾਲ ਪਰਾਲੀ ਦੀ ਖੇਤ ਵਿਚ ਵਹਾਈ ਕਰ ਕੇ ਕਣਕ ਬੀਜਣ ਦੇ ਰਕਬੇ ਵਿਚ ਚੋਖਾ ਵਾਧਾ ਹੋਇਆ ਹੈ।

### ਕੀੜਿਆਂ ਦੀ ਰੋਕਥਾਮ

**ਸੈਨਿਕ ਸੁੰਡੀ** : ਇਹ ਕੀੜਾ ਕਈ ਫ਼ਸਲਾਂ ਦਾ ਨੁਕਸਾਨ ਕਰਦਾ ਹੈ। ਕਦੇ-ਕਦੇ ਮਾਰਚ-ਅਪ੍ਰੈਲ ਵਿਚ ਕਣਕ ਉੱਪਰ ਇਸ ਦਾ ਹਮਲਾ ਵੇਖਣ ਨੂੰ ਮਿਲਦਾ ਹੈ ਪਰ ਇਸ ਸਾਲ ਦਸੰਬਰ ਮਹੀਨੇ ਹੀ ਇਸ ਦਾ ਹਮਲਾ ਵੇਖਣ 'ਚ ਆਇਆ ਹੈ। ਇਸ ਦੀ ਨਵੀਂ ਜੰਮੀ ਸੁੰਡੀ ਪੱਤੇ ਖਾਂਦੀ ਹੈ ਤੇ ਵੱਡੀਆਂ ਸੁੰਡੀਆਂ ਪੱਤੇ, ਕਸੀਰ ਤੇ ਸਿੱਟਿਆਂ ਉੱਪਰ ਹਮਲਾ ਕਰਦੀਆਂ ਹਨ। ਇਹ ਸੁੰਡੀ ਦਿਨ ਸਮੇਂ ਝੋਨੇ ਦੇ ਮੁੱਢਾਂ ਤੇ ਜ਼ਮੀਨ ਦੀਆਂ ਤਰੇੜਾਂ ਵਿਚ ਲੁਕੀ ਰਹਿੰਦੀ ਹੈ ਤੇ ਸਵੇਰੇ-ਸ਼ਾਮ ਜਾਂ ਰਾਤ ਵੇਲੇ ਹਮਲਾ ਕਰਦੀ ਹੈ। ਇਸ ਦਾ ਹਮਲਾ ਬੂਟਿਆਂ ਹੇਠ ਪਈਆਂ ਇਸ ਦੀਆਂ ਮੀਂਗਣਾਂ ਤੇ ਸੁੰਡੀਆਂ ਰਾਹੀਂ ਪਛਾਣਿਆ ਜਾ ਸਕਦਾ ਹੈ। ਇਸ ਦੇ ਹਮਲੇ ਸਮੇਂ 400 ਮਿਲੀਲਿਟਰ ਏਕਾਲਕਸ 25 ਈਸੀ (ਕੁਇਨਲਫਾਸ) ਨੂੰ 100 ਲੀਟਰ ਪਾਣੀ ਵਿਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ। ਸੂਰਜ ਛਿਪਣ ਤੋਂ ਬਾਅਦ ਕੀਤੀ ਗਈ ਸਪਰੇ ਜ਼ਿਆਦਾ ਕਾਰਗਰ ਹੁੰਦੀ ਹੈ। ਜਿਨ੍ਹਾਂ ਖੇਤਾਂ ਵਿਚ ਪਰਾਲੀ ਜ਼ਿਆਦਾ ਹੋਵੇ, ਕੀਟਨਾਸ਼ਕ ਸਪਰੇਅ ਤੋਂ ਬਾਅਦ ਹੀ ਪਾਣੀ ਲਗਾਓ। ਇਸ ਕੀੜੇ ਦੇ ਪਤੰਗੇ ਦੀ ਆਮਦ ਜਾਨਣ ਲਈ ਲਾਈਟ ਟਰੈਪ ਦੀ ਵਰਤੋਂ ਕੀਤੀ ਜਾ ਸਕਦੀ ਹੈ।

**ਤਣੇ ਦੀ ਗੁਲਾਬੀ ਸੁੰਡੀ** : ਇਹ ਮੁੱਖ ਤੌਰ 'ਤੇ ਝੋਨੇ ਦਾ ਕੀੜਾ ਹੈ ਪਰ ਕੁਝ ਸਮੇਂ ਤੋਂ ਕਣਕ ਉੱਪਰ ਵੀ ਇਸ ਦਾ ਹਮਲਾ ਵੇਖਣ ਨੂੰ ਮਿਲ ਰਿਹਾ ਹੈ। ਇਸ ਤੋਂ ਇਲਾਵਾ ਇਹ ਕੀੜਾ ਮੱਕੀ ਅਤੇ ਕਮਾਦ ਉੱਪਰ ਵੀ ਹਮਲਾ ਕਰਦਾ ਹੈ। ਇਸ ਦਾ ਹਮਲਾ ਸਭ ਤੋਂ ਵੱਧ 40-50 ਦਿਨ ਦੀ ਕਣਕ ਦੀ ਫ਼ਸਲ ਉੱਪਰ ਵੇਖਣ ਨੂੰ ਮਿਲਦਾ ਹੈ। ਇਸ ਦੀਆਂ ਸੁੰਡੀਆਂ ਛੋਟੇ ਬੂਟਿਆਂ ਦੇ ਤਣਿਆਂ 'ਚ ਮੋਰੀਆਂ ਕਰ ਕੇ ਅੰਦਰ ਚਲੀਆਂ ਜਾਂਦੀਆਂ ਹਨ ਤੇ ਅੰਦਰੂਨੀ ਮਾਦਾ ਖਾਂਦੀਆਂ ਹਨ ਜਿਸ ਨਾਲ ਬੂਟੇ ਪੀਲੇ ਪੈ ਜਾਂਦੇ ਹਨ ਤੇ ਅਖ਼ੀਰ ਵਿਚ ਮਰ ਜਾਂਦੇ ਹਨ।

ਫ਼ਸਲ ਦੇ ਸਿੱਟੇ ਨਿਕਲਣ ਸਮੇਂ ਇਸ ਦੇ ਹਮਲੇ ਕਾਰਨ ਸਿੱਟੇ ਚਿੱਟੇ ਹੋ ਜਾਂਦੇ ਹਨ ਅਤੇ ਉਨ੍ਹਾਂ ਵਿਚ ਜਾਂ ਤਾਂ ਦਾਣੇ ਬਣਦੇ ਨਹੀਂ ਤੇ ਜੇ ਬਣਦੇ ਹਨ ਤਾਂ ਬਹੁਤ ਬਾਰੀਕ ਰਹਿ ਜਾਂਦੇ ਹਨ। ਇਸ ਦੀ ਰੋਕਥਾਮ ਲਈ 800 ਮਿਲੀਲਿਟਰ ਏਕਾਲਕਸ 25 ਈਸੀ (ਕੁਇਨਲਫਾਸ) ਨੂੰ 100 ਲਿਟਰ ਪਾਣੀ ਵਿਚ ਘੋਲ ਕੇ ਛਿੜਕਾਅ ਕਰੋ। ਜੇ ਹਮਲਾ ਧੋੜੀਆਂ ਵਿਚ ਹੋਵੇ ਤਾਂ ਏਕਾਲਕਸ 25 ਈਸੀ (ਕੁਇਨਲਫਾਸ) ਨੂੰ 8 ਮਿਲੀਲਿਟਰ ਪ੍ਰਤੀ ਲਿਟਰ ਪਾਣੀ ਵਰਤ ਕੇ ਧੋੜੀਆਂ ਵਿਚ ਛਿੜਕਾਅ ਕਰੋ। •

### ਗੁਲਾਬੀ ਸੁੰਡੀ ਤੇ ਸੈਨਿਕ ਸੁੰਡੀ ਦਾ ਹਮਲਾ

ਜਿਹੜੇ ਕਿਸਾਨ ਬੀਤੇ ਕਾਫ਼ੀ ਸਮੇਂ ਤੋਂ ਇਸ ਤਰੀਕੇ ਨਾਲ ਕਣਕ ਦੀ ਬਿਜਾਈ ਕਰ ਰਹੇ ਹਨ, ਉਹ ਇਸ ਨਾਲ ਜੁੜੀਆਂ ਕੀੜੇ-ਮਕੌੜਿਆਂ ਦੀ ਸਮੱਸਿਆ ਤੋਂ ਭਲੀ ਭਾਂਤੀ ਜਾਣੂੰ ਹਨ। ਇਸ ਤਕਨੀਕ ਨਾਲ ਨਵੇਂ ਜੁੜੇ ਕਿਸਾਨਾਂ ਲਈ ਇਨ੍ਹਾਂ ਸਮੱਸਿਆਵਾਂ ਨੂੰ ਜਾਨਣਾ ਬੇਹੱਦ ਜ਼ਰੂਰੀ ਹੈ। ਖੇਤੀ ਵਿਗਿਆਨੀਆਂ ਵੱਲੋਂ ਕੀਤੇ ਗਏ ਸਰਵੇਖਣਾਂ ਮੁਤਾਬਿਕ ਪਰਾਲੀ ਵਾਲੇ ਖੇਤਾਂ 'ਚ ਕਣਕ ਦੀ ਫ਼ਸਲ ਚੰਗੀ ਹਾਲਤ ਵਿਚ ਹੈ ਪਰ ਕੁਝ ਖੇਤਾਂ ਵਿਚ ਤਣੇ ਦੀ ਗੁਲਾਬੀ ਸੁੰਡੀ ਦੀ ਸਮੱਸਿਆ ਵੇਖਣ 'ਚ ਆਈ ਹੈ। ਇਸ ਤੋਂ ਇਲਾਵਾ ਪਟਿਆਲਾ ਤੇ ਕਪੂਰਥਲਾ ਵਿਖੇ ਕੁਝ ਖੇਤਾਂ 'ਚ ਸੈਨਿਕ ਸੁੰਡੀ ਵੀ ਵੇਖਣ ਨੂੰ ਮਿਲੀ। ਆਮ ਤੌਰ ਤੇ ਸੈਨਿਕ ਸੁੰਡੀ ਦਾ ਹਮਲਾ ਮਾਰਚ-ਅਪ੍ਰੈਲ 'ਚ ਹੁੰਦਾ ਹੈ ਪਰ ਇਸ ਸਾਲ ਪਹਿਲੀ ਵਾਰ ਇਸ ਸੁੰਡੀ ਦਾ ਹਮਲਾ ਦਸੰਬਰ ਮਹੀਨੇ ਵਿਚ ਵੇਖਣ ਨੂੰ ਮਿਲਿਆ ਹੈ। ਕਿਸਾਨ ਨੂੰ ਚਾਹੀਦਾ ਹੈ ਕਿ ਉਹ ਕੀੜੇਮਾਰ ਦਵਾਈਆਂ ਦੀ ਬੇਲੋੜੀ ਵਰਤੋਂ ਨਾ ਕਰਨ ਤੇ ਨਿਰੰਤਰ ਖੇਤਾਂ ਵਿਚ ਕੀੜੇ-ਮਕੌੜਿਆਂ ਦੀ ਆਮਦ ਸਬੰਧੀ ਜਾਇਜ਼ਾ ਲੈਂਦੇ ਰਹਿਣ ਤੇ ਹਮਲਾ ਹੋਣ 'ਤੇ ਹੀ ਕੀੜੇਮਾਰ ਦਵਾਈਆਂ ਦੀ ਵਰਤੋਂ ਕਰਨ।



---



ਰੂੜੀ ਦੀ ਖ਼ਾਦ 'ਚ ਮੌਜੂਦ ਕੁਦਰਤੀ ਤੱਤ ਜਿੱਥੇ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਂਦੇ ਹਨ ਉਥੇ ਰਸਾਇਣਕ ਖਾਦਾਂ 'ਤੇ ਹੋਣ ਵਾਲੇ ਖ਼ਰਚਿਆਂ ਦੀ ਬੱਚਤ ਵੀ ਹੁੰਦੀ ਹੈ...

# ਖੇਤੀ ਖ਼ਰਚੇ ਘਟਾਏ ਰੂੜੀ ਦੀ ਖਾਦ

• ਡਾ. ਨਰੇਸ਼ ਕੁਮਾਰ ਗੁਲਾਟੀ
97812-62255

ਫ਼ਸਲ ਦਾ ਵਧੇਰੇ ਝਾੜ ਲੈਣ ਲਈ ਅਸੀਂ ਰਸਾਇਣਕ ਖਾਦਾਂ ਦਾ ਵਰਤੋਂ ਤਾਂ ਕਰਦੇ ਹਾਂ ਪਰ ਇਹ ਗੱਲ ਵੀ ਬੜੀ ਅਹਿਮ ਹੈ ਕਿ ਰਸਾਇਣਾਂ ਦੀ ਵਧੇਰੇ ਵਰਤੋਂ ਕਾਰਨ ਖੇਤੀ ਖ਼ਰਚਿਆਂ 'ਚ ਵਾਧਾ ਹੁੰਦਾ ਹੈ ਅਤੇ ਨਾਲ ਹੀ ਵਾਤਾਵਰਨ ਪ੍ਰਦੂਸਣ ਵਧਦਾ ਹੈ ਤੇ ਉਪਜ ਦੇ ਮਿਆਰ ਵਿਚ ਵੀ ਗਿਰਾਵਟ ਆਉਂਦੀ ਹੈ। ਪੰਜਾਬ ਵਿਚ ਇਸ ਸਮੇਂ ਪ੍ਰਤੀ ਹੈਕਟੇਅਰ 243 ਕਿੱਲੋ ਰਸਾਇਣਕ ਖਾਦਾਂ ਇਸਤੇਮਾਲ ਕੀਤੀਆਂ ਜਾਂਦੀਆਂ ਹਨ ਤੇ ਇਹ ਦਰ ਦੇਸ਼ ਵਿਚ ਸਭ ਤੋਂ ਜ਼ਿਆਦਾ ਹੈ।

### ਫ਼ਸਲਾਂ ਲਈ ਲੋੜੀਂਦੇ 17 ਖ਼ੁਰਾਕੀ ਤੱਤ

ਵਧ ਰਹੀ ਆਬਾਦੀ ਤੇ ਵਧੇਰੇ ਝਾੜ ਲੈਣ ਲਈ ਭਾਵੇਂ ਸਾਨੂੰ ਰਸਾਇਣਕ ਖਾਦਾਂ ਦੀ ਵਰਤੋਂ ਕਰਨੀ ਪੈਂਦੀ ਹੈ ਪਰ ਇਨ੍ਹਾਂ ਵਰਤੋਂ ਮਿੱਟੀ ਪਰਖ ਦੇ ਆਧਾਰ 'ਤੇ ਕੀਤੀ ਜਾਣੀ ਹੀ ਸਹੀ ਹੈ। ਫ਼ਸਲਾਂ ਲਈ ਖ਼ੁਰਾਕੀ ਤੱਤਾਂ ਦੀ ਲੋੜ ਅਨੁਸਾਰ ਪੂਰਤੀ ਲਈ ਅੱਜ ਕੱਲ੍ਹ ਸਰਵਪੱਖੀ ਖ਼ੁਰਾਕੀ ਤੱਤਾਂ ਦੇ ਪ੍ਰਬੰਧ ਉੱਪਰ ਜ਼ੋਰ ਦਿੱਤਾ ਜਾ ਰਿਹਾ ਹੈ। ਮਾਹਿਰਾਂ ਅਨੁਸਾਰ ਫ਼ਸਲ ਦੇ ਸਹੀ ਵਾਧੇ ਲਈ ਬੂਟਿਆਂ ਨੂੰ ਕਰੀਬ 17 ਖ਼ੁਰਾਕੀ ਤੱਤਾਂ ਦੀ ਲੋੜ ਹੁੰਦੀ ਹੈ। ਇਨ੍ਹਾਂ ਤੱਤਾਂ ਦੀ ਪੂਰਤੀ ਲਈ ਰਸਾਇਣਕ ਖਾਦਾਂ ਰਾਹੀਂ ਅਸੀਂ ਨਾਈਟ੍ਰੋਜਨ, ਫਾਸਫੋਰਸ ਜਾਂ ਪੋਟਾਸ਼ ਦੀ ਵਰਤੋ ਤਾਂ ਕਰਦੇ ਹਾਂ ਪਰ ਦੂਸਰੇ ਅਹਿਮ ਤੱਤਾਂ ਦੀ ਪੂਰਤੀ ਵੱਲ ਅਸੀਂ ਵਧੇਰੇ ਧਿਆਨ ਨਹੀ ਦਿੰਦੇ, ਨਤੀਜੇ ਵਜੋਂ ਕਈ ਵਾਰ ਬਿਮਾਰੀ ਦੇ ਹਮਲੇ ਤੇ ਖ਼ੁਰਾਕੀ ਤੱਤਾਂ ਦੀ ਘਾਟ ਕਾਰਨ ਝਾੜ 'ਚ ਕਮੀ ਆ ਜਾਂਦੀ ਹੈ।

### ਰੂੜੀ ਦੀ ਖ਼ਾਦ ਤਿਆਰ ਕਰਨਾ

ਰੂੜੀ ਦੀ ਖਾਦ ਨੂੰ ਬਣਾਉਣ ਲਈ ਟੋਇਆ ਦੀ ਵਰਤੋਂ ਕਰੋ। ਤਿੰਨ ਤੋਂ ਪੰਜ ਪਸ਼ੂਆਂ ਦੇ ਮਲ-ਮੂਤਰ ਲਈ 6-7 ਮੀਟਰ ਲੰਬਾ, ਇਕ ਤੋਂ ਡੇਢ ਮੀਟਰ ਚੌੜਾ ਤੇ ਇਕ ਮੀਟਰ ਡੂੰਘਾ ਟੋਇਆ ਕਾਫ਼ੀ ਹੈ। ਟੋਏ ਦਾ ਆਕਾਰ ਗੋਹੇ ਦੀ ਉਪਲਬਧਤਾ ਅਨੁਸਾਰ ਘੱਟ-ਵੱਧ ਵੀ ਕੀਤਾ ਸਕਦਾ ਹੈ। ਟੋਏ ਨੂੰ ਗੋਬਰ, ਮਲ-ਮੂਤਰ, ਘਾਹ-ਫੂਸ, ਪੱਤਿਆ ਆਦਿ ਨਾਲ ਭਰ ਕੇ ਜ਼ਮੀਨ ਦੇ ਪੱਧਰ ਤੋਂ ਡੇਢ-ਦੋ ਫੁੱਟ ਉੱਚਾ ਹੋ ਜਾਣ 'ਤੇ ਇਸ ਉੱਪਰ ਗੋਹੇ ਤੇ ਮਿੱਟੀ ਦਾ ਪਤਲਾ ਲੇਪ ਕਰ ਦੇਵੋ। 3-4 ਮਹੀਨੇ ਵਿਚ ਟੋਏ ਵਿਚਲੇ ਪਦਾਰਥ ਬਿਹਤਰੀਨ ਰੂੜੀ ਖਾਦ ਦਾ ਰੂਪ ਲੈ ਲੈਂਦੇ ਹਨ। ਇਕ ਟੋਏ ਤੋ 5 ਤੋਂ 6 ਟਨ ਰੂੜੀ ਖਾਦ ਤਿਆਰ ਹੁੰਦੀ ਹੈ। ਰੂੜੀ ਖਾਦ ਤਿਆਰ ਕਰਨ ਦੇ ਇਹ ਹੋਰ ਤਰੀਕੇ ਰਾਹੀਂ ਜ਼ਮੀਨ ਦੇ ਉੱਪਰ 10 ਫੁੱਟ×6 ਫੁੱਟ×3 ਫੁੱਟ ਦਾ ਟੋਇਆ 9 ਇੰਚ ਮੋਟੀ ਦੀਵਾਰ ਬਣਾ ਕੇ ਤਿਆਰ ਕੀਤਾ ਜਾਂਦਾ ਹੈ। ਇਸ ਦੀਆਂ ਦੀਵਾਰਾਂ ਵਿਚ ਹਵਾ ਦੇ ਸੰਚਾਰ ਵਾਸਤੇ 7 ਇੰਚ ਦੀਆਂ ਮੋਰੀਆਂ ਰੱਖੀਆਂ ਜਾਂਦੀਆਂ ਹਨ। ਇਸ ਨਾਲ ਹਵਾ ਉਸਾਰੇ ਗਏ ਢਾਂਚੇ ਦੇ ਅੰਦਰ ਜਾਂਦੀ ਰਹਿੰਦੀ ਹੈ ਅਤੇ ਕਾਫ਼ੀ ਘੱਟ ਸਮੇਂ ਵਿਚ ਰੂੜੀ ਦੀ ਖਾਦ ਤਿਆਰ ਕੀਤੀ ਜਾ ਸਕਦੀ ਹੈ।

### ਰੂੜੀ ਦੀ ਖ਼ਾਦ ਦੇ ਹੋਰ ਬਦਲ

ਇਕ ਸਹਿਤਮੰਦ ਪਸ਼ੂ ਸਾਲ ਵਿਚ 40 ਕਿੱਲੋਮ ਨਾਈਟ੍ਰੋਜਨ, 31-35 ਕਿੱਲੋ ਪੋਟਾਸ਼ ਤੇ ਹੋਰ ਤੱਤ ਗੋਹੇ ਤੇ ਮਲ-ਮੂਤਰ ਰਾਹੀਂ ਸਰੀਰ 'ਚੋਂ ਖਾਰਜ ਕਰਦਾ ਹੈ। ਇਸ ਤੋ ਇਲਾਵਾ ਪੋਲਟਰੀ ਫਾਰਮ, ਪ੍ਰੈੱਸ-ਮਡ, ਕੰਮਪੋਸਟ ਆਦਿ ਦਾ ਇਸਤੇਮਾਲ ਕਰ ਕੇ ਵੀ ਰੂੜੀ ਦੀ ਖਾਦ ਤਿਆਰ ਕੀਤੀ ਜਾ ਸਕਦੀ ਹੈ। ਪਸ਼ੂਆਂ ਦੀ ਗਿਣਤੀ ਅਨੁਸਾਰ 2 ਤੋਂ 3 ਟੋਏ ਪੁੱਟਣ ਦੀ ਸਲਾਹ ਦਿੱਤੀ ਜਾਂਦੀ ਹੈ ਤਾਂ ਜੋ ਰੂੜੀ ਖਾਦ ਦੀ ਪੂਰਤੀ ਨਿਰਵਿਘਨ ਜਾਰੀ ਰੱਖੀ ਜਾ ਸਕੇ। ਅੱਜ ਕੱਲ੍ਹ ਗੰਡੋਇਆਂ ਰਾਹੀਂ ਵੀ ਰੂੜੀ ਦੀ ਖਾਦ ਤਿਆਰ ਕੀਤੀ ਜਾ ਰਹੀ ਹੈ। ਇਹ ਖਾਦ ਜਲਦੀ ਤਿਆਰ ਹੁੰਦੀ ਹੈ ਤੇ ਇਸ ਦੀ ਵਿਕਰੀ ਸਹਾਇਕ ਕਿੱਤੇ ਦਾ ਰੂਪ ਵੀ ਅਖ਼ਤਿਆਰ ਕਰ ਰਹੀ ਹੈ। ਬਹੁਤ ਸਾਰੇ ਨੌਜਵਾਨ ਵਰਮੀਕੰਪੋਸਟ ਤੇ ਗਡੋਇਆਂ ਆਦਿ ਦੀ ਵਿਕਰੀ ਕਰ ਕੇ ਚੰਗਾ ਲਾਭ ਕਮਾ ਰਹੇ ਹਨ।



### ਸਰਵਪੱਖੀ ਤੱਤ ਪ੍ਰਬੰਧ

ਖੇਤੀ ਮਾਹਿਰਾਂ ਦਾ ਮੰਨਣਾ ਹੈ ਕਿ ਇਸ ਸੱਮਸਿਆ ਦੇ ਹੱਲ ਲਈ ਫ਼ਸਲਾਂ ਨੂੰ ਖਾਦਾਂ ਦੀ ਵਰਤੋਂ ਸਰਵਪੱਖੀ ਤੱਤਾਂ ਦੇ ਪ੍ਰਬੰਧ ਦੇ ਆਧਾਰ 'ਤੇ ਕੀਤੀ ਜਾਵੇ। ਇਸ ਫਾਰਮੂਲੇ ਵਿਚ ਰੂੜੀ ਦੀਆਂ ਖਾਦਾਂ ਦਾ ਇਸਤੇਮਾਲ ਅਹਿਮ ਹੈ। ਪਸ਼ੂਆਂ ਦੇ ਗੋਬਰ ਤੇ ਮਲ-ਮੂਤਰ ਵਿਚ ਕੁਦਰਤੀ ਤੌਰ 'ਤੇ ਫ਼ਸਲਾਂ ਦੇ ਵਾਧੇ ਲਈ ਲੋੜੀਂਦੇ ਕਰੀਬ ਸਾਰੇ ਖ਼ੁਰਾਕੀ ਤੱਤ ਹੁੰਦੇ ਹਨ। ਪਿੰਡਾਂ ਵਿਚ ਜ਼ਿਆਦਾਤਰ ਕਿਸਾਨਾਂ ਕੋਲ ਪਸ਼ੂ ਤਾਂ ਹਨ ਪਰ ਅਸੀਂ ਪਸ਼ੂਆਂ ਦੇ ਗੋਬਰ ਨੂੰ ਜਾਇਆ ਕਰ ਦਿੰਦੇ ਹਾਂ। ਗੋਬਰ ਦੀ ਵਰਤੋਂ ਜੇ ਰੂੜੀ ਖਾਦ ਲਈ ਕੀਤੀ ਜਾਵੇ ਤਾਂ ਵਾਧੂ ਖੇਤੀ ਖ਼ਰਚਿਆਂ ਉੱਪਰ ਰੋਕ ਦੇ ਨਾਲ-ਨਾਲ ਕਈ ਅਹਿਮ ਫ਼ਾਇਦੇ ਹੋ ਸਕਦੇ ਹਨ। ਰੂੜੀ ਖ਼ਾਦ ਦੇ ਗੁਣਾਂ ਦੇ ਆਧਾਰ 'ਤੇ ਹੀ ਮਾਹਿਰ ਇਸ ਨੂੰ 'ਕਾਲਾ ਸੋਨਾ' ਆਖਦੇ ਹਨ।

### ਦੇਸੀ ਖਾਦ ਦੇ ਫ਼ਾਇਦੇ

- ਰੂੜੀ ਦੀ ਖਾਦ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਦੀ ਹੈ ਅਤੇ ਜਮੀਨ ਦੀ ਭੌਤਿਕ, ਰਸਾਇਣਿਕ ਤੇ ਜੈਵਿਕ ਸ਼ਕਤੀ 'ਚ ਸੁਧਾਰ ਕਰਦੀ ਹੈ।
- ਰੂੜੀ ਦੀ ਖਾਦ ਦੀ ਵਰਤੋ ਨਾਲ ਪਾਣੀ ਨੂੰ ਸੰਭਾਲਣ ਦੀ ਜ਼ਮੀਨ ਦੀ ਸ਼ਕਤੀ 'ਚ ਸੁਧਾਰ ਹੁੰਦਾ ਹੈ।
- ਇਹ ਜ਼ਮੀਨ ਦੀ ਭੋਇੰ-ਖੋਰ ਨੂੰ ਰੋਕਦੀ ਹੈ।
- ਚੰਗੀ ਤਰ੍ਹਾਂ ਗਲੀ-ਸੜੀ ਰੂੜੀ ਵਿਚ 1.2 ਤੋ 2 ਫ਼ੀਸਦੀ ਨਾਈਟ੍ਰੋਜਨ, 0.5 ਤੋ 0.7 ਫ਼ੀਸਦੀ ਫਾਸਫੋਰਸ ਤੇ 1.2 ਤੋ 2.6 ਫ਼ੀਸਦੀ ਪੋਟਾਸ਼ ਤੱਤ ਦਾ ਹੈ। ਇਸ ਤੋ ਇਲਾਵਾ ਰੂੜੀ ਵਿਚ 0.2 ਤੋ 3.8 ਫ਼ੀਸਦੀ ਕੈਲਸ਼ੀਅਮ, 0.2 ਤੋ 0.7 ਫ਼ੀਸਦੀ ਮੈਗਨੀਸ਼ੀਅਮ ਤੇ 0.3 ਤੋ 0.5 ਫ਼ੀਸਦੀ ਗੰਧਕ ਤੱਤ ਵੀ ਹੁੰਦਾ ਹੈ। ਇਸ ਤੋਂ ਇਲਾਵਾ ਰੂੜੀ ਦੀ ਖਾਦ ਵਿਚ ਕਰੀਬ 100 ਮਿਲੀਗ੍ਰਾਮ ਪ੍ਰਤੀ ਕਿੱਲੋ ਜ਼ਿੰਕ, 200 ਤੋ 3500 ਮਿਲੀਗ੍ਰਾਮ ਪ੍ਰਤੀ ਕਿੱਲੋ ਲੋਹਾ, 100-300 ਮਿਲੀਗ੍ਰਾਮ ਪ੍ਰਤੀ ਕਿੱਲੋ ਮੈਂਗਨੀਜ, ਬੋਰੋਨ, ਮੋਲੀਬਡੀਨਮ, ਤਾਂਬਾ ਆਦਿ ਤੱਤ ਵੀ ਹੁੰਦੇ ਹਨ।
- ਰੂੜੀ ਵਿਚ ਵਧੇਰੇ ਜੈਵਿਕ ਕਾਰਬਨ ਹੋਣ ਕਾਰਨ ਇਹ ਜ਼ਮੀਨ ਵਿਚ ਸੂਖ਼ਮ ਜੀਵਾਂ ਦੇ ਵਾਧੇ 'ਚ ਸਹਾਈ ਹੁੰਦੀ ਹੈ ਤੇ ਇਸ ਨਾਲ ਜ਼ਮੀਨ ਵਿਚ ਨਾ ਉਪਲਬਧ ਖ਼ੁਰਾਕੀ ਤੱਤ ਸੌਖਿਆਂ ਹੀ ਉਪਲਬਧ ਹੋ ਜਾਂਦੇ ਹਨ।
- ਰੂੜੀ 'ਚ ਮੌਜੂਦ ਖ਼ੁਰਾਕੀ ਤੱਤ ਹੌਲੀ-ਹੌਲੀ ਫ਼ਸਲਾਂ ਨੂੰ ਉਪਲਬਧ ਹੁੰਦੇ ਹਨ, ਜਿਸ ਨਾਲ ਲੰਬੇ ਸਮੇਂ ਤਕ ਫ਼ਸਲਾਂ ਨੂੰ ਖ਼ੁਰਾਕ ਮਿਲਦੀ ਰਹਿੰਦੀ ਹੈ। ਮਾਹਿਰਾਂ ਅਨੁਸਾਰ 6 ਟਨ ਪ੍ਰਤੀ ਏਕੜ ਰੂੜੀ ਖਾਦ ਵਰਤਣ ਨਾਲ ਝੋਨੇ ਤੇ ਮੱਕੀ ਵਿਚ 16 ਕਿੱਲੋ ਤੇ ਕਣਕ ਵਿਚ 12 ਕਿਲੋ ਨਾਈਟ੍ਰੋਜਨ ਅਤੇ 6 ਕਿੱਲੋ ਫਾਸਫੋਰਸ ਦੀ ਵਰਤੋਂ ਸਿੱਧੇ ਤੌਰ 'ਤੇ ਘਟਾਈ ਜਾ ਸਕਦੀ ਹੈ। •

# ਔਸਕਰ 2026 'ਚ ਧਰਮਿੰਦਰ ਨੂੰ ਨਹੀਂ ਦਿੱਤੀ ਗਈ ਸ਼ਰਧਾਂਜਲੀ




ਲੌਸ ਐਂਜਲਸ: ਅਮਰੀਕਾ ਦੇ ਲੌਸ ਐਂਜਲਸ 'ਚ ਹੋਏ ਔਸਕਰ ਐਵਾਰਡਜ਼ 2026 ਦੌਰਾਨ ਇੱਕ ਵੱਡਾ ਵਿਵਾਦ ਖੜ੍ਹਾ ਹੋ ਗਿਆ। ਸਿਨੇਮਾ ਜਗਤ ਦੇ ਇਸ ਸਭ ਤੋਂ ਵੱਡੇ ਮੰਚ 'ਤੇ ਬੌਲੀਵੁਡ ਦੇ ਹੀ-ਮੈਨ ਵਜੋਂ ਜਾਣੇ ਜਾਂਦੇ ਦਿੱਗਜ਼ ਅਦਾਕਾਰ ਧਰਮਿੰਦਰ ਨੂੰ ਸ਼ਰਧਾਂਜਲੀ ਨਹੀਂ ਦਿੱਤੀ ਗਈ ਜਿਸ ਕਾਰਨ ਭਾਰਤੀ ਸਿਨੇਮਾ ਪ੍ਰੇਮੀ ਬੇਹੱਦ ਨਾਰਾਜ਼ ਹਨ। ਸਾਲ 2025 'ਚ ਧਰਮਿੰਦਰ ਦਾ ਦਿਹਾਂਤ ਹੋ ਗਿਆ ਸੀ, ਜੋ ਭਾਰਤੀ ਫ਼ਿਲਮ ਇੰਡਸਟਰੀ ਲਈ ਇੱਕ ਵੱਡਾ ਘਾਟਾ ਸੀ। ਔਸਕਰ ਦੇ ਇਨ ਮੈਮੋਰੀਅਮ ਸੈਗਮੈਂਟ 'ਚ ਦੁਨੀਆਂ ਭਰ ਦੇ ਉਨ੍ਹਾਂ ਕਲਾਕਾਰਾਂ ਨੂੰ ਸ਼ਰਧਾਂਜਲੀ ਦਿੱਤੀ ਜਾਂਦੀ ਹੈ ਜੋ ਪਿਛਲੇ ਸਾਲ ਦੁਨੀਆਂ ਨੂੰ ਅਲਵਿਦਾ ਕਹਿ ਗਏ ਹੋਣ। ਹਾਲਾਂਕਿ ਇਸ ਸਾਲ ਇਸ ਲਿਸਟ 'ਚ ਕਿਸੇ ਵੀ ਭਾਰਤੀ ਕਲਾਕਾਰ ਦਾ ਜ਼ਿਕਰ ਨਹੀਂ ਕੀਤਾ ਗਿਆ, ਅਤੇ ਸਿਰਫ਼ ਹੌਲੀਵੁਡ ਕਲਾਕਾਰਾਂ ਨੂੰ ਹੀ ਯਾਦ ਕੀਤਾ ਗਿਆ।

ਸੋਸ਼ਲ ਮੀਡੀਆ 'ਤੇ ਪ੍ਰਸ਼ੰਸਕਾਂ ਨੇ ਆਪਣਾ ਗੁੱਸਾ ਜ਼ਾਹਿਰ ਕਰਦਿਆਂ ਕਿਹਾ ਕਿ ਧਰਮਿੰਦਰ ਵਰਗੇ ਮਹਾਨ ਅਦਾਕਾਰ, ਜਿਨ੍ਹਾਂ ਨੇ ਆਪਣੀ ਪੂਰੀ ਜ਼ਿੰਦਗੀ ਸਿਨੇਮਾ ਦੇ ਲੇਖੇ ਲਾ ਦਿੱਤੀ, ਨੂੰ ਨਜ਼ਰਅੰਦਾਜ਼ ਕਰਨਾ ਮੰਦਭਾਗਾ ਹੈ। ਪ੍ਰਸ਼ੰਸਕਾਂ ਨੇ ਸਵਾਲ ਉਠਾਇਆ ਕਿ ਜੇਕਰ ਸਾਡੇ ਆਈਕੌਨਜ਼ ਨੂੰ ਮਾਨਤਾ ਨਹੀਂ ਮਿਲਣੀ ਤਾਂ ਇਸ ਸ਼ੋਅ ਦੀ ਇੰਨੀ ਹਾਈਪ ਕਿਉਂ ਹੈ? ਇੱਕ ਯੂਜ਼ਰ ਨੇ ਲਿਖਿਆ ਕਿ ਇਹ ਸਿਰਫ਼ ਹੌਲੀਵੁਡ ਦਾ ਸ਼ੋਅ ਹੈ, ਅਸਲ 'ਚ ਅੰਤਰਰਾਸ਼ਟਰੀ ਨਹੀਂ। **ਪਹਿਲਾਂ ਮਿਲ ਚੁੱਕਾ ਹੈ ਭਾਰਤੀ ਸਿਤਾਰਿਆਂ ਨੂੰ ਸਨਮਾਨ:** ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਔਸਕਰ 'ਚ ਸ਼੍ਰੀਦੇਵੀ, ਇਰਫ਼ਾਨ ਖ਼ਾਨ ਅਤੇ ਸ਼ਸ਼ੀ ਕਪੂਰ ਵਰਗੇ ਭਾਰਤੀ ਕਲਾਕਾਰਾਂ ਨੂੰ ਸ਼ਰਧਾਂਜਲੀ ਦਿੱਤੀ ਜਾ ਚੁੱਕੀ ਹੈ। ਧਰਮਿੰਦਰ ਨੂੰ ਇਸ ਤੋਂ ਪਹਿਲਾਂ ਹੋਰਨਾਂ ਐਵਾਰਡਜ਼ 'ਚ ਸਿਨੇਮਾ 'ਚ ਉਨ੍ਹਾਂ ਦੇ ਯੋਗਦਾਨ ਲਈ ਸਲਾਮੀ ਦਿੱਤੀ ਗਈ ਸੀ ਜਿਸ ਕਾਰਨ ਔਸਕਰ 'ਚ ਉਨ੍ਹਾਂ ਦਾ ਜ਼ਿਕਰ ਨਾ ਹੋਣਾ ਸਭ ਲਈ ਹੈਰਾਨੀਜਨਕ ਰਿਹਾ। ਹਾਲਾਂਕਿ ਮੁੱਖ ਸਮਾਰੋਹ ਦੀ ਵੀਡੀਓ 'ਚ ਧਰਮਿੰਦਰ ਦਾ ਨਾਮ ਨਹੀਂ ਸੀ, ਪਰ ਅਕੈਡਮੀ ਨੇ ਆਪਣੀ ਵੈੱਬਸਾਈਟ 'ਤੇ ਉਨ੍ਹਾਂ ਨੂੰ ਯਾਦ ਕੀਤਾ। ਧਰਮਿੰਦਰ ਤੋਂ ਇਲਾਵਾ ਭਾਰਤ ਕੁਮਾਰ ਵਜੋਂ ਮਸ਼ਹੂਰ ਮਨੋਜ ਕੁਮਾਰ, ਬੀ. ਸਰੋਜਾ ਦੇਵੀ ਅਤੇ ਕੋਟਾ ਸ਼੍ਰੀਨਿਵਾਸ ਰਾਓ ਦੇ ਨਾਮ ਵੀ ਅਕੈਡਮੀ ਦੀ ਵੈੱਬਸਾਈਟ ਦੀ ਸ਼ਰਧਾਂਜਲੀ ਸੂਚੀ 'ਚ ਸ਼ਾਮਿਲ ਹਨ।

# ਕੈਨੇਡਾ ਜਾਣ ਵਾਲੇ ਪੰਜਾਬੀਆਂ ਲਈ ਈਰਾਨ ਦੀ ਜੰਗ ਬਣੀ ਜੰਜਾਲ

ਟੋਰੌਂਟੋ: ਮਿਡਲ ਈਸਟ 'ਚ ਚੱਲ ਰਹੀ ਈਰਾਨ-ਇਜ਼ਰਾਇਲ ਜੰਗ ਦਾ ਪ੍ਰਭਾਵ ਅੰਤਰਰਾਸ਼ਟਰੀ ਪੱਧਰ 'ਤੇ ਪੈ ਰਿਹਾ ਹੈ। ਹੁਣ ਪੰਜਾਬ 'ਚ ਵੀ ਇਸ ਦਾ ਅਸਰ ਮਹਿਸੂਸ ਕੀਤਾ ਜਾ ਰਿਹਾ ਹੈ। ਖ਼ਾਸ ਕਰ ਕੇ ਕੈਨੇਡਾ ਆਉਣ ਵਾਲੇ ਵਿਦਿਆਰਥੀਆਂ, ਵਰਕ ਪਰਮਿਟ ਧਾਰਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕਾਫ਼ੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਰਾ ਹੈ। ਹਰ ਸਾਲ ਪੰਜਾਬ ਦੇ ਦੋਆਬਾ ਖੇਤਰ ਦੇ ਜਲੰਧਰ, ਕਪੂਰਥਲਾ, ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਤੋਂ ਵੱਡੀ ਗਿਣਤੀ 'ਚ ਨੌਜਵਾਨ ਪੜ੍ਹਾਈ ਅਤੇ ਨੌਕਰੀਆਂ ਲਈ ਕੈਨੇਡਾ ਆਉਂਦੇ ਹਨ, ਪਰ ਮੌਜੂਦਾ ਹਾਲਾ 'ਚ ਉਨ੍ਹਾਂ ਦਾ ਸਫ਼ਰ ਪਹਿਲਾਂ ਨਾਲੋਂ ਮਹਿੰਗਾ ਅਤੇ ਲੰਬਾ ਹੋ ਗਿਆ ਹੈ।




ਮਾਹਿਰਾਂ ਦਾ ਕਹਿਣਾ ਹੈ ਕਿ ਇਸ ਦਾ ਅਸਰ ਪੰਜਾਬ ਭਰ ਦੇ ਉਨ੍ਹਾਂ ਪਰਿਵਾਰਾਂ 'ਤੇ ਪੈ ਰਿਹਾ ਹੈ ਜਿਨ੍ਹਾਂ ਦੇ ਬੱਚੇ ਪੜ੍ਹਾਈ ਜਾਂ ਕੰਮ ਲਈ ਕੈਨੇਡਾ ਆਉਂਦੇ ਹਨ। 28 ਫ਼ਰਵਰੀ 2026 ਤੋਂ ਮਿਡਲ ਈਸਟ 'ਚ ਵਧੇ ਤਨਾਅ ਨੇ ਵਿਸ਼ਵ ਹਵਾਬਾਜ਼ੀ ਖੇਤਰ ਨੂੰ ਵੀ ਪ੍ਰਭਾਵਿਤ ਕੀਤਾ ਹੈ। ਹੁਣ ਤਕ ਲਗਭਗ 46 ਹਜ਼ਾਰ ਉਡਾਣਾਂ ਪ੍ਰਭਾਵਿਤ ਹੋਈਆਂ ਹਨ। ਸੁਰੱਖਿਆ ਚਿੰਤਾਵਾਂ ਦੇ ਕਾਰਨ, ਈਰਾਨ, ਇਰਾਕ, ਕੁਵੈਤ, ਕਤਰ, ਬਹਿਰੀਨ ਅਤੇ ਸੰਯੁਕਤ ਅਰਬ ਅਮੀਰਾਤ ਨੇ ਆਪਣੇ ਹਵਾਈ ਖੇਤਰ 'ਚ ਕਈ ਤਰ੍ਹਾਂ ਦੀਆਂ ਪਾਬੰਦੀਆਂ ਲਗਾਈਆਂ ਹਨ ਜਾਂ ਨਿਗਰਾਨੀ ਵਧਾ ਦਿੱਤੀ ਹੈ। ਇਸ ਨਾਲ ਅੰਤਰਰਾਸ਼ਟਰੀ ਉਡਾਣ ਰੂਟ ਪ੍ਰਭਾਵਿਤ ਹੋਏ ਹਨ, ਅਤੇ ਬਹੁਤ ਸਾਰੀਆਂ ਏਅਰਲਾਈਨਾਂ ਨੂੰ ਆਪਣੇ ਰੂਟ ਬਦਲਣੇ ਪਏ ਹਨ।

ਪੰਜਾਬ ਤੋਂ ਕੈਨੇਡਾ ਆਉਣ ਵਾਲੇ ਜ਼ਿਆਦਾਤਰ ਯਾਤਰੀ ਪਹਿਲਾਂ ਖਾੜੀ ਦੇਸ਼ਾਂ ਦੇ ਪ੍ਰਮੁੱਖ ਆਵਾਜਾਈ ਕੇਂਦਰ ਦੁਬਈ, ਦੋਹਾ ਅਤੇ ਆਬੂਧਾਬੀ ਰਾਹੀਂ ਯਾਤਰਾ ਕਰਦੇ ਸਨ। ਮੌਜੂਦਾ ਸਥਿਤੀ ਨੇ ਇਨ੍ਹਾਂ ਰੂਟਾਂ ਬਾਰੇ ਅਨਿਸ਼ਚਿਤਤਾ ਵਧਾ ਦਿੱਤੀ ਹੈ। ਕਈ ਏਅਰਲਾਈਨਾਂ ਨੇ ਆਪਣੇ ਰੂਟ ਬਦਲ ਦਿੱਤੇ ਹਨ ਜਿਸ ਕਾਰਨ ਯਾਤਰੀਆਂ ਨੂੰ ਲੰਡਨ, ਫ੍ਰੈਂਕਫ਼ਰਟ ਅਤੇ ਪੈਰਿਸ ਵਰਗੇ ਯੌਰਪੀਅਨ ਸ਼ਹਿਰਾਂ ਰਾਹੀਂ ਕੈਨੇਡਾ ਆਉਣਾ ਪੈ ਰਿਹਾ ਹੈ ਜਿਸ ਨਾਲ ਯਾਤਰਾ ਦਾ ਸਮਾਂ ਵੀ ਵੱਧ ਗਿਆ ਹੈ।

ਇਸ ਸੰਕਟ ਦਾ ਪ੍ਰਭਾਵ ਟਿਕਟਾਂ ਦੀਆਂ ਕੀਮਤਾਂ ਤਕ ਸੀਮਿਤ ਨਹੀਂ। ਖਾੜੀ ਹਵਾਈ ਖੇਤਰ ਤੋਂ ਬਚਣ ਕਾਰਨ ਕਈ ਉਡਾਣਾਂ ਦੀ ਮਿਆਦ 45 ਮਿੰਟ ਤੋਂ ਵਧਾ ਕੇ ਚਾਰ ਘੰਟੇ ਹੋ ਗਈ ਹੈ। ਅੰਤਰਰਾਸ਼ਟਰੀ ਜੈੱਟ ਫ਼ਿਊਲ ਦੀਆਂ ਵਧਦੀਆਂ ਕੀਮਤਾਂ ਨੇ ਏਅਰਲਾਈਨਾਂ ਨੂੰ ਈਂਧਨ ਸਰਚਾਰਜ ਵਧਾਉਣ ਲਈ ਮਜਬੂਰ ਕੀਤਾ ਹੈ ਜਿਸ ਨਾਲ ਟਿਕਟਾਂ ਦੀਆਂ ਕੀਮਤਾਂ 'ਚ 15 ਪ੍ਰਤੀਸ਼ਤ ਵਾਧਾ ਹੋਇਆ ਹੈ। ਯਾਤਰੀਆਂ ਦਾ ਕਹਿਣਾ ਹੈ ਕਿ ਜੇਕਰ ਮਿਡਲ ਈਸਟ 'ਚ ਤਨਾਅ ਜਲਦੀ ਘੱਟ ਨਹੀਂ ਹੁੰਦਾ ਹੈ, ਤਾਂ ਕੈਨੇਡਾ ਜਾਣ ਵਾਲੇ ਯਾਤਰੀਆਂ ਨੂੰ ਟਿਕਟਾਂ ਦੀਆਂ ਉੱਚੀਆਂ ਕੀਮਤਾਂ, ਲੰਬੀਆਂ ਯਾਤਰਾਵਾਂ ਅਤੇ ਸੀਮਤ ਉਡਾਣ ਵਿਕਲਪਾਂ ਵਰਗੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

**ਨਵੇਂ ਸਮੈਸਟਰ ਦੇ ਵਿਦਿਆਰਥੀਆਂ ਤਕ ਪਹੁੰਚਣ ਦੀ ਚੁਣੌਤੀ:** ਇੱਕ ਟਰੈਵਲ ਏਜੰਟ ਅਨੁਸਾਰ ਪਹਿਲਾਂ ਇੱਕਨੌਮੀ ਕਲਾਸ ਦੀਆਂ ਟਿਕਟਾਂ ਮੁਕਾਬਲਤਨ ਘੱਟ ਕੀਮਤ 'ਤੇ ਮਿਲਦੀਆਂ ਸਨ, ਪਰ ਹੁਣ ਤਤਕਾਲ ਟਿਕਟ ਯਾਨੀ ਸਪਾਟ ਕਿਰਾਇਆ 1.5 ਲੱਖ ਰੁਪਏ ਤੋਂ ਤਿੰਨ ਲੱਖ ਰੁਪਏ ਤਕ ਪਹੁੰਚ ਗਿਆ ਹੈ। ਕੁੱਝ ਅੰਤਰਰਾਸ਼ਟਰੀ ਰੂਟਾਂ 'ਤੇ ਇੱਕ ਪਾਸੇ ਦੀਆਂ ਟਿਕਟਾਂ ਤਿੰਨ ਲੱਖ ਰੁਪਏ ਤੋਂ 10 ਲੱਖ ਰੁਪਏ ਤਕ ਵਿਕ ਰਹੀਆਂ ਹਨ। ਇਸ ਦਾ ਸਭ ਤੋਂ ਵੱਧ ਪ੍ਰਭਾਵ ਉਨ੍ਹਾਂ ਵਿਦਿਆਰਥੀਆਂ 'ਤੇ ਪੈ ਰਿਹਾ ਹੈ ਜਿਨ੍ਹਾਂ ਨੂੰ ਨਵੇਂ ਸਮੈਸਟਰ ਲਈ ਤੁਰੰਤ ਕੈਨੇਡਾ ਪਹੁੰਚਣ ਦੀ ਜ਼ਰੂਰਤ ਹੈ। ਯਾਤਰਾ ਕਾਰੋਬਾਰ ਦੀ ਮਾਹਿਰ ਅਨੁਸਾਰ ਅਮੀਰਾਤ, ਇਤਿਹਾਦ ਏਅਰਵੇਜ਼ ਅਤੇ ਕਤਰ ਏਅਰਵੇਜ਼ ਵਰਗੀਆਂ ਵੱਡੀਆਂ ਏਅਰਲਾਈਨਾਂ ਨੇ ਵੀ ਬਹੁਤ ਸਾਰੀਆਂ ਉਡਾਣਾਂ ਦਾ ਰੂਟ ਬਦਲਿਆ ਹੈ ਜਾਂ ਕੁੱਝ ਸੇਵਾਵਾਂ ਨੂੰ ਅਸਥਾਈ ਤੌਰ 'ਤੇ ਰੱਦ ਕਰ ਦਿੱਤਾ ਹੈ। ਇਸ ਨਾਲ ਕੌਨੈਕਟਿੰਗ ਉਡਾਣਾਂ ਦੇ ਸਕੈਜੁਲ 'ਤੇ ਵੀ ਅਸਰ ਪਿਆ ਹੈ। ਯਾਤਰੀਆਂ ਦੀ ਵਧਦੀ ਮੰਗ ਦੇ ਜਵਾਬ 'ਚ, ਏਅਰ ਇੰਡੀਆ ਨੇ ਵਿਕਲਪਿਕ ਕੌਨੈਕਟੀਵਿਟੀ ਪ੍ਰਦਾਨ ਕਰਨ ਲਈ ਯੌਰਪ ਅਤੇ ਸੰਯੁਕਤ ਰਾਜ ਅਮਰੀਕਾ ਲਈ 78 ਵਾਧੂ ਉਡਾਣਾਂ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਹੈ।

# ਅਮਰੀਕਾ 'ਚ U-Visa ਧੋਖਾਧੜੀ ਮਾਮਲੇ 'ਚ 11 ਭਾਰਤੀ ਗ੍ਰਿਫ਼ਤਾਰ

ਵਾਸ਼ਿੰਗਟਨ: ਅਮਰੀਕਾ 'ਚ 11 ਭਾਰਤੀ ਨਾਗਰਿਕਾਂ 'ਤੇ ਇੱਕ ਧੋਖਾਧੜੀ ਵਾਲੀ ਸਾਜ਼ਿਸ਼ 'ਚ ਹਿੱਸਾ ਲੈਣ ਦਾ ਦੋਸ਼ ਲਗਾਇਆ ਗਿਆ ਹੈ। ਇਸ ਸਾਜਿਸ਼ ਦਾ ਉਦੇਸ਼ ਨਕਲੀ ਹਥਿਆਰਬੰਦ ਡਕੈਤੀਆਂ ਕਰਕੇ ਲੋਕਾਂ ਨੂੰ ਗ਼ੈਰ-ਕਾਨੂੰਨੀ ਇਮੀਗ੍ਰੇਸ਼ਨ ਦਰਜਾ ਪ੍ਰਾਪਤ ਕਰਨ 'ਚ ਮਦਦ ਕਰਨਾ ਸੀ। ਮੈਸੇਚਿਊਸੈਟਸ ਜ਼ਿਲ੍ਹੇ ਲਈ ਅਮਰੀਕੀ ਅਟਰਨੀ ਦਫ਼ਤਰ ਨੇ ਦੋਸ਼ਾਂ ਦਾ ਐਲਾਨ ਕੀਤਾ। ਵਕੀਲਾਂ ਅਨੁਸਾਰ ਮੁਲਜ਼ਮਾਂ ਨੇ ਕਨਵੀਨੀਐਂਸ ਸਟੋਰਾਂ 'ਤੇ ਨਕਲੀ ਹਥਿਆਰਬੰਦ ਡਕੈਤੀਆਂ 'ਚ ਹਿੱਸਾ ਲਿਆ ਤਾਂ ਜੋ ਸਟੋਰ ਕਲਰਕ ਇਮੀਗ੍ਰੇਸ਼ਨ ਅਰਜ਼ੀਆਂ 'ਤੇ ਝੂਠਾ ਦਾਅਵਾ ਕਰ ਸਕਣ ਕਿ ਉਹ ਅਮਰੀਕਾ 'ਚ ਅਪਰਾਧ ਦੇ ਸ਼ਿਕਾਰ ਹੋਏ ਹਨ।

ਇਹ ਗ਼ੈਰ-ਕਾਨੂੰਨੀ ਗਤੀਵਿਧੀ ਮਾਰਚ 2023 ਦੇ ਆਸ-ਪਾਸ ਸ਼ੁਰੂ ਹੋਈ ਸੀ। ਸੰਘੀ ਜਾਂਚਕਰਤਾਵਾਂ ਦਾ ਦੋਸ਼ ਹੈ ਕਿ ਰਾਮਭਾਈ ਪਟੇਲ ਅਤੇ ਉਸ ਦੇ ਸਾਥੀਆਂ ਨੇ ਮੈਸੇਚਿਊਸੈਟਸ 'ਚ ਵੱਖ-ਵੱਖ ਕਨਵੀਨੀਐਂਸ ਸਟੋਰਾਂ, ਲਿਕਰ ਸਟੋਰਾਂ ਅਤੇ ਫ਼ਾਸਟ-ਫ਼ੂਡ ਥਾਵਾਂ 'ਤੇ ਨਕਲੀ ਡਕੈਤੀਆਂ ਨੂੰ ਅੰਜਾਮ ਦਿੱਤਾ। ਇਨ੍ਹਾਂ ਨਕਲੀ ਅਪਰਾਧਾਂ ਦਾ ਮੁੱਖ ਉਦੇਸ਼ ਯੂ-ਵੀਜ਼ਾ ਅਰਜ਼ੀਆਂ ਨੂੰ ਮਜ਼ਬੂਤ ਕਰਨਾ ਸੀ। ਇਹ ਵਿਸ਼ੇਸ਼ ਇਮੀਗ੍ਰੇਸ਼ਨ ਸਹੂਲਤ ਉਨ੍ਹਾਂ ਅਪਰਾਧ ਪੀੜਤਾਂ ਲਈ ਰਾਖਵੀਂ ਹੈ ਜਿਨ੍ਹਾਂ ਨੇ ਮਾਨਸਿਕ ਜਾਂ ਸ਼ਰੀਰਕ ਸ਼ੋਸ਼ਣ ਦਾ ਸਾਹਮਣਾ ਕੀਤਾ ਜੋ ਬਾਅਦ ਦੀਆਂ ਜਾਂਚਾਂ 'ਚ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੀ ਸਹਾਇਤਾ ਕਰਦੇ ਹਨ।

ਅਦਾਲਤ ਦੇ ਦਸਤਾਵੇਜ਼ਾਂ ਅਨੁਸਾਰ ਇਨ੍ਹਾਂ ਨਕਲੀ ਘਟਨਾਵਾਂ 'ਚ ਇੱਕ ਵਿਅਕਤੀ ਨਕਲੀ ਲੁਟੇਰਾ ਬਣ ਕੇ ਆਉਂਦਾ ਸੀ, ਅਤੇ ਕਰਮਚਾਰੀਆਂ ਨੂੰ ਅਜਿਹੀ ਚੀਜ਼ ਨਾਲ ਧਮਕਾਉਂਦਾ ਸੀ ਜੋ ਬੰਦੂਕ ਜਿਹੀ ਜਾਪਦੀ ਸੀ। ਕੈਸ਼ ਰੈਜਿਸਟਰ ਤੋਂ ਪੈਸੇ ਕੱਢਵਾਉਣ ਅਤੇ ਭੱਜਣ ਤੋਂ ਬਾਅਦ ਕਲਰਕ ਜਾਂ ਮਾਲਕ ਪੁਲੀਸ ਨੂੰ ਘਟਨਾ ਦੀ ਰਿਪੋਰਟ ਕਰਨ ਤੋਂ ਪਹਿਲਾਂ ਘੱਟੋ-ਘੱਟ ਪੰਜ ਮਿੰਟ ਉਡੀਕ ਕਰਦੇ ਸਨ ਤਾਂ ਜੋ ਅਪਰਾਧੀ ਨੂੰ ਭੱਜਣ ਦਾ ਮੌਕਾ ਮਿਲ ਸਕੇ। ਵਕੀਲਾਂ ਨੇ ਅੱਗੇ ਦੋਸ਼ ਲਗਾਇਆ ਹੈ ਕਿ ਪੀੜਤਾਂ ਵਜੋਂ ਪੇਸ਼ ਹੋਣ ਵਾਲਿਆਂ ਨੇ ਘੁਟਾਲੇ 'ਚ ਹਿੱਸਾ ਲੈਣ ਲਈ ਇੱਕ ਪ੍ਰਬੰਧਕ ਨੂੰ ਭੁਗਤਾਨ ਕੀਤਾ। ਦਸਤਾਵੇਜ਼ਾਂ 'ਚ ਕਿਹਾ ਗਿਆ ਹੈ ਕਥਿਤ ਪੀੜਤਾਂ 'ਚੋਂ ਹਰੇਕ ਨੇ ਪਟੇਲ ਨੂੰ ਇਸ ਯੋਜਨਾ 'ਚ ਹਿੱਸਾ ਲੈਣ ਲਈ ਭੁਗਤਾਨ ਕੀਤਾ। ਬਦਲੇ 'ਚ ਪ੍ਰਬੰਧਕ 'ਤੇ ਕਾਰੋਬਾਰੀ ਮਾਲਕਾਂ ਨੂੰ ਉਨ੍ਹਾਂ ਦੇ ਅਹਾਤੇ ਦੀ ਵਰਤੋਂ ਲਈ ਭੁਗਤਾਨ ਕਰਨ ਦਾ ਦੋਸ਼ ਹੈ।

ਅਧਿਕਾਰੀਆਂ ਨੇ ਪੁਸ਼ਟੀ ਕੀਤੀ ਹੈ ਕਿ ਪ੍ਰਬੰਧਕ, ਮੁੱਖ ਲੁਟੇਰਾ, ਅਤੇ ਭੱਜਣ 'ਚ ਮਦਦ ਕਰਨ ਵਾਲੇ ਡਰਾਇਵਰ 'ਤੇ ਪਹਿਲਾਂ ਹੀ ਦੋਸ਼ ਲਗਾਇਆ ਜਾ ਚੁੱਕਾ ਹੈ ਅਤੇ ਦੋਸ਼ੀ ਠਹਿਰਾਇਆ ਜਾ ਚੁੱਕਾ ਹੈ। 11 ਦੋਸ਼ੀਆਂ ਦੇ ਮੌਜੂਦਾ ਸਮੂਹ 'ਤੇ ਜਾਂ ਤਾਂ ਪ੍ਰਬੰਧਕ ਨਾਲ ਤਾਲਮੇਲ ਕਰਨ ਜਾਂ ਆਪਣੇ ਜਾਂ ਆਪਣੇ ਰਿਸ਼ਤੇਦਾਰਾਂ ਲਈ ਸਾਜ਼ਿਸ਼ 'ਚ ਹਿੱਸਾ ਲੈਣ ਲਈ ਪੈਸੇ ਪ੍ਰਦਾਨ ਕਰਨ ਦਾ ਦੋਸ਼ ਹੈ। ਇਸ ਘੋਸ਼ਣਾ ਤੋਂ ਬਾਅਦ ਛੇ ਦੋਸ਼ੀਆਂ ਨੂੰ ਮੈਸੇਚਿਊਸੈਟਸ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਬੌਸਟਨ ਦੀ ਸੰਘੀ ਅਦਾਲਤ 'ਚ ਪੇਸ਼ ਕੀਤਾ ਗਿਆ। ਬਾਕੀ ਦੋਸ਼ੀਆਂ ਨੂੰ ਕੈਂਟਕੀ, ਮਿਜ਼ੂਰੀ ਅਤੇ ਓਹਾਇਓ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ, ਅਤੇ ਉਨ੍ਹਾਂ ਨੂੰ ਅੱਗੇ ਦੀ ਕਾਨੂੰਨੀ ਕਾਰਵਾਈ ਲਈ ਬੌਸਟਨ ਲਿਆਂਦਾ ਜਾਣ ਦੀ ਉਮੀਦ ਹੈ।

ਵੀਜ਼ਾ ਧੋਖਾਧੜੀ ਕਰਨ ਦੀ ਸਾਜ਼ਿਸ਼ ਦੇ ਦੋਸ਼ 'ਚ ਵੱਧ ਤੋਂ ਵੱਧ ਪੰਜ ਸਾਲ ਦੀ ਕੈਦ ਦੀ ਸਜ਼ਾ ਹੋ ਸਕਦੀ ਹੈ ਜਿਸ ਤੋਂ ਬਾਅਦ ਤਿੰਨ ਸਾਲ ਦੀ ਨਿਗਰਾਨੀ ਹੇਠ ਰਿਹਾਈ ਹੋਵੇਗੀ। ਇਸ ਤੋਂ ਇਲਾਵਾ ਦੋਸ਼ੀ ਠਹਿਰਾਏ ਗਏ ਲੋਕਾਂ ਨੂੰ ਢਾਈ ਲੱਖ ਅਮਰੀਕੀ ਡਾਲਰਾਂ ਤਕ ਦਾ ਜੁਰਮਾਨਾ ਹੋ ਸਕਦਾ ਹੈ।

# ਕੈਨੇਡਾ 'ਚ ਭਾਰਤੀ ਵਿਦਿਆਰਥੀ ਦਾ ਕਤਲ

ਵੈਨਕੂਵਰ: ਕੈਨੇਡਾ ਤੋਂ ਇੱਕ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ ਜਿੱਥੇ ਉੱਜੈਨ (ਮੱਧ ਪ੍ਰਦੇਸ਼) ਦੇ ਰਹਿਣ ਵਾਲੇ ਇੱਕ ਭਾਰਤੀ ਵਿਦਿਆਰਥੀ ਗੁਰਕੀਰਤ ਸਿੰਘ ਮਨੋਚਾ ਦੀ ਇੱਕ ਹਿੰਸਕ ਘਟਨਾ ਦੌਰਾਨ ਮੌਤ ਹੋ ਗਈ ਹੈ। ਇਹ ਘਟਨਾ ਬ੍ਰਿਟਿਸ਼ ਕੋਲੰਬੀਆ ਦੇ ਫ਼ੋਰਟ ਸੇਂਟ ਜੌਨ ਇਲਾਕੇ 'ਚ ਵਾਪਰੀ।



ਪਰਿਵਾਰ ਅਨੁਸਾਰ ਇਹ ਦਰਦਨਾਕ ਘਟਨਾ ਸ਼ਨੀਵਾਰ (14 ਮਾਰਚ) ਨੂੰ ਵਾਪਰੀ ਜਦੋਂ ਕਿਸੇ ਗੱਲ ਨੂੰ ਲੈ ਕੇ ਹੋਏ ਝਗੜੇ ਦੌਰਾਨ ਹਮਲਾਵਰਾਂ ਨੇ ਗੁਰਕੀਰਤ 'ਤੇ ਜਾਨਲੇਵਾ ਹਮਲਾ ਕਰ ਦਿੱਤਾ। ਗੁਰਕੀਰਤ ਦੇ ਪਿਤਾ ਗੁਰਜੀਤ ਸਿੰਘ ਨੇ ਦੱਸਿਆ ਕਿ ਕੈਨੇਡੀਅਨ ਪੁਲੀਸ ਨੇ ਮਾਮਲੇ ਦੀ ਪੂਰੀ ਜਾਂਚ ਸ਼ੁਰੂ ਕਰ ਦਿੱਤੀ ਹੈ, ਅਤੇ ਪੋਸਟਮੌਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਮੌਤ ਦੇ ਅਸਲ ਕਾਰਨਾਂ ਦਾ ਪਤਾ ਲੱਗੇਗਾ। ਪਰਿਵਾਰ ਨੇ ਮੰਗ ਕੀਤੀ ਹੈ ਕਿ ਜਾਂਚ ਤੋਂ ਬਾਅਦ ਦੋਸ਼ੀਆਂ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕੀਤਾ ਜਾਵੇ।

ਗੁਰਕੀਰਤ ਕਰੀਬ ਸਵਾ ਸਾਲ ਪਹਿਲਾਂ ਹੀ ਉੱਚ ਸਿੱਖਿਆ ਅਤੇ ਸੁਨਹਿਰੀ ਭਵਿੱਖ ਦੇ ਸੁਪਨੇ ਲੈ ਕੇ ਕੈਨੇਡਾ ਆਇਆ ਸੀ। ਉਹ ਉੱਥੋਂ ਦੇ ਨੌਰਦਰਨ ਲਾਈਟਸ ਕਾਲਜ 'ਚ ਬਿਜ਼ਨਸ ਮੈਨੇਜਮੈਂਟ ਦੇ ਪੋਸਟ-ਡਿਗਰੀ ਡਿਪਲੋਮਾ ਪ੍ਰੋਗਰਾਮ ਦੀ ਪੜ੍ਹਾਈ ਕਰ ਰਿਹਾ ਸੀ।

ਇਸ ਦੁਖਦ ਖ਼ਬਰ ਤੋਂ ਬਾਅਦ ਉਜੈਨ ਦੀ ਪਾਰਸ਼ਵਨਾਥ ਕਾਲੋਨੀ ਸਥਿਤ ਗੁਰਕੀਰਤ ਦੇ ਘਰ ਅਤੇ ਸਥਾਨਕ ਭਾਈਚਾਰੇ 'ਚ ਡੂੰਘੇ ਸੋਗ ਦੀ ਲਹਿਰ ਪਸਰ ਗਈ ਹੈ। ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਨੇ ਵੀ ਇਸ ਮਾਮਲੇ 'ਚ ਦਖਲ ਦਿੰਦਿਆਂ ਪੀੜਤ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ ਹੈ। ਪਰਿਵਾਰ ਹੁਣ ਕੈਨੇਡੀਅਨ ਪੁਲੀਸ ਦੀ ਜਾਂਚ ਤੋਂ ਇਨਸਾਫ਼ ਅਤੇ ਸਪੱਸ਼ਟਤਾ ਦੀ ਉਡੀਕ ਕਰ ਰਿਹਾ ਹੈ।

# ਲੰਡਨ ਦੇ ਇਤਿਹਾਸਕ ਰੈਸਟੋਰੈਂਟ ਵੀਰਾਸਵਾਮੀ ਦੇ 100 ਸਾਲ ਮੁਕੰਮਲ, ਹੋਂਦ ਬਚਾਉਣ ਲਈ ਸੰਘਰਸ਼ ਜਾਰੀ

ਲੰਡਨ: ਦੁਨੀਆਂ ਦੇ ਸਭ ਤੋਂ ਪੁਰਾਣੇ ਭਾਰਤੀ ਰੈਸਟੋਰੈਂਟਾਂ 'ਚੋਂ ਇੱਕ ਲੰਡਨ ਦੇ ਰੀਜੈਂਟ ਸਟ੍ਰੀਟ ਸਥਿਤ ਵੀਰਾਸਵਾਮੀ ਨੇ ਆਪਣੀ ਸੌਵੀਂ ਵਰ੍ਹੇਗੰਢ ਮਨਾਈ। ਮਾਰਚ 1926 'ਚ ਖੁੱਲ੍ਹੇ ਇਸ ਮਿਸ਼ੇਲਿਨ-ਸਟਾਰ ਰੈਸਟੋਰੈਂਟ ਨੇ ਮਹਾਤਮਾ ਗਾਂਧੀ ਅਤੇ ਚਾਰਲੀ ਚੈਪਲਿਨ ਵਰਗੀਆਂ ਮਹਾਨ ਹਸਤੀਆਂ ਦੀ ਮੇਜ਼ਬਾਨੀ ਕੀਤੀ ਹੈ।

ਸੌ ਸਾਲ ਪੂਰੇ ਹੋਣ ਦੀ ਖ਼ੁਸ਼ੀ 'ਚ ਰੈਸਟੋਰੈਂਟ ਵਲੋਂ ਸਦੀ ਪੁਰਾਣੇ ਪਕਵਾਨਾਂ ਨੂੰ ਮੁੜ ਤੋਂ ਪਰੋਸਿਆ ਜਾ ਰਿਹਾ ਹੈ, ਪਰ ਇਹ ਜਸ਼ਨ ਸੇਵ ਵੀਰਾਸਵਾਮੀ ਮੁਹਿੰਮ ਦੇ ਪਰਛਾਵੇਂ ਹੇਠ ਹੋ ਰਹੇ ਹਨ। ਦਰਅਸਲ, ਰੈਸਟੋਰੈਂਟ ਦੀ ਲੀਜ਼ ਖ਼ਤਮ ਹੋ ਚੁੱਕੀ ਹੈ, ਅਤੇ ਮਾਲਕ ਕਰਾਊਨ ਐਸਟੇਟ ਇਸ ਇਮਾਰਤ ਦਾ ਨਵੀਨੀਕਰਣ ਕਰਨਾ ਚਾਹੁੰਦਾ ਹੈ ਜਿਸ ਕਾਰਨ ਰੈਸਟੋਰੈਂਟ ਦੇ ਬੰਦ ਹੋਣ ਦਾ ਖ਼ਦਸ਼ਾ ਪੈਦਾ ਹੋ ਗਿਆ ਹੈ।

ਰੈਸਟੋਰੈਂਟ ਦੇ ਸਹਿ-ਮਾਲਕ ਰਣਜੀਤ ਮਥਰਾਣੀ ਅਤੇ ਭੈਣਾਂ ਨਮਿਤਾ ਤੇ ਕੈਮਿਲੀਆ ਪੰਜਾਬੀ ਨੇ ਕਿਹਾ ਕਿ ਜੇਕਰ ਵੀਰਾਸਵਾਮੀ ਦੂਜੀ ਵਿਸ਼ਵ ਜੰਗ ਦੀ ਤਬਾਹੀ 'ਚੋਂ ਬਚ ਸਕਦਾ ਹੈ ਤਾਂ ਉਹ ਇਸ ਇਤਿਹਾਸਕ ਸਥਾਨ ਨੂੰ ਬਚਾਉਣ ਲਈ ਵੀ ਹਰ ਸੰਭਵ ਕੋਸ਼ਿਸ਼ ਕਰਨਗੇ। ਰੈਸਟੋਰੈਂਟ ਦੇ ਮੁਲਾਜ਼ਮਾਂ ਨੇ ਆਪਣੀਆਂ ਨੌਕਰੀਆਂ ਬਚਾਉਣ ਲਈ ਬਕਿੰਘਮ ਪੈਲੇਸ ਤਕ ਮਾਰਚ ਕੱਢਿਆ ਅਤੇ ਕਿੰਗ ਚਾਰਲਸ ਤੀਜੇ ਨੂੰ ਦਖ਼ਲ ਦੇਣ ਦੀ ਅਪੀਲ ਕਰਦਿਆਂ 20 ਹਜ਼ਾਰ ਤੋਂ ਵੱਧ ਦਸਤਖ਼ਤਾਂ ਵਾਲੀ ਪਟੀਸ਼ਨ ਸੌਂਪੀ ਹੈ।

ਹਾਲਾਂਕਿ ਕਰਾਊਨ ਐਸਟੇਟ ਨੇ ਰੈਸਟੋਰੈਂਟ ਨੂੰ ਕਿਸੇ ਹੋਰ ਥਾਂ ਸ਼ਿਫ਼ਟ ਕਰਨ ਦੀ ਪੇਸ਼ਕਸ਼ ਕੀਤੀ ਹੈ, ਪਰ ਮਾਲਕਾਂ ਦਾ ਕਹਿਣਾ ਹੈ ਕਿ ਵਿਕਟਰੀ ਹਾਊਸ ਨਾਲ ਇਸ ਰੈਸਟੋਰੈਂਟ ਦੀ ਇਤਿਹਾਸਕ ਵਿਰਾਸਤ ਜੁੜੀ ਹੋਈ ਹੈ। ਮਾਮਲਾ ਹੁਣ ਅਦਾਲਤ 'ਚ ਹੈ ਜਿੱਥੇ ਜੂਨ ਦੇ ਅਖੀਰ 'ਚ ਸੁਣਵਾਈ ਹੋਣੀ ਤੈਅ ਹੈ।

# US 'ਚ ਡੂੰਘਾ ਹੋਇਆ ਤੇਲ ਅਤੇ ਗੈਸ ਸੰਕਟ




ਵਾਸ਼ਿੰਗਟਨ: ਈਰਾਨ ਜੰਗ 'ਚਾਲੇ ਅਮਰੀਕਾ ਦੇ ਤੇਲ ਅਤੇ ਗੈਸ ਸੈਕਟਰ ਦੀਆਂ ਦਿੱਗਜ਼ ਕੰਪਨੀਆਂ ਨੇ ਵ੍ਹਾਈਟ ਹਾਊਸ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਨੀਤੀਗਤ ਤਰੀਕੇ ਨਾਲ ਤੁਰੰਤ ਸੁਧਾਰ ਨਾ ਕੀਤੇ ਗਏ ਤਾਂ ਦੇਸ਼ 'ਚ ਊਰਜਾ ਸੰਕਟ ਹੋਰ ਵੀ ਭਿਆਨਕ ਰੂਪ ਧਾਰਣ ਕਰ ਸਕਦਾ ਹੈ।

ਇੱਕ ਅਮਰੀਕੀ ਰਿਪੋਰਟ ਅਨੁਸਾਰ ਇਹ ਸੰਕਟ ਮੱਧ-ਪੂਰਬ 'ਚ ਵੱਧ ਰਹੇ ਤਨਾਅ ਅਤੇ ਸਪਲਾਈ ਚੇਨ 'ਚ ਆ ਰਹੀਆਂ ਗੰਭੀਰ ਰੁਕਾਵਟਾਂ ਦਾ ਨਤੀਜਾ ਹੈ।

ਉਦਯੋਗਿਕ ਲੀਡਰਾਂ ਦਾ ਕਹਿਣਾ ਹੈ ਕਿ ਅੰਤਰਰਾਸ਼ਟਰੀ ਪੱਧਰ 'ਤੇ ਜੰਗ ਦੇ ਮਾਹੌਲ ਕਾਰਨ ਕੱਚੇ ਤੇਲ ਦੀ ਦਰਾਮਦ ਅਤੇ ਆਵਾਜਾਈ 'ਚ ਵੱਡਾ ਵਿਘਨ ਪਿਆ ਹੈ। ਇਸ ਦਾ ਸਿੱਧਾ ਅਸਰ ਅਮਰੀਕੀ ਰਿਫ਼ਾਇਨਰੀਆਂ ਦੀ ਸਮਰਥਾ 'ਤੇ ਪੈ ਰਿਹਾ ਹੈ। ਕੰਪਨੀਆਂ ਦਾ ਦੋਸ਼ ਹੈ ਕਿ ਸਰਕਾਰ ਦੀਆਂ ਮੌਜੂਦਾ ਨੀਤੀਆਂ ਨਵੀਂ ਡਰਿਲਿੰਗ ਅਤੇ ਬੁਨਿਆਦੀ ਢਾਂਚੇ 'ਚ ਨਿਵੇਸ਼ ਕਰਨ ਲਈ ਉਤਸ਼ਾਹਜਨਕ ਨਹੀਂ। ਉਦਯੋਗ ਨੇ ਸਰਕਾਰ ਤੋਂ ਤੁਰੰਤ ਨਵੀਂਆਂ ਇਜਾਜ਼ਤਾਂ ਅਤੇ ਨਿਵੇਸ਼ ਲਈ ਸਹਿਯੋਗ ਦੀ ਮੰਗ ਕੀਤੀ ਹੈ।

ਤੇਲ ਉਦਯੋਗ ਦੇ ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਘਰੇਲੂ ਉਤਪਾਦਨ ਨੂੰ ਨਹੀਂ ਵਧਾਇਆ ਗਿਆ ਤਾਂ ਪੰਪਾਂ 'ਤੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਜਾਣਗੀਆਂ ਜੋ ਕਿ ਦੇਸ਼ ਦੀ ਅਰਥ-ਵਿਵਸਥਾ ਲਈ ਇੱਕ ਵੱਡਾ ਖ਼ਤਰਾ ਹੈ। ਇਹ ਚਿਤਾਵਨੀ ਅਜਿਹੇ ਸਮੇਂ ਆਈ ਹੈ ਜਦੋਂ ਪ੍ਰਸ਼ਾਸ਼ਨ ਪਹਿਲਾਂ ਹੀ ਗਲੋਬਲ ਪੱਧਰ 'ਤੇ ਈਰਾਨ ਅਤੇ ਹੋਰ ਖੇਤਰੀ ਟਕਰਾਵਾਂ ਨਾਲ ਜੂਝ ਰਿਹਾ ਹੈ। ਤੇਲ ਉਦਯੋਗ ਦਾ ਮੰਨਣਾ ਹੈ ਕਿ ਅਮਰੀਕਾ ਨੂੰ ਹੁਣ ਆਪਣੀ ਊਰਜਾ ਸੁਤੰਤਰਤਾ ਨੂੰ ਸਭ ਤੋਂ ਵੱਡੀ ਤਰਜੀਹ ਦੇਣੀ ਚਾਹੀਦੀ ਹੈ ਤਾਂ ਜੋ ਉਹ ਵਿਦੇਸ਼ੀ ਸਪਲਾਈ ਚੇਨ 'ਤੇ ਨਿਰਭਰ ਨਾ ਰਹੇ।

ਤੇਲ ਕੰਪਨੀਆਂ ਅਤੇ ਸਰਕਾਰ 'ਚਕਾਰ ਇਹ ਵਧਦਾ ਟਕਰਾਅ ਆਉਣ ਵਾਲੇ ਦਿਨਾਂ 'ਚ ਹੋਰ ਗੰਭੀਰ ਹੋ ਸਕਦਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਨੇ ਰਣਨੀਤਕ ਭੰਡਾਰਾਂ ਨੂੰ ਸੰਤੁਲਿਤ ਕਰਨ ਅਤੇ ਉਦਯੋਗ ਨੂੰ ਰਾਹਤ ਦੇਣ ਲਈ ਕੋਈ ਠੋਸ ਕਦਮ ਨਾ ਚੁੱਕੇ ਤਾਂ ਆਰਥਿਕ ਮੰਦੀ ਦਾ ਖ਼ਤਰਾ ਵੀ ਵੱਧ ਸਕਦਾ ਹੈ।

# ਅਮਰੀਕਾ-ਈਰਾਨ ਜੰਗ 'ਚ ਹੁਣ ਤਕ 15 ਅਰਬ ਡਾਲਰ ਖ਼ਰਚ

ਵਾਸ਼ਿੰਗਟਨ: ਈਰਾਨ ਦੇ ਖ਼ਿਲਾਫ਼ ਵਿੱਢੀ ਗਈ ਫ਼ੌਜੀ ਮੁਹਿੰਮ ਨੂੰ ਲੈ ਕੇ ਵ੍ਹਾਈਟ ਹਾਊਸ ਨੇ ਵੱਡਾ ਖ਼ੁਲਾਸਾ ਕੀਤਾ ਹੈ। ਰਾਸ਼ਟਰਪਤੀ ਡੌਨਲਡ ਟਰੰਪ ਦੇ ਸੀਨੀਅਰ ਆਰਥਿਕ ਸਲਾਹਕਾਰ ਕੈਵਿਨ ਹੈਸੈਟ ਨੇ ਦੱਸਿਆ ਕਿ ਇਜ਼ਰਾਇਲ ਦੇ ਨਾਲ ਮਿਲ ਕੇ ਸ਼ੁਰੂ ਕੀਤੇ ਗਏ ਇਸ ਸਾਂਝੇ ਹਮਲੇ 'ਤੇ ਹੁਣ ਤਕ ਅਮਰੀਕਾ 15 ਅਰਬ ਡਾਲਰ ਖ਼ਰਚ ਕਰ ਚੁੱਕਾ ਹੈ।



ਪੈਂਟੇਗੌਨ ਦੇ ਅੰਦਾਜ਼ੇ ਮੁਤਾਬਿਕ ਜੰਗ ਦੇ ਪਹਿਲੇ ਛੇ ਦਿਨਾਂ ਦੇ ਅੰਦਰ ਹੀ 11.3 ਅਰਬ ਡਾਲਰ ਖ਼ਰਚ ਹੋ ਗਏ ਸਨ। ਇਸ ਦਾ ਮੁੱਖ ਕਾਰਨ ਵੱਡੇ ਪੱਧਰ 'ਤੇ ਹਵਾਈ ਹਮਲੇ ਅਤੇ ਮਾਰੂ ਹਥਿਆਰਾਂ ਦੀ ਵਰਤੋਂ ਸੀ। ਹਾਲਾਂਕਿ ਹੈਸੈਟ ਨੇ ਸਪੱਸ਼ਟ ਕੀਤਾ ਕਿ ਇਹ ਅਜੇ ਪੂਰੀ ਜੰਗ ਦਾ ਖ਼ਰਚਾ ਨਹੀਂ ਕਿਉਂਕਿ ਫ਼ੌਜੀ ਕਾਰਵਾਈ ਅਜੇ ਕਈ ਹਫ਼ਤੇ ਹੋਰ ਚੱਲਣ ਦੀ ਉਮੀਦ ਹੈ।

ਇਸ ਹਮਲੇ 'ਚ ਹੁਣ ਤਕ ਭਾਰੀ ਜਾਨੀ ਨੁਕਸਾਨ ਹੋਣ ਦੀਆਂ ਰਿਪੋਰਟਾਂ ਹਨ। ਦੱਸਿਆ ਜਾ ਰਿਹਾ ਹੈ ਕਿ ਈਰਾਨ 'ਚ ਲਗਭਗ 1,500 ਲੋਕ ਮਾਰੇ ਗਏ ਹਨ ਜਿਨ੍ਹਾਂ 'ਚ ਦੇਸ਼ ਦੇ ਸਾਬਕਾ ਸੁਪਰੀਮ ਲੀਡਰ ਅਲੀ ਖ਼ਾਮੇਨੇਈ ਵੀ ਸ਼ਾਮਿਲ ਹਨ। ਦੂਜੇ ਪਾਸੇ ਇਸ ਔਪ੍ਰੇਸ਼ਨ ਦੌਰਾਨ ਅਮਰੀਕਾ ਦੇ 14 ਸੈਨਿਕਾਂ ਦੀ ਵੀ ਮੌਤ ਹੋ ਚੁੱਕੀ ਹੈ।

ਅਮਰੀਕੀ ਪ੍ਰਸ਼ਾਸ਼ਨ ਜਨਤਾ ਨੂੰ ਭਰੋਸਾ ਦੇ ਰਿਹਾ ਹੈ ਕਿ ਇਸ ਜੰਗ ਦਾ ਦੇਸ਼ ਦੀ ਆਰਥਿਕਤਾ 'ਤੇ ਕੋਈ ਮਾੜਾ ਅਸਰ ਨਹੀਂ ਪਵੇਗਾ। ਹੈਸੈਟ ਮੁਤਾਬਿਕ ਅਮਰੀਕਾ ਕੋਲ ਹਥਿਆਰਾਂ ਦੇ ਕਾਫ਼ੀ ਭੰਡਾਰ ਮੌਜੂਦ ਹਨ, ਇਸ ਲਈ ਕਾਂਗਰਸ ਤੋਂ ਵਾਧੂ ਫ਼ੰਡ ਮੰਗਣ ਦੀ ਲੋੜ ਨਹੀਂ ਪਵੇਗੀ। ਅਮਰੀਕਾ ਨੇ 1970 ਦੇ ਊਰਜਾ ਸੰਕਟ ਵਰਗੇ ਹਾਲਾਤ ਤੋਂ ਬਚਣ ਲਈ ਵੇਨੇਜ਼ੁਏਲਾ ਅਤੇ ਮੋਰੋਕੋ ਤੋਂ ਤੇਲ ਅਤੇ ਖਾਦਾਂ ਦੀ ਸਪਲਾਈ ਵਧਾਉਣ ਲਈ ਪਰਮਿਟ ਜਾਰੀ ਕੀਤੇ ਹਨ।

ਇਹ ਫ਼ੌਜੀ ਕਾਰਵਾਈ 28 ਫ਼ਰਵਰੀ ਨੂੰ ਸ਼ੁਰੂ ਹੋਈ ਸੀ। ਰੱਖਿਆ ਅਧਿਕਾਰੀਆਂ ਦਾ ਮੰਨਣਾ ਹੈ ਕਿ ਇਹ ਜੰਗ ਚਾਰ ਤੋਂ ਛੇ ਹਫ਼ਤਿਆਂ ਤਕ ਚੱਲ ਸਕਦੀ ਹੈ। ਊਰਜਾ ਸਕੱਤਰ ਕ੍ਰਿਸ ਰਾਈਟ ਨੇ ਵੀ ਉਮੀਦ ਜਤਾਈ ਹੈ ਕਿ ਕੁੱਝ ਹਫ਼ਤਿਆਂ 'ਚ ਜੰਗ ਸਮਾਪਤ ਹੋ ਜਾਵੇਗੀ।

ਵ੍ਹਾਈਟ ਹਾਊਸ ਦਾ ਦਾਅਵਾ ਹੈ ਕਿ ਇਹ ਮੁਹਿੰਮ ਉਮੀਦ ਨਾਲੋਂ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ।

# 23 ਮਈ ਨੂੰ ਖੁੱਲ੍ਹਣਗੇ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ

ਚਮੋਲੀ: ਉਤਰਾਖੰਡ ਦੇ ਚਮੋਲੀ ਜ਼ਿਲ੍ਹੇ 'ਚ ਸਥਿਤ ਸਿੱਖਾਂ ਦੇ ਪ੍ਰਸਿੱਧ ਅਤੇ ਪਵਿੱਤਰ ਹਿਮਾਲਿਆ ਧਾਰਮਿਕ ਸਥਾਨਕ ਹੇਮਕੁੰਟ ਸਾਹਿਬ ਦੇ ਕਿਵਾੜ 23 ਮਈ ਨੂੰ ਖੁੱਲ੍ਹਣਗੇ। ਗੋਵਿੰਦ ਘਾਟ ਗੁਰੂਧਰ ਦੇ ਮੈਨੇਜਰ ਸਰਦਾਰ ਸੇਵਾ ਸਿੰਘ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ 23 ਮਈ ਨੂੰ ਖੋਲ੍ਹੇ ਜਾਣਗੇ। ਉਨ੍ਹਾਂ ਦੱਸਿਆ ਹੇਮਕੁੰਟ ਸਾਹਿਬ ਪ੍ਰਬੰਧਨ ਟਰੱਸ਼ਟ ਦੇ ਚੇਅਰਮੈਨ ਬਿੰਦਰਾ ਨੇ ਮੁੱਖ ਸਕੱਤਰ ਨਾਲ ਆਉਣ ਵਾਲੀ ਤੀਰਥ ਯਾਤਰਾ ਸੀਜਨ ਦੀਆਂ ਤਿਆਰੀਆਂ 'ਤੇ ਚਰਚਾ ਲਈ ਮੁਲਾਕਾਤ ਕੀਤੀ। ਵਿਸਥਾਰਪੂਰਵਕ ਵਿਚਾਰ-ਵਟਾਂਦਰੇ ਮਗਰੋਂ ਅਤੇ ਮੌਜੂਦਾ ਮੌਸਮ ਸਥਿਤੀਆਂ ਦਾ ਮੁਲਾਂਕਣ ਕਰਨ ਤੋਂ ਬਾਅਦ ਦੋਵਾਂ ਧਿਰਾਂ ਨੇ ਪਵਿੱਤਰ ਗੁਰਦੁਆਰਾ ਹੇਮਕੁੰਟ ਸਾਹਿਬ ਦੇ ਕਿਵਾੜ ਸ਼ਨੀਵਾਰ 23 ਮਈ ਨੂੰ ਖੋਲ੍ਹਣ 'ਤੇ ਆਪਸੀ ਸਹਿਮਤੀ ਜ਼ਾਹਿਰ ਕੀਤੀ ਹੈ। ਹੇਮਕੁੰਟ ਸਾਹਿਬ ਵਿਸ਼ਵ ਭਰ ਦੇ ਸ਼ਰਧਾਲੂਆਂ, ਖ਼ਾਸ ਕਰ ਕੇ ਸਿੱਖ ਧਰਮ 'ਚ ਬੇਹੱਦ ਅਧਿਆਤਮਿਕ ਮਹੱਤਵ ਰੱਖਦਾ ਹੈ। ਸ਼੍ਰੀ ਬਿੰਦਰਾ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਵਿੱਤਰ ਹੇਮਕੁੰਟ ਸਾਹਿਬ ਹਿਮਾਲਿਆ ਦੀਆਂ ਪਹਾੜੀਆਂ 'ਚਕਾਰ 15,000 ਫ਼ੁੱਟ ਤੋਂ ਵੱਧ ਦੀ ਉੱਚਾਈ 'ਤੇ ਸਥਿਤ ਹੈ।

# ਪੰਜਾਬ ’ਚ ਬਿਜਲੀ ਵਾਲੇ ਬਿੱਲਾਂ ਨੂੰ ਲੈ ਕੇ ਪੈ ਗਿਆ ਪੰਗਾ, ਫਿਰ ਖੜ੍ਹੀ ਹੋਈ ਮੁਸੀਬਤ

**ਕੌਮੀ ਪਤ੍ਰਿਕਾ**

ਸੰਗਰੂਰ 22 ਮਾਰਚ। ਪੰਜਾਬ ਦੇ ਪ੍ਰਮੁੱਖ ਸਰਕਾਰੀ ਅਦਾਰਿਆਂ ’ਚ ਮਾਂ-ਬੋਲੀ ਪੰਜਾਬੀ ਦੀ ਹੋਂਦ ਨੂੰ ਲਗਾਤਾਰ ਮਿਟਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਮਾਜ ਸੇਵੀ ਤੇ ਮਾਂ ਬੋਲੀ ਸੇਵਕ ਰਮੇਸ਼ਵਰ ਸਿੰਘ ਨੇ ਦੱਸਿਆ ਬਿਜਲੀ ਦੇ ਬਿੱਲਾਂ ਨੂੰ ਪੰਜਾਬੀ ’ਚ ਲਾਗੂ ਕਰਵਾਉਣ ਲਈ ਪਹਿਲਾਂ ਹੀ ਮਾਣਯੋਗ ਪੰਜਾਬ-ਹਰਿਆਣਾ ਹਾਈਕੋਰਟ ਦਾ ਦਰਵਾਜ਼ਾ ਖੜਕਾ ਚੁੱਕਾ ਹਾਂ ਪਰ ਅਦਾਲਤੀ ਹੁਕਮਾਂ ਦੇ ਬਾਵਜੂਦ ਪਾਵਰਕਾਮ ਦਾ ਇਹ ਅੜੀਅਲ ਰਵੱਈਆ ਪੰਜਾਬ ਰਾਜ ਭਾਸ਼ਾ ਸੋਧ ਬਿੱਲ 2008 ਦੀ ਸਿੱਧੀ ਉਲੰਘਣਾ ਹੈ। ਰਮੇਸ਼ਵਰ ਸਿੰਘ ਨੇ ਦੱਸਿਆ ਕਿ ਬਿਜਲੀ ਦੇ ਬਿੱਲ ਜੋ ਅੰਗਰੇਜ਼ੀ ’ਚ ਆਉਂਦੇ ਸਨ ਉਹ ਆਪਣੀ ਮਾਂ ਬੋਲੀ ਪੰਜਾਬੀ ’ਚ ਕਰਵਾਉਣ ਲਈ ਤਿੰਨ-ਚਾਰ ਮਹੀਨੇ ਵੱਖ-ਵੱਖ ਦਫਤਰਾਂ ’ਤੇ ਚੱਕਰ ਕੱਟੇ ਐਡਵੋਕੇਟ ਮਿੱਤਰ ਸੈਨ ਮੀਤ ਤੇ ਹਾਈ ਕੋਰਟ ਦੇ ਖ਼ਾਸ ਵਕੀਲ ਨਿਖਲ ਥੰਮਣ ਉਨ੍ਹਾਂ ਨੇ ਮਾਣਯੋਗ ਪੰਜਾਬ ਹਰਿਆਣਾ ਹਾਈਕੋਰਟ ’ਚ ਅਦਾਲਤੀ ਕਾਰਵਾਈ ਕੀਤੀ ਅਤੇ ਮੀਡੀਆ ਦੇ ਸਹਿਯੋਗ ਨਾਲ ਬਿੱਲ ਪੰਜਾਬੀ ’ਚ ਹੋ ਗਏ। ਕੁਝ ਮਹੀਨਿਆਂ ਬਾਅਦ ਫਿਰ ਵੀ ਬਹੁਤ ਸਾਰੇ ਬਿੱਲ ਅੰਗਰੇਜ਼ੀ ’ਚ ਆਏ। ਨਿਖਲ ਥੰਮਣ ਨੇ ਮਾਣਯੋਗ ਹਾਈਕੋਰਟ ’ਚ ਕੇਸ ਲੈ ਕੇ ਗਏ ਪਾਵਰਕਾਮ ਨੇ ਆਪਣੇ ਕਰਮਚਾਰੀਆਂ ’ਤੇ ਕਾਰਵਾਈ ਕਰਨ ਲਈ ਕਿਹਾ ਸੀ। ਲੱਗਦਾ ਹੈ ਪੂਰੀ ਕਾਰਵਾਈ ਹੋਈ ਨਹੀਂ ਕਿਉਂਕਿ ਰਮੇਸ਼ਵਰ ਸਿੰਘ ਨੇ ਦੱਸਿਆ ਕਿ ਪਾਵਰਕਾਮ ਵੱਲੋਂ ਕਾਗਜ਼ੀ ਕਾਰਵਾਈ ਤੇ ਸ਼ਿਕਾਇਤਾਂ ਦਾ ਜਵਾਬ ਵੀ ਅੰਗਰੇਜ਼ੀ ’ਚ ਦਿੱਤਾ ਜਾਂਦਾ ਹੈ। ਪਾਵਰਕਾਮ ਦਾ ਸ਼ਿਕਾਇਤ ਕਰਨ ਲਈ ਵਟਸਐਪ ਨੰਬਰ ਅਤੇ ਈਮੇਲ ’ਤੇ ਆਪਣੀ ਕੋਈ ਸ਼ਿਕਾਇਤ ਕਰੋ ਜਾਂ ਈਮੇਲ ’ਤੇ ਕੋਈ ਸ਼ਿਕਾਇਤ ਜਾਂ ਅਰਜ਼ੀ ਭੇਜੋ ਦੋਵਾਂ ’ਚ ਜਵਾਬ ਅੰਗਰੇਜ਼ੀ ਵਿਚ ਦਿੱਤਾ ਜਾਂਦਾ ਹੈ। ਬਹੁਤ ਥੋੜੇ ਸ਼ਿਕਾਇਤਕਰਤਾ ਅੰਗਰੇਜ਼ੀ ਜਾਣਦੇ ਹਨ, ਇਸ ਲਈ ਸ਼ਿਕਾਇਤਕਰਤਾਵਾਂ ਨੂੰ ਕੁਝ ਵੀ ਸਮਝ ਨਹੀਂ ਆਉਂਦਾ, ਇਹ ਵੀ ਪੰਜਾਬ ਰਾਜ ਭਾਸ਼ਾ ਸੋਧ ਬਿੱਲ 2008 ਦੀ ਉਲੰਘਣਾ ਹੈ। ਭਾਸ਼ਾ ਵਿਭਾਗ ਪੰਜਾਬ ਨੇ ਇਸ ਅੰਗਰੇਜ਼ੀ ਦੇ ਬਿੱਲਾਂ ਤੇ ਸ਼ਿਕਾਇਤਾਂ ਸਬੰਧੀ ਰਮੇਸ਼ਵਰ ਸਿੰਘ ਨੂੰ ਚਿੱਠੀ ਲਿਖੀ ਜੋ ਈਮੇਲ ਰਾਹੀਂ ਆਈ ਕਿ ਜ਼ਿਲਾ ਭਾਸ਼ਾ ਅਫਸਰ ਪਟਿਆਲਾ ਕਾਨੂੰਨ ਦੀ ਧਾਰਾ ਅੱਠ ਦੇ ਅਧੀਨ ਜਾ ਕੇ ਪਾਵਰਕਾਮ ਦੇ ਸਾਰੇ ਕੰਮ ਜਾ ਕੇ ਵੇਖੇਗਾ। ਉਨ੍ਹਾਂ ਦੱਸਿਆ ਕਿ ਇਸ ਦੇ ਬਾਵਜੂਦ ਐਤਕੀਂ ਵੀ ਉਨ੍ਹਾਂ ਅਤੇ ਉਨ੍ਹਾਂ ਦੇ ਬਹੁਤ ਸਾਰੇ ਗੁਆਂਢੀਆਂ ਦਾ ਬਿੱਲ ਅੰਗਰੇਜ਼ੀ ’ਚ ਆਇਆ ਤੇ ਵਟਸਐਪ ’ਤੇ ਕੀਤੀਆਂ ਸ਼ਿਕਾਇਤਾਂ ਦਾ ਜਵਾਬ ਵੀ ਅੰਗਰੇਜ਼ੀ ’ਚ ਆਇਆ। ਉਨ੍ਹਾਂ ਨੇ 19 ਫਰਵਰੀ 2026 ਨੂੰ ਭਾਸ਼ਾ ਵਿਭਾਗ ਪੰਜਾਬ ਨੂੰ ਸਬੂਤਾਂ ਸਹਿਤ ਈਮੇਲ ਰਾਹੀਂ ਚਿੱਠੀ ਭੇਜੀ ਹੁਣ ਤੱਕ ਉਸ ਦਾ ਕੋਈ ਜਵਾਬ ਨਹੀਂ ਆਇਆ। ਕਈ ਵਾਰ ਭਾਸ਼ਾ ਵਿਭਾਗ ਦੇ ਨਾਲ ਸਕੱਤਰ ਪਾਵਰਕਾਮ ਤੇ ਮੁੱਖ ਮੰਤਰੀ ਨੂੰ ਵੀ ਚਿੱਠੀ ਭੇਜ ਚੁੱਕੇ ਹਨ। ਅੱਜ ਤੱਕ ਕੰਮ ਤਾਂ ਕੀ ਹੋਣਾ ਸੀ ਚਿੱਠੀ ਦਾ ਜਵਾਬ ਤੱਕ ਨਹੀਂ ਮਿਲਿਆ। ਰਮੇਸ਼ਵਰ ਸਿੰਘ ਨੇ ਮੰਗ ਕੀਤੀ ਕਿ ਭਾਸ਼ਾ ਐਕਟ ਦੀ ਉਲੰਘਣਾ ਕਰਨ ਵਾਲੇ ਸਾਰੇ ਅੰਗਰੇਜ਼ੀ ਪੱਤਰ ਤੁਰੰਤ ਵਾਪਸ ਕਰਵਾ ਕੇ ਪੰਜਾਬੀ ’ਚ ਜਾਰੀ



ਕਰਵਾਏ ਜਾਣ, ਪਾਵਰਕਾਮ ਵਿਰੁੱਧ ਕੀਤੀ ਗਈ ਕਾਰਵਾਈ ਦੀ ਵਿਸਥਾਰਤ ਰਿਪੋਰਟ ਤੁਰੰਤ ਭੇਜੀ ਜਾਵੇ, ਬਿੱਲ ਜੋ ਅੰਗਰੇਜ਼ੀ ’ਚ ਆਇਆ ਹੈ ਉਸ ਨੂੰ ਕਾਨੂੰਨ ਅਨੁਸਾਰ ਪੰਜਾਬੀ ’ਚ ਭੇਜਣ ਲਈ ਹੁਕਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ’ਤੇ ਗੌਰ ਨਹੀਂ ਹੁੰਦੀ ਤਾਂ ਉਹ ਮਾਣਯੋਗ ਹਾਈਕੋਰਟ ਦੇ ਬੂਹੇ ’ਤੇ ਦਸਤਕ ਦੇਣ ਲਈ ਬਿਲਕੁੱਲ ਤਿਆਰ ਬੈਠੇ ਹਨ। ਰਮੇਸ਼ਵਰ ਸਿੰਘ ਨੇ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਭਾਸ਼ਾ ਵਿਭਾਗ ਨੂੰ ਕਵੀ ਦਰਬਾਰਾਂ ਤੇ ਹੋਰ ਲੇਖਕਾਵਾਂ ਦੀਆਂ ਮੀਟਿੰਗਾਂ ਤੇ ਪ੍ਰਧਾਨਗੀਆਂ ਤੋਂ ਨਿਜਾਤ ਦਵਾਈ ਜਾਵੇ ਤਾਂ ਜੋ ਭਾਸ਼ਾ ਵਿਭਾਗ ਪੰਜਾਬ ਜਿਸ ਦਾ ਅਰਥ ਹੈ ਮਾਂ ਬੋਲੀ ਸਬੰਧੀ ਕੰਮ ਉਹ ਕੰਮ ਕਰਨ ਤਾਂ ਜੋ ਮਾਂ ਬੋਲੀ ਪੰਜਾਬੀ ਦੀ ਸ਼ਾਨ ਬਣੀ ਰਹੇ, ਕਿਉਂਕਿ ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਦਾ ਪੰਜਾਬੀ ’ਚ ਕੰਮ ਕਰਵਾਉਣਾ ਤੇ ਜਾ ਕੇ ਵੇਖਣਾ ਹੀ ਭਾਸ਼ਾ ਵਿਭਾਗ ਪੰਜਾਬ ਦਾ ਮੁੱਖ ਆਧਾਰ ਹੈ।

### ਨਜਾਇਜ਼ ਨਸ਼ਾ ਛੁਡਾਊ ਕੇਂਦਰ ’ਤੇ ਪੁਲਸ ਦੀ ਰੇਡ ! ਕਰ’ਤੀ ਵੱਡੀ ਕਾਰਵਾਈ

ਫਰੀਦਕੋਟ 22 ਮਾਰਚ। ਫਰੀਦਕੋਟ ਵਿਚ ਸਿਹਤ ਵਿਭਾਗ ਤੇ ਪੁਲਸ ਦੀ ਵੱਡੀ ਕਾਰਵਾਈ ਦੇਖਣ ਨੂੰ ਮਿਲੀ ਹੈ। ਪਿੰਡ ਚੱਕ ਕਲਿਆਣ ਵਿਖੇ ਬੰਦ ਪਏ ਸਕੂਲ ਦੀ ਬਿਲਡਿੰਗ ਵਿਚ ਇਕ ਨਸ਼ਾ ਛੁਡਾਊ ਕੇਂਦਰ ਚਲਾਇਆ ਜਾ ਰਿਹਾ ਸੀ। ਇਸ ਦੌਰਾਨ ਪੁਲਸ ਨੇ ਸੂਚਨਾ ਦੇ ਆਧਾਰ ਉੱਤੇ ਇਸ ਨਾਜਾਇਜ਼ ਨਸ਼ਾ ਛੁਡਾਊ ਕੇਂਦਰ ਉੱਤੇ ਰੇਡ ਕੀਤੀ ਤੇ ਇਸ ਦੌਰਾਨ ਨਸ਼ਾ ਛੱਡਣ ਲਈ ਦਾਖਲ ਹੋਏ ਵੱਖ-ਵੱਖ ਜ਼ਿਲ੍ਹਿਆਂ ਦੇ 20 ਦੇ ਕਰੀਬ ਲੋਕਾਂ ਨੂੰ ਛੁਡਵਾਇਆ। ਇਸ ਦੌਰਾਨ ਮੌਕੇ ਉੱਤੇ ਗੱਲ ਕਰਦਿਆਂ ਸੀਨੀਅਰ ਪੁਲਸ ਅਧਿਕਾਰੀ ਰਾਜ ਕੁਮਾਰ ਨੇ ਕਿਹਾ ਕਿ ਸੂਚਨਾ ਦੇ ਆਧਾਰ ਉੱਤੇ ਇਹ ਕਾਰਵਾਈ ਕੀਤੀ ਗਈ ਹੈ। ਇਸ ਦੌਰਾਨ ਉਨ੍ਹਾਂ ਨੇ ਦੇਖਿਆ ਕਿ ਇਸ ਨਾਜਾਇਜ਼ ਨਸ਼ਾ ਛੁਡਾਊ ਕੇਂਦਰ ਵਿਚ 29 ਦੇ ਕਰੀਬ ਬੈੱਡ ਲੱਗੇ ਹੋਏ ਸਨ। ਇਸ ਕੇਂਦਰ ਕੋਲ ਕੋਈ ਲਾਇਸੈਂਸ ਵੀ ਨਹੀਂ ਸੀ। ਇਸ ਦੌਰਾਨ ਇਹ ਵੀ ਜਾਣਕਾਰੀ ਮਿਲੀ ਕਿ ਇਸ ਕੇਂਦਰ ਵਿਚ ਨਸ਼ਾ ਛੱਡਣ ਦੇ ਨਾਂ ਉੱਤੇ ਹਰ ਮਰੀਜ਼ ਦੇ ਪਰਿਵਾਰ ਤੋਂ 10 ਹਜ਼ਾਰ ਰੁਪਏ ਲਏ ਜਾ ਰਹੇ ਸਨ।

# ਸ਼ਹੀਦ ਫੌਜੀ ਦੀ ਪਤਨੀ ਨੂੰ ਪੈਨਸ਼ਨ ਦੇਣ ਦੇ ਹੁਕਮ: ਹਾਈਕੋਰਟ ਨੇ ਖਾਰਜ ਕੀਤੀ ਸਰਕਾਰ ਦੀ ਪਟੀਸ਼ਨ

ਚੰਡੀਗੜ੍ਹ 22 ਮਾਰਚ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਡਿਊਟੀ ਦੌਰਾਨ ਆਪਣੀ ਜਾਨ ਗਵਾਉਣ ਵਾਲੇ ਇਕ ਫੌਜੀ ਅਧਿਕਾਰੀ ਦੀ ਪਤਨੀ, ਜਸਵਿੰਦਰ ਕੌਰ ਨੂੰ ‘ਉਦਾਰੀਕਰਨ ਪਰਿਵਾਰਕ ਪੈਨਸ਼ਨ’ ਦੇਣ ਦੇ ਹੁਕਮ ਦਿੱਤੇ ਹਨ। ਅਦਾਲਤ ਨੇ ਕੇਂਦਰ ਸਰਕਾਰ ਦੀ ਉਸ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਹੈ ਜਿਸ ਵਿੱਚ ਹਥਿਆਰਬੰਦ ਸੈਨਾ




ਟ੍ਰਿਬਿਊਨਲ (16“), ਚੰਡੀਗੜ੍ਹ ਦੇ ਅਪ੍ਰੈਲ 2022 ਦੇ ਫੈਸਲੇ ਨੂੰ ਚੁਣੌਤੀ ਦਿੱਤੀ ਗਈ ਸੀ। ਦਰਅਸਲ, ਜਸਵਿੰਦਰ ਕੌਰ ਦੇ ਪਤੀ ਫੌਜ ਵਿਚ ਅਧਿਕਾਰੀ ਸਨ, ਜਿਨ੍ਹਾਂ ਦੀ 2 ਅਪ੍ਰੈਲ 2018 ਨੂੰ ਬਬੀਨਾ ਫੀਲਡ ਫਾਇਰਿੰਗ ਰੇਂਜ ਵਿਚ ਇਕ ਟ?ਰੇਨਿੰਗ ਅਭਿਆਸ ਦੌਰਾਨ ਸਿਰ ਵਿਚ ਗੰਭੀਰ ਸੱਟ ਲੱਗਣ ਕਾਰਨ ਮੌਤ ਹੋ ਗਈ ਸੀ। ਟ੍ਰਿਬਿਊਨਲ ਨੇ ਪਾਇਆ ਸੀ ਕਿ ਇਹ ਘਟਨਾ ਲਾਈਵ ਗੋਲਾ-ਬਾਰੂਦ ਨਾਲ ਫੌਜੀ ਸਿਖਲਾਈ ਦੌਰਾਨ ਹੋਈ ਸੀ, ਇਸ ਲਈ ਉਹ ਵਿਸ਼ੇਸ਼ ਪਰਿਵਾਰਕ ਪੈਨਸ਼ਨ ਦੀ ਬਜਾਏ ਉਦਾਰੀਕਰਨ ਪਰਿਵਾਰਕ ਪੈਨਸ਼ਨ ਦੇ ਹੱਕਦਾਰ ਹਨ। ਜਸਟਿਸ ਹਰਸਿਮਰਨ ਸਿੰਘ ਸੇਠੀ ਅਤੇ ਜਸਟਿਸ ਵਿਕਾਸ ਸੂਰੀ ਦੇ ਬੈਂਚ ਨੇ ਟਿੱਪਣੀ ਕੀਤੀ ਕਿ ਇਹ ਬਹੁਤ ਮਦਭਾਗੀ ਗੱਲ ਹੈ ਕਿ ਦੇਸ਼ ਦੀ ਸੇਵਾ ਕਰਦੇ ਹੋਏ ਸ਼ਹੀਦ ਹੋਏ ਸੈਨਿਕ ਦੀ ਪਤਨੀ ਨੂੰ ਆਪਣੇ ਹੱਕ ਲਈ ਅਦਾਲਤਾਂ ਦੇ ਚੱਕਰ ਲਗਾਉਣੇ ਪੈ ਰਹੇ ਹਨ। ਅਦਾਲਤ ਨੇ ਕਿਹਾ ਕਿ ਟ੍ਰਿਬਿਊਨਲ ਦੇ ਆਦੇਸ਼ ਵਿੱਚ ਕੋਈ ਕਾਨੂੰਨੀ ਖਾਮੀ ਨਹੀਂ ਹੈ ਅਤੇ ਪਰਿਵਾਰ ਨਾਲ ਸੰਵੇਦਨਸ਼ੀਲਤਾ ਅਤੇ ਸਨਮਾਨ ਦਾ ਵਿਵਹਾਰ ਹੋਣਾ ਚਾਹੀਦਾ ਹੈ। ਅਦਾਲਤ ਨੇ ਕੇਂਦਰ ਸਰਕਾਰ ਨੂੰ ਨਿਰਦੇਸ਼ ਦਿੱਤਾ ਹੈ ਕਿ ਅੱਠ ਹਫ਼ਤਿਆਂ ਦੇ ਅੰਦਰ ਜਸਵਿੰਦਰ ਕੌਰ ਨੂੰ ਪੈਨਸ਼ਨ ਦਾ ਲਾਭ ਦਿੱਤਾ ਜਾਵੇ। ਨਾਲ ਹੀ ਇਹ ਵੀ ਆਖਿਆ ਗਿਆ ਹੈ ਕਿ ਜੇਕਰ ਤੈਅ ਸਮੇਂ ਵਿੱਚ ਲਾਭ ਨਹੀਂ ਦਿੱਤਾ ਜਾਂਦਾ, ਤਾਂ ਬਕਾਇਆ ਰਾਸ਼ੀ ’ਤੇ ਵਿਆਜ ਦੇਣਾ ਪਵੇਗਾ ਅਤੇ ਅਦਾਲਤ ਦੀ ਮਾਣਹਾਨੀ ਦੀ ਕਾਰਵਾਈ ਵੀ ਕੀਤੀ ਜਾ ਸਕਦੀ ਹੈ।

# ਹੈਦਰਾਬਾਦ ’ਚ ਗੁਰਦੁਆਰਾ ਸਾਹਿਬ ਦੀ ਜਗਹਾ ’ਤੇ ਜਬਰੀ ਕਬਜ਼ੇ ਦਾ ਸ਼ਰੋਮਣੀ ਕਮੇਟੀ ਨੇ ਲਿਆ ਨੋਟਿਸ

ਅੰਮ੍ਰਿਤਸਰ/ਜੈਤੋ 22 ਮਾਰਚ। ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹੈਦਰਾਬਾਦ ਵਿਖੇ ਗੁਰਦੁਆਰਾ ਸਾਹਿਬ ਬਰਮਬਾਲਾ ਦੀ ਜਗ?ਹਾ ’ਤੇ ਸਥਾਨਕ ਪ੍ਰਸ਼ਾਸਨ ਵੱਲੋਂ ਜਬਰੀ ਕਬਜ਼ਾ ਕਰਨ ਦੀ ਕੀਤੀ ਜਾ ਰਹੀ ਕਾਰਵਾਈ ’ਤੇ ਗੰਭੀਰ ਸਵਾਲ ਉਠਾਉਂਦਿਆਂ ਇਸ ਦੀ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਜਗ?ਹਾ ’ਤੇ ਇਸ ਤਰ੍ਹਾਂ ਦੀ ਜ਼ਬਰਦਸਤੀ ਕਰਨੀ ਨਾ ਸਿਰਫ਼ ਦੁਖਦਾਈ ਹੈ, ਸਗੋਂ ਇਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਬਰਮਬਾਲਾ ਨੂੰ ਪੁਰਾਣੇ ਸਮੇਂ ਤੋਂ ਮਿਲੀ ਹੋਈ ਜਗ?ਹਾ ’ਤੇ ਜਬਰਨ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨਾ ਕਾਨੂੰਨ ਅਤੇ ਨਿਆਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇ ਕੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਆਦਰ ਕੀਤਾ ਜਾਵੇ ਅਤੇ ਗੁਰਦੁਆਰਾ ਸਾਹਿਬ ਬਰਮਬਾਲਾ ਨਾਲ ਸਬੰਧਤ ਜਗ?ਹਾ ’ਤੇ ਕਬਜ਼ਾ ਦੀ ਨੀਅਤ ਨਾਲ ਕੀਤੀ ਜਾ ਰਹੀ ਕਾਰਵਾਈ ਨੂੰ ਮੁਕੰਮਲ ਤੌਰ ’ਤੇ ਰੋਕਣ ਦਾ ਸਥਾਨਕ ਸੂਬੇ ਦੀ ਸਰਕਾਰ ਨੂੰ ਆਦੇਸ਼ ਕਰੇ। ਉਨ੍ਹਾਂ ਸਥਾਨਕ ਸੰਗਤਾਂ ਨੂੰ ਇਸ ਮਾਮਲੇ ਵਿਚ ਸ਼?ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਦੀ ਵਚਨਬਧਤਾ ਪ੍ਰਗਟਾਉਂਦਿਆਂ ਕਿਹਾ ਕਿ ਕਿਸੇ ਵੀ ਧੱਕੇਸ਼ਾਹੀ ਵਿਰੁੱਧ ਸਿੱਖ ਸੰਸਥਾ ਪੂਰੇ ਵਿਸ਼ਵ ਦੀਆਂ ਸੰਗਤਾਂ ਨਾਲ ਖੜ੍ਹੀ ਹੈ ਅਤੇ ਖੜ੍ਹੀ ਰਹੇਗੀ।

# ਕੁੜੀ ਦੇ ਰਿਸ਼ਤੇ ਪਿੱਛੇ ਲੜ ਪਏ ਪਿੰਡ ਵਾਲੇ, ਦੇਰ ਰਾਤ ਜੰਗ ਦਾ ਮੈਦਾਨ ਬਣਿਆ ਪਿੰਡ ਚੱਕ ਬਲੋਚਾ ਮਹਾਲਮ

ਜਲਾਲਾਬਾਦ 22 ਮਾਰਚ। ਥਾਣਾ ਵੈਰੋ ਕਾ ਅਧੀਨ ਪੈਂਦੇ ਪਿੰਡ ਚੱਕ ਬਲੋਚਾ ਮਹਾਲਮ ’ਚ ਗੁੰਡਾਗਰਦੀ ਦੀਆਂ ਘਟਨਾਵਾਂ ਆਮ ਹੀ ਦੇਖਣ ਨੂੰ ਮਿਲ ਰਹੀਆਂ ਹਨ। ਸੋਮਵਾਰ ਦੀ ਰਾਤ ਨੂੰ ਲਗਭਗ 11 ਵਜੇ ਕੇ ਕਰੀਬ ਪਿੰਡ ਚੱਕ ਬਲੋਚਾ ਮਾਹਲਮ ’ਚ ਇਕ ਕੁੜੀ ਦੇ ਰਿਸ਼ਤੇ ਨੂੰ ਲੈ ਕੇ ਚੱਲ ਰਹੇ ਵਿਵਾਦ ਕਾਰਨ ਹਥਿਆਰਬੰਦ ਗੁੰਡਾ ਅਨਸਰਾਂ ਦੇ ਵੱਲੋਂ ਇਕ ਘਰ ’ਚ ਸ਼ਰੇਆਮ ਵੜ੍ਹ ਕੇ ਪਰਿਵਾਰ ’ਤੇ ਜਾਨਲੇਵਾ ਹਮਲਾ ਕੀਤਾ ਗਿਆ ਤੇ ਘਰ ਦਾ ਸਮਾਨ ਤੇ ਮੋਟਰਸਾਈਕਲ ਦੀ ਭੰਨਤੋੜ ਕੀਤੀ ਗਈ। ਜ਼ਖ਼ਮੀਆਂ ਨੂੰ ਇਲਾਜ ਲਈ ਜਲਾਲਾਬਾਦ ਦੇ ਸਰਕਾਰੀ ਹਸਪਤਾਲ ’ਚ ਭਰਤੀ ਕਰਵਾਇਆ ਗਿਆ। ਪੀੜਤ ਪਰਿਵਾਰ ਦੀ ਮਹਿਲਾ ਕੁਲਵਿੰਦਰ ਕੌਰ ਪਤਨੀ ਕੁਲਵੰਤ ਸਿੰਘ ਵਾਸੀ ਚੱਕ ਬਲੋਚਾ ਮਹਾਲਮ ਨੇ ਦੱਸਿਆ ਕਿ ਪਿੰਡ ਗੁਮਾਨੀ ਵਾਲਾ ਖੂਹ ਦੀ ਇਕ ਲੜਕੀ ਦੇ ਰਿਸ਼ਤੇ ਨੂੰ ਲੈ ਕੇ ਪਿੰਡਾਂ ਦੀਆਂ ਦੋ ਧਿਰਾਂ ਦਰਮਿਆਨ ਖ਼ੂਨੀ ਵਿਵਾਦ ਚੱਲ ਰਿਹਾ ਸੀ। ਪੀੜਤ ਨੇ ਕਿਹਾ ਕਿ ਬਿਨ੍ਹਾਂ ਵਜ?ਹਾਂ ਉਸ ਦੀ ਰੰਜਿਸ਼ ਦੇ ਚੱਲਦੇ ਪਿੰਡ ਦੀ ਇਕ ਧਿਰ ਵੱਲੋਂ ਸੋਮਵਾਰ ਦੀ ਰਾਤ ਲਗਭਗ 11 ਵਜੇ ਦੇ ਕਰੀਬ 50-60 ਦੇ ਕਰੀਬ ਗੁੰਡਾ ਅਨਸਰਾਂ ਦੀ ਮਦਦ ਨਾਲ ਸਾਡੇ ਘਰ ’ਤੇ ਇੱਟਾਂ ਰੋੜਿਆਂ ਦੇ ਨਾਲ ਜਾਨੋਂ ਮਾਰ ਦੇਣ ਦੀ ਨੀਯਤ ਨਾਲ ਹਮਲਾ ਕਰ ਦਿੱਤਾ ਅਤੇ ਘਰ ਵਿਚ ਜ਼ਬਰਦਸਤੀ ਦਾਖ਼ਲ ਹੋ ਕੇ ਮੋਟਰਸਾਈਕਲ ਤੇ ਬੂਹੇ ਬਾਰੀਆਂ ਦੇ ਸ਼ੀਸ਼ੇ ਤੇ ਅਲਮਾਰੀ ਦੀ ਭੰਨਤੋੜ ਕੀਤੀ ਅਤੇ ਘਰ ’ਚ ਮੌਜੂਦ 20 ਹਜ਼ਾਰ ਰੁਪਏ ਦੀ ਨਗਦੀ ਵੀ ਚੋਰੀ ਕਰ ਲਈ ਗਈ। ਪੀੜਤ ਔਰਤ ਕੁਲਵਿੰਦਰ ਕੌਰ ਨੇ ਕਥਿਤ ਦੋਸ਼ ਲਗਾਉਂਦੇ ਹੋਏ ਕਿਹਾ ਕਿ ਬੀਤੀ ਰਾਤ ਸਾਡੇ ਘਰ ’ਚ ਉਸ ਦੇ ਜੇਠ ਦਾ ਮੁੰਡਾ ਗੁਰਪ੍ਰੀਤ ਸਿੰਘ ਪੁੱਤਰ ਗੁਰਨਾਮ ਸਿੰਘ ਤੇ ਉਸ ਦੀ ਪਤਨੀ ਸੁਰਿੰਦਰ ਕੌਰ ਘਰ ’ਚ ਮੌਜੂਦ ਸਨ ਤਾਂ ਗੁੰਡਾ ਅਨਸਰਾਂ ਦੇ ਵਲੋਂ ਉਨ੍ਹਾਂ ’ਤੇ ਵੀ ਹਮਲਾ ਕਰਕੇ ਜ਼ਖਮੀ ਕਰ ਦਿੱਤਾ ਗਿਆ ਅਤੇ ਉਸ ਦੀ ਨੂੰਹ ਦੀ ਇੱਜ਼ਤ ਨਾਲ ਵੀ ਬਦਸਲੂਕੀ ਕੀਤੀ ਗਈ। ਪੀੜਤ ਔਰਤ ਨੇ ਕਿਹਾ ਕਿ ਅਸੀਂ ਬਾਕੀ ਦੇ ਪਰਿਵਾਰਿਕ ਮੈਂਬਰਾਂ ਨੇ ਬੜੀ ਹੀ ਮੁਸ਼ਕਲ ਦੇ ਨਾਲ ਜਾਨ ਬਚਾਈ ਅਤੇ ਰੌਲਾ ਪਾਉਣ ਤੇ ਆਂਢ-ਗੁਆਂਢ ਦੇ ਲੋਕ ਇਕੱਠ ਹੋਣੇ ਸ਼ੁਰੂ ਹੋਏ ਤਾਂ ਗੁੰਡਾ ਅਨਸਰਾਂ ਵੱਲੋਂ ਪਰਿਵਾਰਿਕ ਮੈਂਬਰਾਂ ਨੂੰ ਗੋਲ?ੀਆਂ ਮਾਰ ਕੇ ਕਤਲ ਕਰਨ ਦੀਆਂ ਧਮਕੀਆਂ ਦਿੰਦੇ ਹੋਏ ਮੌਕੇ ਤੋਂ ਫਰਾਰ ਹੋ ਗਏ। ਪੀੜਤ ਔਰਤ ਨੇ ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਪਾਸੋਂ ਇੰਨਸਾਫ ਦੀ ਮੰਗ ਕੀਤੀ ਹੈ। ਇਸ ਸਬੰਧੀ ਥਾਣਾ ਵੈਰੋ ਕੇ ਐੱਸ.ਐੱਚ.ਓ. ਪਰਮਜੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਬੀਤੀ ਰਾਤ ਪਿੰਡ ਚੱਕ ਬਲੋਚਾ ਮਹਾਲਮ ਵਿਖੇ ਲੜਾਈ ਝਗੜਾ ਹੋਣ ਦੀ ਸੂਚਨਾ ਮਿਲੀ ਸੀ ਅਤੇ ਇਸ ਮਾਮਲੇ ’ਚ 2 ਵਿਅਕਤੀ ਜਲਾਲਾਬਾਦ ਦੇ ਸਰਕਾਰੀ ਹਸਪਤਾਲ ’ਚ ਦਾਖ਼ਲ ਹਨ।

# ਨਸ਼ਾ, ਗੈਂਗਸਟਰਵਾਦ ਤੇ ਬੇਰੁਜ਼ਗਾਰੀ ਨਾਲ ਜੂਝਦੇ ਪੰਜਾਬ ’ਚ ਇਨਵੈਸਟਰ ਮੀਟ ਸਿਰ.ਫ ‘ਫਿਲਮੀ ਡਰਾਮਾ’: ਤਰੁਣ ਚੁੱਘ

**ਕੌਮੀ ਪਤ੍ਰਿਕਾ**

ਚੰਡੀਗੜ੍ਹ 22 ਮਾਰਚ। ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ’ਤੇ ਤਿੱਖਾ ਹਮਲਾ ਕਰਦੇ ਹੋਏ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਵਿੱਚ ਕਥਿਤ “ਪੰਜਾਬ ਮਾਡਲ”ਦੀ ਸੱਚਾਈ ਪੂਰੀ ਤਰ੍ਹਾਂ ਸਾਹਮਣੇ ਆ ਗਈ ਹੈ ਤੇ ਹੁਣ ਸਰਕਾਰ ਆਪਣੇ ਕਾਰਜਕਾਲ ਦੇ ਆਖਰੀ ਪੜਾਅ ਵਿੱਚ ਵਿਕਾਸ ਅਤੇ ਨਿਵੇਸ਼ ਦਾ ਝੂਠਾ ਮਾਹੌਲ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਚੁੱਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਫਿਲਮ ਸਿਟੀ ਬਣਾਉਣ ਦਾ ਐਲਾਨ ਭਾਵੇਂ ਉਨ੍ਹਾਂ ਦੀ ਸੋਚ ਨੂੰ ਦਰਸਾਉਂਦਾ ਹੋਵੇ, ਪਰ ਪੰਜਾਬ ਨੂੰ ਇੱਕ ਗੰਭੀਰ ਅਤੇ ਨਤੀਜਾ-ਕੇਂਦਰਿਤ ਮਾਡਲ ਦੀ ਲੋੜ ਹੈ। ਇਸ ਦੇ ਉਲਟ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ਼ ਝੂਠੇ ਵਾਅਦਿਆਂ, ਗਲਤ ਦਾਅਵਿਆਂ ਤੇ ਮਹਿੰਗੇ ਪ੍ਰਚਾਰ ਦਾ ਮਾਡਲ ਦਿੱਤਾ ਹੈ। ਚੁੱਘ ਨੇ ਕਿਹਾ ਕਿ ਜਦੋਂ ਰੋਜ਼ਾਨਾ ਕਤਲ ਹੋ ਰਹੇ ਹਨ ਤੇ ਅਮਨ-ਕਾਨੂੰਨ ਦੀ ਹਾਲਤ ਬਹੁਤ ਖਰਾਬ ਹੈ, ਉਸ ਵੇਲੇ ਇਨਵੈਸਟਰ ਮੀਟ ਕਰਨਾ ਸਿਰਫ਼ ਇੱਕ ਦਿਖਾਵਾ ਹੈ। ਚੁੱਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਡੇ ਵਾਅਦਿਆਂ ਨਾਲ ਸੱਤਾ ਵਿੱਚ ਆਈ ਸੀ ਪਰ ਹਰ ਮੋਰਚੇ ’ਤੇ ਨਾਕਾਮ ਰਹੀ ਹੈ। 25 ਲੱਖ ਨੌਕਰੀਆਂ, ਚਾਰ ਮਹੀਨਿਆਂ ਵਿੱਚ ਨਸ਼ਾ ਖਤਮ ਕਰਨ ਅਤੇ ਹਰ ਫਸਲ ’ਤੇ MSP ਦੇ ਵਾਅਦੇ ਸਿਰ.ਫ



ਖੋਖਲੇ ਸਾਬਤ ਹੋਏ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਬੇਰੁਜ਼ਗਾਰੀ ਅਤੇ ਨਿਰਾਸ਼ਾ ਦਿੱਤੀ ਗਈ ਹੈ ਅਤੇ ਸਰਕਾਰ ਦੇ ਐਲਾਨ ਸਿਰਫ਼ ਇਸ਼ਤਿਹਾਰਾਂ ਤੱਕ ਸੀਮਿਤ ਰਹੇ ਹਨ। ਚੁੱਘ ਨੇ ਕਿਹਾ ਕਿ 16 ਮੈਡੀਕਲ ਕਾਲਜ, 16,000 ਮੁਹੱਲਾ ਕਲੀਨਿਕ ਅਤੇ 2,500 ਰੁਪਏ ਪੈਨਸ਼ਨ ਦੇ ਵਾਅਦੇ ਵੀ ਅਜੇ ਤੱਕ ਪੂਰੇ ਨਹੀਂ ਹੋਏ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਾ, ਗੈਂਗਸਟਰਵਾਦ ਤੇ ਉਗਰਾਹੀ ਦੇ ਮਾਮਲੇ ਵੱਧ ਰਹੇ ਹਨ ਤੇ ਲੋਕਾਂ ਵਿੱਚ ਡਰ ਦਾ ਮਾਹੌਲ ਬਣ ਗਿਆ ਹੈ। ਚੁੱਘ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਹਿੱਤਾਂ ਲਈ ਨਹੀਂ ਸਗੋਂ ਅਰਵਿੰਦ ਕੇਜਰੀਵਾਲ ਦੀਆਂ ਰਾਜਨੀਤਿਕ ਇੱਛਾਵਾਂ ਦੀ ਪੂਰਤੀ ਲਈ ਕੰਮ ਕਰ ਰਹੀ ਹੈ ਤੇ ਰਾਜ ਦੇ ਸਰੋਤ ਪ੍ਰਚਾਰ ਅਤੇ ਛਵੀ ਨਿਰਮਾਣ ’ਤੇ ਖਰਚੇ ਜਾ ਰਹੇ ਹਨ।

### ਅੰਮ੍ਰਿਤਸਰ ’ਚ ਐਨਕਾਊਂਟਰ ! ਮੁਕਾਬਲੇ ’ਚ ਦੋ ਗੈਂਗਸਟਰ ਜ਼ਖਮੀ

ਜੈਤੀਪੁਰ 22 ਮਾਰਚ। ਥਰੀਏਵਾਲ ਤਲਵੰਡੀ ਖੁੰਮਣ ਵਾਲੀ ਸਾਈਡ ’ਤੇ ਨਹਿਰ ਦੇ ਨਜ਼ਦੀਕ ਪੁਲਸ ਤੇ ਬਦਮਾਸ਼ਾਂ ਵਿਚਾਲੇ ਮੁਕਾਬਲਾ ਹੋਣ ਦਾ ਸਮਾਚਾਰ ਮਿਲਿਆ ਹੈ। ਇਸ ਦੌਰਾਨ ਪੁਲਸ ਮੁਕਾਬਲੇ ਵਿਚ ਦੋ ਜਣੇ ਜ਼ਖਮੀ ਹੋਏ ਹਨ। ਇਸ ਸਬੰਧੀ ਮੌਕੇ ਡੀਐੱਸਪੀ ਅਮੋਲਕ ਸਿੰਘ ਕਾਹਲੋਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਬੀਤੇ ਦਿਨੀ ਪੈਟਰੋਲ ਪੰਪ ਕਲੇਰ ਮਾਂਗਟ ’ਤੇ ਹੋਈ ਵਾਰਦਾਤ ਜਿਸ ’ਚ ਇੱਕ ਵਿਅਕਤੀ ਦੀ ਮੌਤ ਹੋ ਗਈ ਸੀ ਤੇ ਪੰਪ ਦੇ ਕਰਿੰਦੇ ਵੀ ਜ਼ਖਮੀ ਹੋਏ ਸਨ, ਉਨ੍ਹਾਂ ਦੇ ਮੁੱਖ ਦੋਸ਼ੀ ਆਕਾਸ਼ਦੀਪ ਸਿੰਘ ਬੂਟਾ ਤੇ ਉਸ ਦਾ ਸਾਥੀ ਅਮਰਬੀਰ ਸਿੰਘ ਰਘੂ ਵਾਸੀ ਨੰਗਲੀ ਨਸ਼ਹਿਰਾ, ਦੋਵੇਂ ਭੰਗਾਲੀ ਅਤੇ ਤਲਵੰਡੀ ਘੁੰਮਣ ਏਰੀਏ ਵਿੱਚ ਘੁੰਮਣ ਦਾ ਪਤਾ ਜਦੋਂ ਐੱਸਐੱਚਓ ਪ੍ਰਭਜੀਤ ਸਿੰਘ ਨੂੰ ਲੱਗਾ ਤਾਂ ਉਨ੍ਹਾਂ ਨੇ ਇਨ੍ਹਾਂ ਦਾ ਪਿੱਛਾ ਕੀਤਾ ਤਾਂ ਇਹ ਪਲਸਰ ਮੋਟਰਸਾਈਕਲ ’ਤੇ ਸਵਾਰ ਹੋ ਕੇ ਪੁਲਸ ਉੱਤੇ ਫਾਇਰਿੰਗ ਸ਼ੁਰੂ ਕਰ ਦਿੱਤੀ।

# ਆੜ੍ਹਤੀਆਂ ਤੇ ਸਹਿਕਾਰੀ ਸਭਾਵਾਂ ਦੀ ’ਬੱਲੇ-ਬੱਲੇ’ ! ਕੇਂਦਰ ਨੇ ਕਣਕ-ਝੋਨੇ ਦੀ ਖਰੀਦ ’ਤੇ ਵਧਾਇਆ ਕਮਿਸ਼ਨ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 22 ਮਾਰਚ। ਕੇਂਦਰ ਸਰਕਾਰ ਨੇ ਸੋਮਵਾਰ ਨੂੰ ਕਣਕ ਤੇ ਝੋਨੇ ਦੀ ਖਰੀਦ ਵਿੱਚ ਸ਼ਾਮਲ ਕਮਿਸ਼ਨ ਏਜੰਟਾਂ ਅਤੇ ਸਹਿਕਾਰੀ ਸਭਾਵਾਂ ਲਈ ਕਮਿਸ਼ਨ ਦਰਾਂ ਵਿੱਚ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ। 2026-27 ਹਾੜੀ ਮਾਰਕੀਟਿੰਗ ਸੀਜ਼ਨ ਤੋਂ ਪੰਜਾਬ ਤੇ ਹਰਿਆਣਾ ਵਿੱਚ ਕਮਿਸ਼ਨ ਏਜੰਟਾਂ ਲਈ ਕਣਕ ਦੀ ਦਰ 50.75 ਰੁਪਏ ਪ੍ਰਤੀ ਕੁਇੰਟਲ ਹੋ ਜਾਵੇਗੀ। ਇਹ ਸੋਧ ਕਈ ਸੂਬਾ ਸਰਕਾਰਾਂ ਦੀਆਂ ਬੇਨਤੀਆਂ ਤੋਂ ਬਾਅਦ ਕੀਤੀ ਗਈ ਹੈ ਅਤੇ ਭਾਰਤੀ ਖੁਰਾਕ ਨਿਗਮ (639), ਸੂਬਾ ਸਰਕਾਰਾਂ ਅਤੇ ਖੁਰਾਕ ਅਤੇ ਜਨਤਕ ਵੰਡ ਵਿਭਾਗ ਦੇ ਪ੍ਰਤੀਨਿਧੀਆਂ ਵਾਲੀ ਇੱਕ ਉਪ-ਕਮੇਟੀ ਦੀਆਂ ਸਿਫ਼ਾਰਸ਼ਾਂ ’ਤੇ ਅਧਾਰਤ ਹੈ। ਕਮੇਟੀ ਨੇ ਮੌਜੂਦਾ ਦਰਾਂ ਦੀ ਜਾਂਚ ਕਰਨ ਤੋਂ ਬਾਅਦ ਵਾਧੇ ਦੀ ਸਿਫਾਰਸ਼ ਕੀਤੀ ਸੀ। ਇੱਕ ਅਧਿਕਾਰਤ ਬਿਆਨ ਦੇ ਅਨੁਸਾਰ ਸੋਧੇ ਹੋਏ ਦਰ ਢਾਂਚੇ ਦੇ ਤਹਿਤ ਪੰਜਾਬ ਅਤੇ ਹਰਿਆਣਾ ਵਿੱਚ ਕਣਕ ਲਈ ਕਮਿਸ਼ਨ ਏਜੰਟਾਂ ਦਾ ਕਮਿਸ਼ਨ ?46.00 ਪ੍ਰਤੀ ਕੁਇੰਟਲ ਤੋਂ ਵਧ ਕੇ ?50.75 ਪ੍ਰਤੀ ਕੁਇੰਟਲ ਹੋ ਜਾਵੇਗਾ, ਜਦੋਂ ਕਿ ਰਾਜਸਥਾਨ ਵਿੱਚ ਇਹ ?41.40 ਤੋਂ ਵਧ ਕੇ ?45.67 ਪ੍ਰਤੀ ਕੁਇੰਟਲ ਹੋ ਜਾਵੇਗਾ। ਇਸ ਦੌਰਾਨ, ਝੋਨੇ ਦੀ ਖਰੀਦ ਲਈ ਕਮਿਸ਼ਨ ਏਜੰਟਾਂ ਦਾ ਕਮਿਸ਼ਨ ?45.88 ਤੋਂ ਵਧ ਕੇ ?50.61 ਪ੍ਰਤੀ ਕੁਇੰਟਲ ਹੋ ਜਾਵੇਗਾ। ਸਹਿਕਾਰੀ ਸਭਾਵਾਂ ਲਈ, ਕਣਕ ਦੀ ਖਰੀਦ ਲਈ ਕਮਿਸ਼ਨ 27.00 ਰੁਪਏ ਤੋਂ ਵਧਾ ਕੇ 29.79 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ, ਜਦੋਂ ਕਿ ਝੋਨੇ ਲਈ ਇਹ 32.00 ਰੁਪਏ ਤੋਂ ਵਧਾ ਕੇ 35.30 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਹੈ। ਮੌਜੂਦਾ ਨੀਤੀ ਦੇ ਅਨੁਸਾਰ ਆਧੁਨਿਕ ਅਨਾਜ ਭੰਡਾਰਾਂ ’ਤੇ ਖਰੀਦ ਲਾਗੂ ਬਾਜ਼ਾਰ ਦਰ ਦੇ 50 ਪ੍ਰਤੀਸ਼ਤ ਦੇ ਬਰਾਬਰ ਕਮਿਸ਼ਨ ਆਕਰਸ਼ਿਤ ਕਰੇਗੀ। ਸਰਕਾਰ ਨੇ



ਕਿਹਾ ਕਿ ਇਹ ਸੋਧ ਖਰੀਦ ਪ੍ਰਣਾਲੀ ਦੀ ਨਿਰੰਤਰ ਕੁਸ਼ਲਤਾ ਨੂੰ ਯਕੀਨੀ ਬਣਾਉਣ ਅਤੇ ਆਪਣੀ ਤਰਫੋਂ ਖਰੀਦ ਕਾਰਜਾਂ ਵਿੱਚ ਸਹਾਇਤਾ ਕਰਨ ਵਾਲੀਆਂ ਏਜੰਸੀਆਂ ਦੀ ਸਹਾਇਤਾ ਕਰਨ ਲਈ ਕੀਤੀ ਗਈ ਸੀ। ਵਰਤਮਾਨ ਵਿੱਚ, ਹਾੜ੍ਹੀ (ਸਰਦੀਆਂ) ਦੀਆਂ ਫਸਲਾਂ, ਖਾਸ ਕਰਕੇ ਕਣਕ ਅਤੇ ਝੋਨੇ ਦੀ ਖਰੀਦ ਜਾਰੀ ਹੈ ਅਤੇ ਆਉਣ ਵਾਲੇ ਹਫ਼ਤਿਆਂ ਵਿੱਚ ਇਸ ਵਿੱਚ ਤੇਜ਼ੀ ਆਵੇਗੀ।

### ਚੱਲਦੀ ਸੁਣਵਾਈ ਦੌਰਾਨ ਜੱਜ ਦੇ ਸਿਰ ’ਤੇ ਆ ਡਿੱਗਾ ਛੱਤ ਵਾਲਾ ਪੱਖਾ ! ਕੋਰਟ ’ਚ ਮਚ ਗਿਆ ਚੀਕ-ਚਿਹਾੜਾ

ਨੈਸ਼ਨਲ ਡੈਸਕ 22 ਮਾਰਚ। ਮੱਧ ਪ੍ਰਦੇਸ਼ ਦੇ ਇੰਦੌਰ ਤੋਂ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੇ ਜ਼ਿਲ੍ਹਾ ਅਦਾਲਤ ’ਚ ਕਾਰਵਾਈ ਦੌਰਾਨ ਇੱਕ ਚੱਲਦਾ ਛੱਤ ਵਾਲਾ ਪੱਖਾ ਅਚਾਨਕ ਛੱਤ ’ਚੋਂ ਉੱਖੜ ਗਿਆ ਤੇ ਇੱਕ ਮਹਿਲਾ ਐਡੀਸ਼ਨਲ ਸੈਸ਼ਨ ਜੱਜ ’ਤੇ ਜਾ ਡਿੱਗਾ। ਇਸ ਹਾਦਸੇ ਕਾਰਨ ਕੋਰਟ ਰੂਮ ਵਿੱਚ ਮੌਜੂਦ ਦਰਜਨਾਂ ਲੋਕਾਂ ਵਿੱਚ ਹਫੜਾ-ਦਫੜੀ ਮਚ ਗਈ। ਜਾਣਕਾਰੀ ਅਨੁਸਾਰ, ਜਦੋਂ ਅਦਾਲਤ ਵਿੱਚ ਸੁਣਵਾਈ ਚੱਲ ਰਹੀ ਸੀ, ਤਾਂ ਤੇਜ਼ ਰਫ਼ਤਾਰ ਨਾਲ ਚੱਲ ਰਿਹਾ ਪੱਖਾ ਅਚਾਨਕ ਖੁੱਲ੍ਹ ਕੇ ਜੱਜ ਦੀ ਕੁਰਸੀ ’ਤੇ ਜਾ ਡਿੱਗਿਆ, ਜਿਸ ਕਾਰਨ ਮਹਿਲਾ ਜੱਜ ਦੇ ਸਿਰ ਅਤੇ ਮੋਢੇ ’ਤੇ ਸੱਟਾਂ ਲੱਗੀਆਂ। ਉਨ੍ਹਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਇਲਾਜ ਤੋਂ ਬਾਅਦ ਉਨ੍ਹਾਂ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ। ਹਾਦਸੇ ਤੋਂ ਬਾਅਦ ਜੱਜ ਛੁੱਟੀ ’ਤੇ ਚਲੇ ਗਏ ਹਨ। ਇਸ ਹਾਦਸੇ ਮਗਰੋਂ ਵਕੀਲਾਂ ਅਤੇ ਕਰਮਚਾਰੀਆਂ ਨੇ ਅਦਾਲਤੀ ਕੰਪਲੈਕਸ ਦੀ ਮਾੜੀ ਹਾਲਤ ’ਤੇ ਗੁੱਸਾ ਜ਼ਾਹਰ ਕੀਤਾ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਬਿਲਡਿੰਗ ਦੀ ਬਿਜਲੀ ਫਿਟਿੰਗ ਅਤੇ ਵਾਇਰਿੰਗ ਕਈ ਸਾਲਾਂ ਪੁਰਾਣੀ ਹੈ, ਛੱਤਾਂ ਵਿੱਚੋਂ ਪਾਣੀ ਚੋਂਦਾ ਹੈ ਅਤੇ ਪਹਿਲਾਂ ਵੀ ਜੱਜ ਦੇ ਸਾਹਮਣੇ ਛੱਤ ਦਾ ਪਲਾਸਟਰ ਡਿੱਗਣ ਵਰਗੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ।

# ਹੈਦਰਾਬਾਦ ’ਚ ਗੁਰਦੁਆਰਾ ਸਾਹਿਬ ਦੀ ਜਗਹਾ ’ਤੇ ਜ਼ਬਰੀ ਕਬਜ਼ੇ ਦਾ ਸ਼?ਰਮਣੀ ਕਮੇਟੀ ਨੇ ਲਿਆ ਨੋਟਿਸ

ਜੈਤੋ 22 ਮਾਰਚ। ਸ਼?ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹੈਦਰਾਬਾਦ ਵਿਖੇ ਗੁਰਦੁਆਰਾ ਸਾਹਿਬ ਬਰਮਬਾਲਾ ਦੀ ਜਗ?ਹਾ ’ਤੇ ਸਥਾਨਕ ਪ੍ਰਸ਼ਾਸਨ ਵੱਲੋਂ ਜਬਰੀ ਕਬਜ਼ਾ ਕਰਨ ਦੀ ਕੀਤੀ



ਜਾ ਰਹੀ ਕਾਰਵਾਈ ’ਤੇ ਗੰਭੀਰ ਸਵਾਲ ਉਠਾਉਂਦਿਆਂ ਇਸ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਜਗ?ਹਾ ’ਤੇ ਇਸ ਤਰ੍ਹਾਂ ਦੀ ਜ਼ਬਰਦਸਤੀ ਕਰਨੀ ਨਾ ਸਿਰਫ਼ ਦੁਖਦਾਈ ਹੈ, ਸਗੋਂ ਇਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਬਰਮਬਾਲਾ ਨੂੰ ਪੁਰਾਣੇ ਸਮੇਂ ਤੋਂ ਮਿਲੀ ਹੋਈ ਜਗ?ਹਾ ’ਤੇ ਜਬਰਨ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨਾ ਕਾਨੂੰਨ ਅਤੇ ਨਿਆਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ। ਗੁਰਦੁਆਰਾ ਸਾਹਿਬ ਨਾਲ ਇਸ ਤਰ੍ਹਾਂ ਦੀ ਧੱਕੇਸ਼ਾਹੀ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿਚ ਗੁਰਦੁਆਰਾ ਸਾਹਿਬਾਨ ਸੰਗਤ ਦੀ ਆਸਥਾ ਅਤੇ ਵਿਸ਼ਵਾਸ ਦਾ ਕੇਂਦਰ ਹਨ। ਪ੍ਰਸ਼ਾਸਕੀ ਕਾਰਵਾਈ ਦੇ ਨਾਂ ’ਤੇ ਗੁਰਦੁਆਰਾ ਸਾਹਿਬ ਦੀ ਜਗ?ਹਾ ’ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ’ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਧੱਕੇਸ਼ਾਹੀ ਵਾਲੀ ਕਾਰਵਾਈ ਤੋਂ ਤੁਰੰਤ ਪਿੱਛੇ ਹਟੇ। ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇ ਕੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਆਦਰ ਕੀਤਾ ਜਾਵੇ ਅਤੇ ਗੁਰਦੁਆਰਾ ਸਾਹਿਬ ਬਰਮਬਾਲਾ ਨਾਲ ਸਬੰਧਤ ਜਗ?ਹਾ ’ਤੇ ਕਬਜ਼ਾ ਦੀ ਨੀਅਤ ਨਾਲ ਕੀਤੀ ਜਾ ਰਹੀ ਕਾਰਵਾਈ ਨੂੰ ਮੁਕੰਮਲ ਤੌਰ ’ਤੇ ਰੋਕਣ ਦਾ ਸਥਾਨਕ ਸੂਬੇ ਦੀ ਸਰਕਾਰ ਨੂੰ ਆਦੇਸ਼ ਕਰੇ। ਉਨ੍ਹਾਂ ਸਥਾਨਕ ਸੰਗਤਾਂ ਨੂੰ ਇਸ ਮਾਮਲੇ ਵਿਚ ਸ਼?ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਦੀ ਵਚਨਬਧਤਾ ਪ੍ਰਗਟਾਉਂਦਿਆਂ ਕਿਹਾ ਕਿ ਕਿਸੇ ਵੀ ਧੱਕੇਸ਼ਾਹੀ ਵਿਰੁੱਧ ਸਿੱਖ ਸੰਸਥਾ ਪੂਰੇ ਵਿਸ਼ਵ ਦੀਆਂ ਸੰਗਤਾਂ ਨਾਲ ਖੜ੍ਹੀ ਹੈ ਅਤੇ ਖੜ੍ਹੀ ਰਹੇਗੀ।

# ਸ਼ਰੇਆਮ ਗੈਂਗਸਟਰ ਦੇ ਰਹੇ ਧਮਕੀਆਂ ਤੇ ਲੈ ਰਹੇ ਫਿਰੌਤੀਆਂ : ਸੁਖਜਿੰਦਰ ਰੰਧਾਵਾ

**ਏਜੰਸੀਆਂ**

ਬਟਾਲਾ 22 ਮਾਰਚ। ‘ਆਪ’ ਸਰਕਾਰ ਦੇ ਕਾਰਜਕਾਲ ਦੌਰਾਨ ਸੂਬੇ ਵਿਚ ਜੰਗਲ ਰਾਜ ਚੱਲ ਰਿਹਾ ਹੈ, ਜਿਸ ’ਤੇ ਚਲਦਿਆਂ ਸ਼ਰੇਆਮ ਹੀ ਗੈਂਗਸਟਰਾਂ ਦੀਆਂ ਧਮਕੀਆਂ ਹਰ ਵਰਗ



ਦੇ ਲੋਕਾਂ ਨੂੰ ਆ ਰਹੀਆਂ ਹਨ ਅਤੇ ਨਾਲ ਹੀ ਫਿਰੌਤੀਆਂ ਵੀ ਲਈਆਂ ਜਾ ਰਹੀਆਂ ਹਨ, ਜਿਸ ਕਰਕੇ ਪੰਜਾਬ ਦੇ ਲੋਕ ਆਪਣੇ-ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ ਨੇ ਬਟਾਲਾ ਵਿਖੇ ਗੱਲਬਾਤ ਕਰਦਿਆਂ ਕੀਤਾ। ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ ਵਿਧਾਨ ਸਭਾ ਹਲਕਾ ਬਟਾਲਾ ਤੋਂ ਕਾਂਗਰਸ ਪਾਰਟੀ ਦੇ ਨੌਜਵਾਨ ਨੁਮਾਇੰਦੇ ਐਡਵੋਕੇਟ ਅਮਨਦੀਪ ਜੈਂਤੀਪੁਰ ਨਾਲ ਬਟਾਲਾ ਵਿਖੇ ਯੂ.ਪੀ.ਐੱਸ.ਸੀ ਦੀ ਪ੍ਰੀਖਿਆ ਪਾਸ ਕਰਨ ਵਾਲੇ ਅਸੀਮ ਮਹਾਜਨ ਦੇ ਗ੍ਰਿਹ ਵਿਖੇ ਉਨ੍ਹਾਂ ਨੂੰ ਸਨਮਾਨਿਤ ਕਰਨ ਦੇ ਲਈ ਪਹੁੰਚੇ ਸਨ। ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਆਪ ਸਰਕਾਰ ਹਰ ਫਰੰਟ ਤੇ ਬੁਰੀ ਤਰ੍ਹਾਂ ਦੇ ਨਾਲ ਫੇਲ ਸਾਬਿਤ ਹੋ ਚੁੱਕੀ ਹੈ, ਕਿਉਂਕਿ ਗੈਂਗਸਟਰਵਾਦ ਸੂਬੇ ਵਿੱਚ ਬਹੁਤ ਜ਼ਿਆਦਾ ਭਾਰੀ ਹੁੰਦਾ ਦਿਖਾਈ ਦੇ ਰਿਹਾ ਹੈ, ਜਿਸ ਕਰ ਕੇ ਲੋਕਾਂ ਦੇ ਮਨਾਂ ਅੰਦਰ ਡਰ ਅਤੇ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ। ਇਸ ਮੌਕੇ ਸਾਂਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਦੇ ਪੁੱਤਰ ਉਦੇਵੀਰ ਸਿੰਘ ਰੰਧਾਵਾ, ਕੌਂਸਲਰ ਸੁਖਦੇਵ ਸਿੰਘ ਬਾਜਵਾ, ਕੌਂਸਲਰ ਹਰਿੰਦਰ ਸਿੰਘ, ਕੌਂਸਲਰ ਅਨਿਲ ਕੁਮਾਰ ਬੱਬੀ ਸੇਖੜੀ, ਯੂਥ ਆਗੂ ਰੂਬਲ ਸ਼ੇਰ-ਏ-ਪੰਜਾਬ ਤੇ ਹੋਰ ਵੀ ਨੌਜਵਾਨ ਹਾਜ਼ਰ ਸਨ।

# ਸਰਕਿਟ ਹਾਊਸ ਨੂੰ ਤਾਲੇ ਲਗਾਉਣ ’ਤੇ ਭੜਕੇ ਜਾਖੜ ! ਕਿਹਾ- ਕੇਜਰੀਵਾਲ ਸਾਬਹ ਜਲਦ ’ਸ਼ੀਸ਼ ਮਹਿਲ’ ਨੂੰ ਵੀ ਲੱਗਣਗੇ ਤਾਲੇ

**ਕੌਮੀ ਪਤ੍ਰਿਕਾ**

ਜਲੰਧਰ 22 ਮਾਰਚ। ਭਾਰਤੀ ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਜਲੰਧਰ ਵਿਖੇ ਇਕ ਪ੍ਰੈੱਸ ਕਾਨਫ਼ਰੰਸ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਤਿੱਖੇ ਹਮਲੇ ਕੀਤੇ ਹਨ। ਜਾਖੜ ਨੇ ਸਰਕਾਰ ਨੂੰ ’ਨਕਲੀ ਇਨਕਲਾਬੀ’ ਕਰਾਰ ਦਿੰਦਿਆਂ ਦੋਸ਼ ਲਾਇਆ ਕਿ ਇਹ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਨਾਮ ਬਦਨਾਮ ਕਰ ਰਹੀ ਹੈ ਅਤੇ ਲੋਕਤੰਤਰ ਦੀਆਂ ਜੜ੍ਹਾਂ ਵੱਢ ਰਹੀ ਹੈ। ਜਾਖੜ ਸੁਨੀਲ ਜਾਖੜ ਨੇ ਦੱਸਿਆ ਕਿ ਸਰਕਾਰ ਨੇ ਆਪਣੀ ਨੀਅਤ ਦਾ ਪ੍ਰਗਟਾਵਾ ਕਰਦਿਆਂ ਸਰਕਿਟ ਹਾਊਸ ਨੂੰ ਤਾਲੇ ਲਗਾ ਦਿੱਤੇ ਤਾਂ ਜੋ ਭਾਜਪਾ ਆਗੂ ਉੱਥੇ ਮੀਟਿੰਗ ਨਾ ਕਰ ਸਕਣ। ਉਨ੍ਹਾਂ ਅਰਵਿੰਦ ਕੇਜਰੀਵਾਲ ’ਤੇ ਨਿਸ਼ਾਨਾ ਸਾਧਦੇ ਕਿਹਾ ਕਿ ਅੱਜ ਸਰਕਿਟ ਹਾਊਸ ਨੂੰ ਤਾਲੇ ਲੱਗੇ ਹਨ ਪਰ ਜਲਦੀ ਹੀ ਤੁਹਾਡੇ ’ਸ਼ੀਸ਼ ਮਹਿਲ’ ਨੂੰ ਵੀ ਤਾਲੇ ਲੱਗਣ ਵਾਲੇ ਹਨ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਸ਼ੀਸ਼ੇ ਦੇ ਘਰਾਂ ’ਚ ਰਹਿੰਦੇ ਹਨ, ਉਨ੍ਹਾਂ ਨੂੰ ਦੂਜਿਆਂ ’ਤੇ ਪੱਥਰ ਨਹੀਂ ਮਾਰਨੇ ਚਾਹੀਦੇ। ਸੁਨੀਲ ਜਾਖੜ ਨੇ ਸਰਕਾਰ ’ਤੇ ਮੀਡੀਆ ਦੀ ਆਵਾਜ਼ ਦਬਾਉਣ ਦਾ ਗੰਭੀਰ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਸਰਕਾਰ ਪੱਤਰਕਾਰਾਂ ਅਤੇ ਮੀਡੀਆ ਹਾਊਸਾਂ ਨੂੰ ਨਿਸ਼ਾਨਾ ਬਣਾ ਰਹੀ ਹੈ, ਜੋਕਿ ਲੋਕਤੰਤਰ ਦੇ ਚੌਥੇ ਥੰਮ?ਹ ’ਤੇ ਹਮਲਾ



ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਭਾਜਪਾ ਆਗੂ ਕਿਸੇ ਘੁਟਾਲੇ ਕਰਕੇ ਨਹੀਂ ਸਗੋਂ ’ਰਾਈਟ ਟੂ ਵੋਇਸ’ (ਬੋਲਣ ਦੇ ਅਧਿਕਾਰ) ਅਤੇ ਲੋਕਤੰਤਰ ਨੂੰ ਬਚਾਉਣ ਲਈ ਡਟੇ ਹੋਏ ਹਨ। ਕੇਂਦਰੀ ਫੰਡਾਂ ਦੇ ਮੁੱਦੇ ’ਤੇ ਬੋਲਦਿਆਂ ਸੁਨੀਲ ਜਾਖੜ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਝੂਠ ਬੋਲਣ ਦਾ ਦੋਸ਼ੀ ਠਹਿਰਾਇਆ। ਉਨ੍ਹਾਂ ਦਾਅਵਾ ਕੀਤਾ ਕਿ ਇਕ ਪਾਸੇ ਸਰਕਾਰ ਕਹਿੰਦੀ ਹੈ ਕਿ ਕੇਂਦਰ ਪੈਸੇ ਨਹੀਂ ਦੇ ਰਿਹਾ ਪਰ ਦੂਜੇ ਪਾਸੇ ਮੁੱਖ ਮੰਤਰੀ ਖ਼ੁਦ 13 ਹਜ਼ਾਰ ਕਰੋੜ ਰੁਪਏ ਮਿਲਣ ਦੀ ਗੱਲ ਸਵੀਕਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਕਾਂਗਰਸ ਮਿਲ ਕੇ ਪੰਜਾਬ ਦਾ ਬੇੜਾ ਗਰਕ ਕਰ ਰਹੀਆਂ ਹਨ। ਸੁਨੀਲ ਜਾਖੜ ਨੇ ਪੰਜਾਬ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਵੀ ਚਿਤਾਵਨੀ ਦਿੱਤੀ ਕਿ ਉਹ ਕਿਸੇ ਸਿਆਸੀ ਦਬਾਅ ਹੇਠ ਨਾ ਆਉਣ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਦੀ ਵਫ਼ਾਦਾਰੀ ਸੰਵਿਧਾਨ ਪ੍ਰਤੀ ਹੋਣੀ ਚਾਹੀਦੀ ਹੈ ਕਿਉਂਕਿ ਸਰਕਾਰਾਂ ਆਉਂਦੀਆਂ-ਜਾਂਦੀਆਂ ਰਹਿੰਦੀਆਂ ਹਨ ਪਰ ਪੰਜਾਬ ਨੇ ਇਥੇ ਹੀ ਰਹਿਣਾ ਹੈ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਆਗੂ ਮਨੋਰੰਜਨ ਕਾਲੀਆ, ਰਾਕੇਸ਼ ਰਠੌਰ, ਕੇ. ਡੀ. ਭੰਡਾਰੀ, ਸ਼ੀਤਲ ਅੰਗੂਰਾਲ ਅਤੇ ਹੋਰ ਸੀਨੀਅਰ ਭਾਜਪਾ ਆਗੂ ਮੌਜੂਦ ਸਨ।

### ਸਵੇਰੇ-ਸਵੇਰੇ ਖੇਤਾਂ ਨੂੰ ਪਾਣੀ ਲਾਉਣ ਗਿਆ ਕਿਸਾਨ, ਕੰਮ ਕਰਦੇ ਨਾਲ ਵਾਪਰ ਗਈ ਅਣਹੋਣੀ

ਸ਼ੇਰਪੁਰ 22 ਮਾਰਚ। ਸਥਾਨਕ ਕਸਬੇ ਦੇ ਇਕ ਕਿਸਾਨ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਮ੍ਰਿਤਕ ਕਿਸਾਨ ਦੇ ਭਰਾ ਸੌਦਾਗਰ ਸਿੰਘ ਵਾਸੀ ਨੇੜੇ ਸੰਤ ਲੌਂਗੋਵਾਲ ਸਕੂਲ ਰੋਡ, ਸ਼ੇਰਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਜੰਟ ਸਿੰਘ ਪੁੱਤਰ ਮੇਹਰ ਸਿੰਘ ਉਮਰ ਕਰੀਬ 60 ਸਾਲ ਸਵੇਰੇ ਤਕਰੀਬਨ 7 ਵਜੇ ਘਰੋਂ ਖੇਤਾਂ ਨੂੰ ਪਾਣੀ ਲਾਉਣ ਲਈ ਗਿਆ ਸੀ। ਪਾਣੀ ਵਾਲੀ ਮੋਟਰ ਨੇੜੇ ਲੱਗੇ ਟਰਾਂਸਫਾਰਮਰ ਵਿਚ ਕਰੰਟ ਆਉਂਣ ਕਰਕੇ ਉਸ ਦਾ ਖੱਬਾ ਹੱਥ ਟਰਾਂਸਫਾਰਮ ਨੂੰ ਲੱਗੀ ਅਰਥ ਵਾਲੀ ਤਾਰ ਨਾਲ ਲੱਗ ਗਿਆ ਤੇ ਉਹ ਕਰੰਟ ਦੀ ਲਪੇਟ ਵਿਚ ਆ ਗਿਆ। ਸੌਦਾਗਰ ਸਿੰਘ ਨੇ ਅੱਗੇ ਦੱਸਿਆ ਕਿ ਉਸ ਦੀ ਘਰਵਾਲੀ ਗੋਹਾ ਕੂੜਾ ਸੁੱਟ ਰਹੀ ਸੀ ਤਾਂ ਉਸ ਨੇ ਵੇਖਦਿਆਂ ਹੀ ਰੌਲਾ ਪਾਂ ਦਿੱਤਾ ਅਤੇ ਲੱਕੜ ਨਾਲ ਹੱਥ ਨੂੰ ਹਟਾਇਅ ਗਿਆ। ਤੁਰੰਤ ਹੀ ਆਂਢ-ਗੁਆਂਢ ਇਕੱਠਾ ਹੋ ਗਿਆ ਅਤੇ ਗੁਰਜੰਟ ਸਿੰਘ ਨੂੰ ਗੱਡੀ ਰਾਹੀਂ ਸਿਵਲ ਹਸਪਤਾਲ ਧੂਰੀ ਇਲਾਜ ਲਈ ਲਿਜਾਇਆ ਗਿਆ